ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 25 ਦਸੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੧ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਸ਼ਹੀਦੀ ਹਫ਼ਤਾ (25 ਦਸੰਬਰ)

ਸਿੱਖ ਧਰਮ ਵਿੱਚ 21 ਦਸੰਬਰ ਤੋਂ ਲੈ ਕੇ ਅਗਲਾ ਇੱਕ ਹਫ਼ਤਾ ਸ਼ਹੀਦੀ ਹਫ਼ਤੇ ਦੇ ਤੌਰ ’ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ ’ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ ’ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰਾ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਰੋਜ਼ਾਨਾ ਦੱਸ ਰਹੇ ਹਾਂ।



ਜਦੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ।

ਆਵਾਜ਼ਿ ਕੌਮ
AWAZE QAUM
International Newspaper & WEB TV




## ਮਸ਼ਹੂਰ ਗਾਇਕ ਦੇ ਘਰ ਨੂੰ ਲੱਗੀ ਭਿਆਨਕ ਅੱਗ

**ਮੁੰਬਈ, 24 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਬਾਲੀਵੁੱਡ ਗਾਇਕ ਦੇ ਘਰੋਂ ਬੁਰੀ ਖਬਰ ਸਾਹਮਣੇ ਆ ਰਹੀ ਹੈ। ਦੱਸ ਦੇਈਏ ਕਿ ਮਸ਼ਹੂਰ ਸਿੰਗਰ ਸ਼ਾਨ ਦੀ ਮੁੰਬਈ ਦੀ ਇਮਾਰਤ ‘ਚ ਅੱਜ ਤੜਕੇ 2 ਵਜੇ ਅੱਗ ਲੱਗ ਗਈ। ਗਾਇਕ ਦੀ ਇਮਾਰਤ ‘ਚੋਂ ਅਚਾਨਕ ਧੂੰਆਂ ਨਿਕਲਣ ਲੱਗਾ, ਜਿਸ ਤੋਂ ਬਾਅਦ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਤੁਰੰਤ ਮੌਕੇ ‘ਤੇ ਪਹੁੰਚ ਗਈਆਂ। ਹੁਣ ਤੱਕ ਪ੍ਰਾਪਤ ਜਾਣਕਾਰੀ ਅਨੁਸਾਰ ਇਸ ਘਟਨਾ ਵਿੱਚ ਕੋਈ ਵੀ ਜ਼ਖਮੀ ਨਹੀਂ ਹੋਇਆ ਹੈ। ਸ਼ਾਨ ਦੀ ਬਿਲਡਿੰਗ ’ਚ ਅੱਗ ਲੱਗਣ ਦੀ ਵੀਡੀਓ ਸੋਸ਼ਲ ਮੀਡੀਆ ’ਤੇ ਸਾਹਮਣੇ ਆਈ ਹੈ। ਦੇਖਿਆ ਜਾ ਰਿਹਾ ਹੈ ਕਿ ਇਮਾਰਤ ਨੂੰ ਅੱਗ ਲੱਗੀ ਹੋਈ ਹੈ ਅਤੇ ਉੱਥੋਂ ਧੂੰਆਂ ਨਿਕਲ ਰਿਹਾ ਹੈ। ਕਈ ਫਾਇਰ ਇੰਜਣ ਇਮਾਰਤ ਦੇ ਹੇਠਾਂ ਖੜ੍ਹੇ ਹਨ, ਅਤੇ ਉਹ ਅੱਗ ’ਤੇ ਕਾਬੂ ਪਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਇਸ ਹਾਦਸੇ ਦੇ ਅਸਲ ਕਾਰਨਾਂ ਦਾ ਅਜੇ ਤੱਕ ਖੁਲਾਸਾ ਨਹੀਂ ਹੋਇਆ ਹੈ ਪਰ ਕਿਹਾ ਜਾ ਰਿਹਾ ਹੈ ਕਿ ਅੱਗ ਸ਼ਾਰਟ ਸਰਕਟ ਕਾਰਨ ਲੱਗੀ ਹੈ। ਮੁੰਬਈ ਦੇ ਬਾਂਦਰਾ ਇਲਾਕੇ ਵਿੱਚ ਦੇਰ ਰਾਤ ਇੱਕ 15 ਮੰਜ਼ਿਲਾ ਇਮਾਰਤ ਵਿੱਚ ਭਿਆਨਕ ਅੱਗ ਲੱਗ ਗਈ। ਅਧਿਕਾਰੀਆਂ ਨੇ ਦੱਸਿਆ ਕਿ ਫਾਇਰ ਬ੍ਰਿਗੇਡ ਨੇ ਇਸ ’ਤੇ ਕਾਬੂ ਪਾ ਲਿਆ ਹੈ ਅਤੇ ਇਮਾਰਤ ’ਚੋਂ 14 ਲੋਕਾਂ ਨੂੰ ਬਚਾਇਆ ਗਿਆ ਹੈ। ਇਸ ਘਟਨਾ ਵਿੱਚ ਇੱਕ 80 ਸਾਲਾ ਔਰਤ ਜ਼ਖ਼ਮੀ ਹੋ ਗਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਉਹ ਪਰਯਾਨੀ ਇਮਾਰਤ ਦੀ ਅੱਠਵੀਂ ਮੰਜ਼ਿਲ ’ਤੇ ਬੇਹੋਸ਼ ਪਾਈ ਗਈ ਸੀ। ਉਸ ਦਾ ਭਾਭਾ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ ਅਤੇ ਉਸ ਦੀ ਹਾਲਤ ਸਥਿਰ ਹੈ। ਉਨ੍ਹਾਂ ਦੱਸਿਆ ਕਿ ਇਸ ਇਮਾਰਤ ਵਿੱਚ ਮਸ਼ਹੂਰ ਗਾਇਕ ਸ਼ਾਨ ਵੀ ਰਹਿੰਦਾ ਹੈ।

### ਹਰਸਿਮਰਤ ਬਾਦਲ ਨੇ ਅਮਿਤ ਸ਼ਾਹ ਨੂੰ ਲਿਖੀ ਚਿੱਠੀ

# ਸੁਖਬੀਰ ’ਤੇ ਹੋਏ ਹਮਲੇ ਦੀ ਜਾਂਚ ਕਰਾਵੇ ਕੇਂਦਰ

**ਚੰਡੀਗੜ੍ਹ, 24 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਤੋਂ ਸੰਸਦ ਮੈਂਬਰ ਅਤੇ ਬਾਦਲ ਪਰਿਵਾਰ ਦੀ ਨੂੰਹ ਹਰਸਿਮਰਤ ਕੌਰ ਨੇ ਆਪਣੇ ਪਤੀ ਸੁਖਬੀਰ ਬਾਦਲ ’ਤੇ ਹੋਏ ਹਮਲੇ ਨੂੰ ਲੈ ਕੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਚਿੱਠੀ ਲਿਖੀ ਹੈ। ਉਨ੍ਹਾਂ ਇਸ ਮਾਮਲੇ ਦੀ ਉੱਚ ਪੱਧਰੀ ਕਮੇਟੀ ਤੋਂ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਇੰਨਾ ਹੀ ਨਹੀਂ ਸੁਖਬੀਰ ਸਿੰਘ ਬਾਦਲ ਨੇ ਆਪਣੀ ਜਾਨ ਬਚਾਉਣ ਵਾਲੇ ਏਐੱਸਆਈ ਜਸਬੀਰ ਸਿੰਘ ਅਤੇ ਏਐੱਸਆਈ ਹੀਰਾ ਸਿੰਘ ਲਈ ਰਾਸ਼ਟਰਪਤੀ ਪੁਲਿਸ ਮੈਡਲ ਦੀ ਵੀ ਮੰਗ ਕੀਤੀ ਹੈ। ਸ਼੍ਰੋਮਣੀ ਅਕਾਲੀ ਦਲ ਵੱਲੋਂ ਸਾਂਝੀ ਕੀਤੀ ਜਾਣਕਾਰੀ ਅਨੁਸਾਰ ਪਾਰਟੀ ਨੇ ਸੁਖਬੀਰ ਸਿੰਘ ਬਾਦਲ ਦੀ ਸਿਫ਼ਾਰਸ਼ ਦਾ ਸਮਰਥਨ ਕੀਤਾ ਹੈ। ਇਸ ਸਿਫ਼ਾਰਸ਼ ਵਿੱਚ ਸੁਖਬੀਰ ਬਾਦਲ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਏਐੱਸਆਈ ਜਸਬੀਰ ਸਿੰਘ ਅਤੇ ਏਐੱਸਆਈ ਹੀਰਾ ਸਿੰਘ ਨੂੰ ਰਾਸ਼ਟਰਪਤੀ ਪੁਲਿਸ ਮੈਡਲ ਨਾਲ ਸਨਮਾਨਿਤ ਕਰਨ ਦੀ ਬੇਨਤੀ ਕੀਤੀ ਹੈ। ਇਹ ਬੇਨਤੀ 4 ਦਸੰਬਰ ਨੂੰ ਹਰਿਮੰਦਰ ਸਾਹਿਬ ਅੰਮ੍ਰਿਤਸਰ ਵਿਖੇ ਵਾਪਰੀ ਉਸ ਘਟਨਾ ਦੇ ਸਬੰਧ ਵਿੱਚ ਕੀਤੀ ਗਈ ਹੈ, ਜਦੋਂ ਸੁਖਬੀਰ ਸਿੰਘ ਬਾਦਲ ਸੇਵਾਦਾਰ ਵਜੋਂ ਆਪਣੀ ਸਜ਼ਾ ਪੂਰੀ ਕਰ ਰਹੇ ਸਨ। ਇਸੇ ਤਰ੍ਹਾਂ ਸ਼੍ਰੋਮਣੀ ਅਕਾਲੀ ਦਲ ਦੀ ਬਠਿੰਡਾ ਤੋਂ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਵੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਇਸ ਸ਼ਰਮਨਾਕ ਘਟਨਾ ਦੀ ਉੱਚ ਪੱਧਰੀ ਨਿਆਂਇਕ ਜਾਂਚ ਦੀ ਮੰਗ ਕੀਤੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਪੰਜਾਬ ਪੁਲਿਸ ਦੀ ਜਾਂਚ ਵਿੱਚ ਕਈ ਖਾਮੀਆਂ ਹਨ। ਇੰਨਾ ਹੀ ਨਹੀਂ ਪੰਜਾਬ ਪੁਲਿਸ ਦੀ ਸ਼ਮੂਲੀਅਤ ਵੀ ਸ਼ੱਕ ਦੇ ਘੇਰੇ ਵਿਚ ਹੈ। ਜੇਕਰ ਇਹ ਘਟਨਾ ਉਸ ਦਿਨ ਵਾਪਰ ਜਾਂਦੀ ਤਾਂ ਪੰਜਾਬ ਦਾ ਮਾਹੌਲ ਖ਼ਰਾਬ ਹੋ ਸਕਦਾ ਸੀ। ਪੰਜਾਬ ਅਕਾਲੀ ਦਲ ਦੇ ਆਗੂ ਬਿਕਰਮ ਮਜੀਠੀਆ ਪਹਿਲਾਂ ਹੀ ਪ੍ਰੈੱਸ ਕਾਨਫਰੰਸ ਕਰਕੇ ਪੰਜਾਬ ਪੁਲਿਸ ਦੀ ਐਫਆਈਆਰ ਅਤੇ ਜਾਂਚ ’ਤੇ ਸਵਾਲ ਉਠਾ ਚੁੱਕੇ ਹਨ। ਬਿਕਰਮ ਮਜੀਠੀਆ ਨੇ ਮੀਡੀਆ ਸਾਹਮਣੇ ਕਈ ਵੀਡੀਓਜ਼ ਪੇਸ਼ ਕੀਤੀਆਂ। ਜਿਸ ਵਿੱਚ ਉਨ੍ਹਾਂ ਦੋਸ਼ ਲਾਇਆ ਹੈ ਕਿ ਨਰਾਇਣ ਸਿੰਘ ਚੌੜਾ ਇਕੱਲਾ ਨਹੀਂ ਸੀ। ਉਸ ਦੇ ਨਾਲ ਦੇਖਿਆ ਗਿਆ ਇਕ ਹੋਰ ਵਿਅਕਤੀ ਬਾਬਾ ਧਰਮਾ ਸੀ, ਜੋ ਖੁਦ ਅੱਤਵਾਦੀ ਗਤੀਵਿਧੀਆਂ ਵਿਚ ਸ਼ਾਮਲ ਸੀ।



## ਹੁਣ 30 ਦਸੰਬਰ ਨੂੰ ਹੋਵੇਗੀ ਅੰਤ੍ਰਿੰਗ ਕਮੇਟੀ ਦੀ ਹੰਗਾਮੀ ਮੀਟਿੰਗ, ਲਿਆ ਜਾ ਸਕਦਾ ਵੱਡਾ ਫੈਸਲਾ

**ਅੰਮ੍ਰਿਤਸਰ, 24 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 30 ਦਸੰਬਰ ਨੂੰ ਅੰਤ੍ਰਿੰਗ ਕਮੇਟੀ ਦੀ ਹੰਗਾਮੀ ਮੀਟਿੰਗ ਸੱਦੀ ਗਈ ਹੈ। ਜਾਣਕਾਰੀ ਮੁਤਾਬਕ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਦੀ ਨਰਾਜ਼ਗੀ ਦੀਆਂ ਖ਼ਬਰਾਂ ਵਿਚਾਲੇ ਐਮਰਜੈਂਸੀ ਮੀਟਿੰਗ ਸੱਦੀ ਗਈ ਹੈ। ਹਾਲਾਂਕਿ ਇਸ ਤੋਂ ਪਹਿਲਾਂ 23 ਦਸੰਬਰ ਨੂੰ ਮੀਟਿੰਗ ਰੱਖੀ ਗਈ ਸੀ, ਜਿਸ ਨੂੰ ਰੱਦ ਕਰ ਦਿੱਤਾ ਗਿਆ। ਦੱਸ ਦੇਈਏ ਪਹਿਲੀ ਮੀਟਿੰਗ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਰੁਝੇਵਿਆਂ ਦਾ ਹਵਾਲਾ ਦੇ ਕੇ ਰੱਦ ਕੀਤੀ ਗਈ ਸੀ, ਜਿਸ ਤੋਂ ਬਾਅਦ ਹੁਣ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 30 ਦਸੰਬਰ ਨੂੰ ਅੰਤ੍ਰਿੰਗ ਕਮੇਟੀ ਦੀ ਹੰਗਾਮੀ ਮੀਟਿੰਗ ਸੱਦੀ ਗਈ ਹੈ। ਹੁਣ ਦੇਖਣਾ ਇਹ ਹੋਵੇਗਾ ਕਿ ਬੀਤੇ ਦਿਨੀਂ ਜੋ ਅੰਤ੍ਰਿੰਗ ਕਮੇਟੀ ਦੀ ਮੀਟਿੰਗ ’ਚ ਜੋ ਫੈਸਲੇ ਲਏ ਗਏ ਸਨ ਕਿ ਉਹ ਹੁਣ ਉਸੇ ਤਰ੍ਹਾਂ ਹੀ ਰਹਿਣਗੇ ਜਾਂ ਫਿਰ ਉਨ੍ਹਾਂ ਫੈਸਲਿਆਂ ’ਚ ਬਦਲਾਅ ਕੀਤਾ ਜਾਵੇਗਾ। ਸੂਤਰਾਂ ਅਨੁਸਾਰ ਅੰਤ੍ਰਿਗ ਕਮੇਟੀ ’ਚ ਕੋਈ ਹੋਰ ਵੱਡਾ ਫੈਸਲਾ ਵੀ ਲਿਆ ਜਾ ਸਕਦਾ ਹੈ।



ਜ਼ਿਕਰਯੋਗ ਹੈ ਕਿ ਇਸ ਤੋਂ ਪਿਛਲੀ ਮੀਟਿੰਗ ਵਿਚ ਗਿਆਨੀ ਹਰਪ੍ਰੀਤ ਸਿੰਘ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਦਾ ਚਾਰਜ ਵਾਪਸ ਲੈ ਲਿਆ ਗਿਆ ਸੀ। ਉਨ੍ਹਾਂ ’ਤੇ ਰਿਸ਼ਤੇਦਾਰ ਵੱਲੋਂ ਲਗਾਏ ਗਏ ਦੋਸ਼ਾਂ ਦੀ ਜਾਂਚ ਲਈ 3 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਸੀ ਤੇ ਕਮੇਟੀ ਨੂੰ 15 ਦਿਨਾਂ ਦੇ ਅੰਦਰ ਰਿਪੋਰਟ ਸੌਂਪਣ ਲਈ ਕਿਹਾ ਗਿਆ ਸੀ। ਇਸ ਜਾਂਚ ਦੌਰਾਨ ਉਨ੍ਹਾਂ ਤੋਂ ਚਾਰਜ ਵਾਪਸ ਲੈ ਲਿਆ ਗਿਆ ਸੀ। ਇਸ ਮੀਟਿੰਗ ਵਿਚ ਵੀ ਕੋਈ ਵੱਡਾ ਫ਼ੈਸਲਾ ਲਏ ਜਾਣ ਦੀ ਚਰਚਾ ਸੀ, ਪਰ ਇਕ ਦਿਨ ਪਹਿਲਾਂ ਇਹ ਮੀਟਿੰਗ ਰੱਦ ਕਰ ਦਿੱਤੀ ਗਈ ਹੈ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਸ਼ਹੀਦੀ ਦਿਹਾੜਾ

ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

**ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ**

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੌਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**


ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਨਾਮ ਜਪੋ ਕਿਰਤ ਕਰੋ ਵੰਡ ਛੱਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ


ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਤੇਰੇ ਜਨ ਪਰਉਪਕਾਰੀ ਆਏ

## ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼ ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ

## 100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ

## 51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

**ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473**



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -

**ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ**

ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ



ੴ ਸ੍ਰੀ ਵਾਹਿਗੁਰੂ ਜੀ ਕੀ ਫਤਹਿ
ਜਨਮ ਮਰਣ ਦੁਹਹੂ ਮਹਿ ਨਾਹੀ ਜਨ ਪਰਉਪਕਾਰੀ ਆਏ॥ ਜੀਅ ਦਾਨੁ ਦੇ ਭਗਤੀ ਲਾਇਨਿ ਹਰਿ ਸਿਉ ਲੈਨਿ ਮਿਲਾਏ॥
ਬ੍ਰਹਮਗਿਆਨੀ ਬਾਬਾ ਠਾਕੁਰ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ
20 ਸਾਲਾ ਮਿੱਠੀ ਅਤੇ ਨਿੱਘੀ ਯਾਦ ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ
ਸੱਚਖੰਡ ਵਾਸੀ ਮਹਾਂਪੁਰਖ ਬਾਬਾ ਠਾਕੁਰ ਸਿੰਘ ਜੀ
ਗੁਰੂ ਅਰਜਨ ਦੇਵ ਗੁਰਦੁਆਰਾ ਡਰਬੀ ਵਿਖੇ ਬਹੁਤ ਸ਼ਰਧਾਂ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਜਿਸ ਵਿਚ ਪੰਥ ਦੇ ਮਹਾਨ ਸੰਤ ਮਹਾਂਪੁਰਖ, ਰਾਗੀ, ਕਥਾਵਾਚਕ ਅਤੇ ਢਾਡੀ - ਕਵੀਸ਼ਰ ਪਹੁੰਚ ਰਹੇ ਹਨ। ਸੰਗਤਾਂ ਦੇ ਚਰਨਾਂ ਵਿਚ ਬੇਨਤੀ ਹੈ ਕਿ ਸਮਾਗਮ ਵਿਚ ਤਿੰਨੇ ਦਿਨ ਹਾਜ਼ਰੀਆਂ ਭਰ ਕੇ ਗੁਰੂ ਜਸ ਸਰਵਣ ਕਰਕੇ ਆਪਣਾ ਜੀਵਨ ਸਫਲਾ ਕਰੋ ਜੀ।
ਆਰੰਭ ਸ੍ਰੀ ਅਖੰਡ ਪਾਠ ਸਾਹਿਬ 27 ਦਸੰਬਰ 2024 ਦਿਨ ਸ਼ੁਕਰਵਾਰ ਸਵੇਰੇ 9:30 ਵਜੇ, ਭੋਗ ਸ੍ਰੀ ਅਖੰਡ ਪਾਠ ਸਾਹਿਬ 29 ਦਸੰਬਰ 2024 ਦਿਨ ਐਤਵਾਰ ਸਵੇਰੇ 9:30 ਵਜੇ
ਨੋਟ:- 27 ਅਤੇ 28 ਦਸਬੰਰ ਰਾਤ ਨੂੰ ਭਾਰੀ ਦੀਵਾਨ ਸੱਜਣਗੇ। ਜਿਸ ਵਿਚ ਪੰਥ ਪ੍ਰਸਿੱਧ ਰਾਗੀ ਜੱਥੇ ਅਤੇ ਕਥਾਵਾਚਕ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਕਥਾ ਨਾਲ ਨਿਹਾਲ ਕਰਨਗੇ।
ਗੁਰੂ ਪੰਥ ਦੇ ਦਾਸ-ਦਮਦਮੀ ਟਕਸਾਲ ਦੇ ਵਿਦਿਆਰਥੀ ਅਤੇ ਸਮੂੰਹ ਸਾਧਸੰਗਤ ਡਰਬੀ
ਸਥਾਨ- ਗੁਰੂ ਅਰਜਨ ਦੇਵ ਗੁਰਦੁਆਰਾ ਡਰਬੀ DE23 6QJ-07916253241




ਗ੍ਰਾਮ ਪੰਚਾਇਤ ਢੰਡੋਵਾਲ ਵੱਲੋਂ ਸ਼ਹੀਦ ਬਾਬਾ ਸੁਖਚੇਤ ਸਿੰਘ ਜੀ ਦੇ ਸ਼ਹੀਦੀ ਅਸਥਾਨਾਂ 'ਤੇ
ਸਵ: ਸ. ਨਾਜਰ ਸਿੰਘ ਜੀ ਦੀ ਯਾਦ ਨੂੰ ਸਮਰਪਿਤ
58ਵਾਂ ਸਲਾਨਾ ਛਿੰਝ ਮੇਲਾ ਢੰਡੋਵਾਲ
14 ਜਨਵਰੀ 2025 ਮੰਗਲਵਾਰ
ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)
ਪਟਕੇ ਦੀ ਕੁਸ਼ਤੀ
ਭੁਪਿੰਦਰ ਅਜਨਾਲਾ (ਪੰਜਾਬ ਕੇਸਰੀ)
ਪ੍ਰਿਤਪਾਲ ਫਗਵਾੜਾ (ਭਾਰਤ ਕੇਸਰੀ)
ਇਸ ਤੋਂ ਇਲਾਵਾ ਸਹਿਬਾਜ਼ ਆਲਮਗੀਰ, ਗੌਰਵ ਅਜਨਾਲਾ, ਸੁਰਿੰਦਰ ਸ਼ਾਹਕੋਟ, ਸੂਜਲ ਫਗਵਾੜਾ, ਨੂਰ ਆਲਮਗੀਰ, ਮੁਕੇਸ਼ ਕੌਹਾਲੀ, ਅਜੇ ਪਾਲ ਖੰਨਾ, ਜੱਸਾ ਫਗਵਾੜਾ
ਨੋਟ: ਸਿਰਫ਼ ਸੱਦੇ ਹੋਏ ਅਖਾੜਿਆਂ ਦੇ ਪਹਿਲਵਾਨਾਂ ਦੀਆਂ ਹੀ ਕੁਸ਼ਤੀਆਂ ਹੋਣਗੀਆਂ।
ਵੱਲੋਂ: ਗ੍ਰਾਮ ਪੰਚਾਇਤ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ
ਸੰਪਰਕ: 98151-02950, 82840-32366, 97798-12352
ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।



ਸਿਰ ਜਾਵੇ ਤਾ ਜਾਵੇ ਸਾਡਾ ਸਿੱਖੀ ਸਿਦਕ ਨਾ ਜਾਵੇ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਆਪ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਸਤਿਕਾਰਯੋਗ ਮਾਤਾ ਗੁਜ਼ਰ ਕੌਰ ਜੀ ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ
ਸਫ਼ਰ-ਏ-ਸ਼ਹਾਦਤ
21 ਦਸੰਬਰ ਤੋਂ 29 ਦਸੰਬਰ 2024 ਤੱਕ
ਮਿਤੀ 21 ਦਸੰਬਰ 2024 ਸਮਾਂ: ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ ਪੁਰਾਣੀ ਅਨਾਜ ਮੰਡੀ ਕਾਲਾਂਵਾਲੀ ਸਿਰਸਾ
ਮਿਤੀ 22 ਦਸੰਬਰ 2024 ਸਮਾਂ: ਸਾਮ 6 ਤੋਂ 9 ਤੱਕ ਰਾਤ ਗੁਰਦੁਆਰਾ ਮੰਜੀ ਸਾਹਿਬ ਅੰਬਾਲਾ
ਮਿਤੀ 23 ਦਸੰਬਰ 2014 ਸਮਾਂ: ਸਵੇਰੇ 11 ਤੋਂ 3 ਵਜੇ ਤੱਕ ਗੁਰਦੁਆਰਾ ਨਿੰਮ ਸਾਹਿਬ ਕੈਂਥਲ
ਮਿਤੀ 24 ਦਸੰਬਰ 2014 ਸਮਾਂ: ਸ਼ਾਮ 6 ਤੋਂ 9 ਵਜੇ ਤੱਕ ਗੁਰਦੁਆਰਾ ਮੰਜੀ ਸਾਹਿਬ ਜੀਂਦ
ਮਿਤੀ 25 ਦਸੰਬਰ 2024 ਸਮਾਂ: ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ ਗੁਰਦੁਆਰਾ ਸੀਸ ਗੰਜ ਸਾਹਿਬ ਤਰਾਵੜੀ ਕਰਨਾਲ
ਮਿਤੀ 26 ਦਸੰਬਰ 2024 ਸਮਾਂ: ਸਵੇਰੇ 11 ਤੋਂ 3 ਵਜੇ ਤੱਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਕੁਰੂਕਸ਼ੇਤਰ
ਮਿਤੀ 27 ਦਸੰਬਰ 2024 ਸਮਾਂ: ਸਵੇਰੇ 11 ਤੋਂ 3 ਵਜੇ ਤੱਕ ਗੁਰਦੁਆਰਾ ਸਿੰਘ ਸਭਾ ਅਸੰਧ ਕਰਨਾਲ
ਮਿਤੀ 28 ਦਸੰਬਰ 2014 ਸਮਾਂ: ਸ਼ਾਮ 6 ਤੋਂ 9 ਵਜੇ ਤੱਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਡਾ ਸਾਹਿਬ ਪੰਚਕੂਲਾ
ਮਿਤੀ 29 ਦਸੰਬਰ 2024 ਸਮਾਂ: ਸਵੇਰੇ 11 ਤੋਂ 3 ਵਜੇ ਤੱਕ ਗੁਰਦੁਆਰਾ ਪੰਜੋਖੜਾ ਸਾਹਿਬ ਪਾਤਸ਼ਾਹੀ ਅੱਠਵੀਂ ਅੰਬਾਲਾ
LIVE US ON
Akaal
WORLD ਪੰਜਾਬੀ
CHARDIKLA TIME TV
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸਰਬੱਤ ਸੰਗਤਾਂ ਹੁੰਮ ਹੁਮਾ ਕੇ ਪੁੱਜੋ ਜੀ ਅਤੇ ਗੁਰਬਾਣੀ ਗੁਰਇਤਿਹਾਸ
ਸਰਵਣ ਕਰਕੇ ਆਪਣੀ ਵਿਰਾਸਤ ਨਾਲ ਜੁੜੋ ਜੀ
ਸੰਪਰਕ ਨੰ: 86995-42966, 93560-60960
ਬੇਨਤੀ ਕਰਤਾ - ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਅਹੁਦੇਦਾਰ, ਮੈਂਬਰ ਸਾਹਿਬਾਨ ਅਤੇ ਸਾਧਸੰਗਤ




ਸ੍ਰੀ ਅਕਾਲ ਜੀ ਸਹਾਇ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਮਾਤਾ ਗੁਜਰ ਕੌਰ ਜੀ,
ਚਾਰ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਸ਼ਹਾਦਤ ਨੂੰ ਮੁੱਖ ਰੱਖਦਿਆਂ
ਸ਼ਹੀਦੀ ਸਭਾ
24 ਅਤੇ 25 ਦਸੰਬਰ 2024 ਸਵੇਰੇ 9 ਵੱਜੇ ਤੋਂ
ਗੁ. ਸ੍ਰੀ ਮੰਜੀ ਸਾਹਿਬ (ਬਾਉਲੀ ਸਾਹਿਬ) ਅੰਬਾਲਾ ਸ਼ਹਿਰ
ਸਭਾ ਦੌਰਾਨ ਗੁਰੂ ਸਾਹਿਬ ਜੀ ਦੀ ਲਾਡਲੀਆਂ ਫੌਜ਼ਾ (ਬੱਚੇ ਅਤੇ ਬੱਚੀਆਂ) ਕਿਸੇ ਵੀ ਮੁਕਾਬਲੇ ਵਿੱਚ ਭਾਗ ਲੈ ਸਕਦੇ ਹਨ ਜੀ
24 ਦਸੰਬਰ
ਤੀਰ ਅੰਦਾਜ਼ੀ ਅਤੇ ਸ਼ੂਟਿੰਗ
ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਨੂੰ ਬੇਸਿਕ ਗਿਆਨ ਹੋਣਾ ਜ਼ਰੂਰੀ ਹੈ ਜੀ।
ਦਸਤਾਰ ਮੁਕਾਬਲਾ
ਦੁਮਾਲਾ ਮੁਕਾਬਲਾ
ਸਿੱਖ ਇਤਿਹਾਸਕ ਕਲਰਿੰਗ ਅਤੇ ਪੇਂਟਿੰਗ
(ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਕਾਰਡ ਬੋਰਡ ਅਤੇ ਕਲਰ ਨਾਲ ਲੈ ਕੇ ਆਉਣ ਜੀ)
ਕਵਿਤਾ
ਵਿਸ਼ਾ : ਸ਼ਹੀਦੀ ਇਤਿਹਾਸ ਸਬੰਧਿਤ 3 ਤੋਂ 5 ਮਿੰਟ
ਖੋ-ਖੋ
(ਇਸ ਮੁਕਾਬਲੇ ਵਿਚ ਕੇਵਲ ਸੱਦਾ ਦਿਤੀ ਗਈ ਟੀਮ ਹੀ ਭਾਗ ਲੈ ਸਕਦੀ ਹੈ।)
ਰੱਸੀ ਟੱਪਣਾ
(ਕੇਵਲ ਲੜਕੀਆਂ 1 4ਸਾ ਲ ਤੱਕ)
ਟਰਾਈ ਸਾਇਕਲ ਰੇਸ
ਇਸ ਰੇਸ ਵਿੱਚ 7 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਧਿਮੀ ਸਾਇਕਲ ਰੇਸ
ਇਸ ਰੇਸ ਵਿੱਚ 10 ਤੋਂ 13 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਰੱਸਾ ਖਿਚਣਾ
15 ਸਾਲ ਤੱਕ ਦੀ 8 ਮੈਂਬਰੀ ਟੀਮ
25 ਦਸੰਬਰ
ਗੁਰਬਾਣੀ ਕੰਠ
ਬਾਣੀ : ਸਲੋਕ ਮਹਲਾ ਨੌਵਾਂ ਅਤੇ ਸ਼ਬਦ (ਨੌਵੇਂ ਪਾਤਸ਼ਾਹ)
5 ਤੋਂ 8 ਸਾਲ ਪਹਿਲੇ 10 ਸ਼ਲੋਕ ਅਤੇ ਇਕ ਸ਼ਬਦ
9 ਤੋਂ 15 ਸਾਲ ਪਹਿਲੇ 25 ਸ਼ਲੋਕ ਅਤੇ ਦੋ ਸ਼ਬਦ
16 ਤੋਂ 25 ਸਾਲ 57 ਸ਼ਲੋਕ, ਚਾਰ ਸ਼ਬਦ ਅਤੇ ਤ੍ਵ ਪ੍ਰਸਾਦਿ ਸਵੱਯੇ
ਅਵਾਰਡ ਚੰਗੇਰੇ ਮਾਪੇ
ਗਤਕਾ ਪ੍ਰਦਰਸ਼ਨ
(ਵਿਅਕਤੀਗਤ : ਫਾਇਟ ਫਰੀ-ਸੋਟੀ, ਡਬਲ ਕਿਰਪਾਨ ਅਤੇ ਚੱਕਰ)
ਅੰਬਾਲਾ ਗਤਕਾ ਅਕੈਡਮੀ ਵਲੋਂ ਸ਼ਸਤ੍ਰ ਵਿਦਿਆ ਦਾ ਸਾਂਝਾ ਪ੍ਰਦਸ਼ਨ ਕਿਤਾ ਜਾਵੇਗਾ ਜੀ
ਸਿੱਖੀ ਸਰੂਪ ਮੇਰਾ ਅਸਲੀ ਰੂਪ
ਕਵੀਜ਼ ਮੁਕਾਬਲਾ
ਵਿਸ਼ਾ : ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦੇ ਅਤੇ ਸਮੂੰਹ ਸ਼ਹੀਦ ਸਿੰਘਾਂ ਦੇ ਜੀਵਨ ਸਬੰਧਿਤ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ 7988264621, 8929111683, 9812032041, 7988513083, 9466408747, 7404112798
ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਸੇਵਾ ਸੋਸਾਇਟੀ (ਰਜਿ.), ਅੰਬਾਲਾ ਸ਼ਹਿਰ
ਪ੍ਰਧਾਨ ਅਤੇ ਸਮੂਹ ਮੈਂਬਰਾਨ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਦਾਸਰੇ: ਮੈਨੇਜਰ
ਗੁ. ਮੰਜੀ (ਬਾਉਲੀ) ਸਾਹਿਬ, ਪਾ.੬ਵੀਂ, ੧੦ਵੀਂ
ਅੰਬਾਲਾ ਸ਼ਹਿਰ 0171-2446949




ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243





‘ਵੀਰ ਬਾਲ ਦਿਵਸ’

# ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਨਮਨ

**ਸਿੱਖ ਇਤਿਹਾਸ** ਦੀ ਸ਼ਹੀਦੀ ਪਰੰਪਰਾ ਮਾਨਵ ਕਲਿਆਣ ਮਾਡਲ, ਹੇ ਸ਼ਿਵਾ ਕਲਿਆਣਕਾਰੀ ਸ਼ਕਤੀ ਸ੍ਰੀ ਅਕਾਲ ਪੁਰਖ ਵਾਹਿਗੁਰੂ ! ਕਿਰਪਾ ਕਰਕੇ ਮੈਨੂੰ ਇਹ ਵਰ ਬਖ਼ਸ਼ ਕਿ ਮੈਂ ਸ਼ੁਭ ਕਰਮਾਂ ਤੋਂ ਕਦੀ ਵੀ ਪਿੱਛੇ ਨਾ ਹਟਾਂ ਅਤੇ ਜਦੋਂ ਮੈਂ ਰਣਭੂਮੀ ਵਿਚ ਜਾ ਕੇ ਵੈਰੀਆਂ ਨਾਲ ਜੁੱਧ ਕਰਾਂ ਤਾਂ ਮੈਂ ਉਨ੍ਹਾਂ ਤੋਂ ਜ਼ਰਾ ਨਾ ਡਰਾਂ ਅਤੇ ਨਿਸ਼ਚੇ ਪੂਰਵਕ ਆਪਣੀ ਜਿੱਤ ਪ੍ਰਾਪਤ ਕਰਾਂ। ਮੈਂ ਆਪਣੇ ਮਨ ਨੂੰ ਸ਼ੁਭ ਸਿੱਖਿਆ ਦੇਵਾਂ ਤੇ ਮੈਨੂੰ ਇਹੋ ਲਾਲਚ ਹੋਵੇ ਕਿ ਮੈਂ ਤੇਰੇ ਗੁਣਾਂ ਦਾ ਉਚਾਰਨ ਕਰਦਾ ਰਹਾਂ। ਜਦੋਂ ਮੇਰੀ ਉਮਰ ਦਾ ਅੰਤ ਸਮਾਂ ਆਵੇ ਤਦੋਂ ਮੈਂ ਰਣਭੂਮੀ ਵਿਚ ਲੜਦਾ ਲੜਦਾ ਹੀ ਮਰ ਜਾਵਾਂ ਭਾਵ ਧਰਮ ਦੀ ਖ਼ਾਤਰ ਸ਼ਹੀਦ ਹੋ ਜਾਵਾਂ, ’ਤੇ ਅਮਲ ਸਦਕਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਸਾਹਿਬਜ਼ਾਦਾ ਬਾਬਾ ਫ਼ਤਿਹ ਸਿੰਘ ਜੀ ਦੀਆਂ ਮਹਾਨ ਸ਼ਹਾਦਤਾਂ ਹਰ ਪੱਖੋਂ ਸੰਸਾਰ ਦੇ ਧਰਮ ਇਤਿਹਾਸ ’ਚ ਲਾਸਾਨੀ ਹਨ। ਜਦੋਂ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੇ ਫੜੇ ਜਾਣ ਦੀ ਖ਼ਬਰ ਮਿਲੀ ਤਾਂ ਸੂਬਾ ਸਰਹਿੰਦ ਵਜੀਦ ਖਾਂ ਬਹੁਤ ਖ਼ੁਸ਼ ਹੋਇਆ। ਉਹ ਮਨ ਅੰਦਰ ਬਹੁਤ ਖ਼ੁਸ਼ ਹੋ ਰਿਹਾ ਸੀ ਕਿ ਬੱਚਿਆ ਨੂੰ ਡਰਾ ਧਮਕਾ ਕੇ ਜਾਂ ਲਾਲਚ ਦੇ ਕੇ ਇਸਲਾਮ ਧਰਮ ਵਿੱਚ ਮਿਲਾ ਲਵਾਂਗਾ। ਇਹ ਖ਼ਬਰ ਸੁਣਕੇ ਔਰੰਗਜ਼ੇਬ ਬਹੁਤ ਖ਼ੁਸ਼ ਹੋਵੇਗਾ, ਮੈਨੂੰ ਮੂੰਹ ਮੰਗਿਆ ਇਨਾਮ ਮਿਲੇਗਾ । ਉਨ੍ਹਾਂ ਨੂੰ ਸਰਹਿੰਦ ਕਿਲ੍ਹੇ ਦੇ ਠੰਢੇ ਬੁਰਜ ਵਿੱਚ ਕੈਦ ਕੀਤਾ ਗਿਆ। ਛੋਟੇ ਸਾਹਿਬਜ਼ਾਦਿਆਂ ਨੂੰ ਸੂਬਾ ਸਰਹਿੰਦ ਦੀ ਕਚਹਿਰੀ ਵਿੱਚ ਪੇਸ਼ ਕੀਤਾ ਗਿਆ। ਸਾਹਿਬਜ਼ਾਦਿਆਂ ਨੂੰ ਇਸਲਾਮ ਕਬੂਲ ਕਰਨ ਲਈ ਲਾਲਚ ਦਿੱਤਾ, ਡਰਾਇਆ ਧਮਕਾਇਆ ਗਿਆ। ਪਰ ਸਾਹਿਬਜ਼ਾਦਿਆਂ ਨੇ ਆਪਣਾ ਧਰਮ ਛੱਡਣ ਤੋਂ ਦਲੇਰੀ ਨਾਲ ਇਨਕਾਰ ਕੀਤਾ। ਕਾਜ਼ੀ ਨੇ ਵੀ ਕਿਹਾ ਕਿ ਇਸਲਾਮ ਵਿੱਚ ਬੱਚਿਆਂ ਨੂੰ ਸਜ਼ਾ ਦੇਣ ਦੀ ਇਜਾਜ਼ਤ ਨਹੀਂ ਹੈ। ਹਾਕਮ ਨੇ ਕਿਹਾ, ’ਜੇਕਰ ਤੁਹਾਨੂੰ ਛੱਡ ਦਿੱਤਾ ਜਾਵੇ ਤਾਂ ਤੁਸੀਂ ਕੀ ਕਰੋਗੇ ? ਸਾਹਿਬਜ਼ਾਦਿਆਂ ਨੇ ਜਵਾਬ ਦਿੱਤਾ ਕਿ ’ਪਹਿਲੀ ਗੱਲ ਤਾਂ ਤੁਸੀਂ ਸਾਨੂੰ ਛੱਡਣਾ ਹੀ ਨਹੀਂ, ਪਰ ਫਿਰ ਵੀ ਜੇਕਰ ਤੁਸੀਂ ਸਾਨੂੰ ਛੱਡ ਦਿੰਦੇ ਹੋ ਤਾਂ ਅਸੀਂ ਫਿਰ ਸਿੰਘਾਂ ਨੂੰ ਇਕੱਠੇ ਕਰਾਂਗੇ ਅਤੇ ਅਖੀਰਲੇ ਦਮ ਤੱਕ ਜ਼ੁਲਮ ਤੇ ਜ਼ਾਲਮ ਦੇ ਖ਼ਿਲਾਫ਼ ਲੜਦੇ ਰਹਾਂਗੇ, ਸਿਲਸਿਲਾ ਚਲਦਾ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਅਖੀਰ ਸ਼ਾਂਤ ਤੇ ਆਪਣੇ ਫ਼ੈਸਲੇ ’ਤੇ ਅਟੱਲ ਸਾਹਿਬਜ਼ਾਦਿਆਂ ਨੂੰ ਜ਼ਿਬ੍ਹਾ ਕਰਨ ਦਾ ਹੁਕਮ ਸੁਣਾਇਆ ਗਿਆ। ਬਚਿਆਂ ਨੂੰ ਨੀਂਹਾਂ – ਕੰਧ ਵਿੱਚ ਚਿਣਿਆ ਗਿਆ। ਕੰਧ ਜਦੋਂ ਮੋਢਿਆਂ ਤੱਕ ਆਈ ਤਾਂ ਡਿੱਗ ਪਈ ਸੀ। ਫੁੱਲਾਂ ਵਰਗੇ ਸਰੀਰ ਵਾਲੇ ਬੱਚੇ ਬੇਹੋਸ਼ ਪਰ ਸਹਿਕ ਰਹੇ ਸਨ। ਜਲਾਦਾਂ ਨੇ ਦੋਵੇਂ ਬੱਚਿਆਂ ਦੇ ਗੱਲਾਂ ’ਤੇ ਛੁਰੀਆਂ ਫੇਰ ਕੇ ਤੜਫਾ ਤੜਫਾ ਕੇ ਸ਼ਹੀਦ ਕੀਤਾ। ਬਾਬਾ ਫ਼ਤਿਹ ਸਿੰਘ ਜਿਸ ਦੀ ਉਮਰ ਕੇਵਲ 7 ਸਾਲ ਸੀ, 12– 13 ਮਿੰਟ ਤੜਫ਼ਦਾ ਰਿਹਾ। ਸ਼ਹਾਦਤ ਸਮੇਂ ਬਾਬਾ ਜ਼ੋਰਾਵਰ



ਸਿੰਘ ਦੀ ਉਮਰ ਲਗਪਗ 9 ਸਾਲ ਸਨ। ਇਹ ਸਾਰਾ ਤਸ਼ੱਦਦ ਉਨ੍ਹਾਂ ਨੇ ਕਿਵੇਂ ਬਰਦਾਸ਼ਤ ਕੀਤਾ ਇਸ ਦਾ ਅੰਦਾਜ਼ਾ ਵੀ ਨਹੀਂ ਲਗਾਇਆ ਜਾ ਸਕਦਾ। ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹੀਦੀ ਦੀ ਖ਼ਬਰ ਜਦੋਂ ਗੁਰੂਘਰ ਦੇ ਅਨਿੰਨ ਸੇਵਕ ਸੇਠ ਦੀਵਾਨ ਟੋਡਰ ਮੱਲ ਦੇ ਪਰਿਵਾਰ ਨੂੰ ਮਿਲੀ ਤਾਂ ਉਨ੍ਹਾਂ ਨੇ ਤਿੰਨੇ ਸ਼ਹੀਦਾਂ ਦਾ ਸਸਕਾਰ ਕਰਨ ਲਈ ਸੋਨੇ ਦੀਆਂ ਮੋਹਰਾਂ ਜ਼ਮੀਨ ’ਤੇ ਖੜ੍ਹੀਆਂ ਕਰ ਕੇ ਹਾਕਮ ਤੋਂ ਜ਼ਮੀਨ ਖ਼ਰੀਦੀ ਅਤੇ ਸਸਕਾਰ ਕੀਤਾ।

ਮੋਤੀ ਰਾਮ ਮਹਿਰਾ ਜੋ ਸੂਬਾ ਸਰਹਿੰਦ ਦੀ ਕੈਦ ਵਿਚ ਹਿੰਦੂ ਕੈਦੀਆਂ ਲਈ ਲੰਗਰ ਤਿਆਰ ਕਰਨ ਲਈ ਰਸੋਈ ਖ਼ਾਨੇ ਵਿੱਚ ਨੌਕਰੀ ਕਰਦਾ ਸੀ। ਹਾਕਮ ਨੇ ਕਿਸੇ ਵੀ ਸਿੱਖ ਦੀ ਮਦਦ ਕਰਨ ਵਾਲੇ ਨੂੰ ਪਰਿਵਾਰ ਸਮੇਤ ਕੋਹਲੂ ’ਚ ਪੀੜ੍ਹ ਦੇਣ ਦਾ ਐਲਾਨ ਕੀਤਾ ਹੋਇਆ ਸੀ, ਫਿਰ ਵੀ ਮੋਤੀ ਰਾਮ ਮਹਿਰਾ ਨੇ ਗੁਰੂ ਕੇ ਲਾਲਾਂ ਦੀ ਤਿੰਨੇ ਦਿਨ ਚੋਰੀ ਛਿਪੇ ਦੁੱਧ ਪਿਲਾ ਕੇ ਸੇਵਾ ਕੀਤੀ। ਹਕੂਮਤ ਨੂੰ ਪਤਾ ਲਗਾ ਤਾਂ ਸਾਰੇ ਪਰਿਵਾਰ ਨੂੰ ਕੋਹਲੂ ਵਿੱਚ ਪਿੜਵਾ ਦਿੱਤਾ।

ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨਿਰ ਸੰਦੇਹ “ਬਾਬੇਕਿਆਂ ਅਤੇ ਬਾਬਰਕਿਆਂ” ਵਿਚਕਾਰ ਖ਼ੂਨੀ ਟੱਕਰ ਦਾ ਸਿਖਰ ਸੀ। ਜਿਸ ਦੀ ਸ਼ੁਰੂਆਤ ਗੁਰੂ ਨਾਨਕ ਸਾਹਿਬ ਵੱਲੋਂ ਐਮਨਾਬਾਦ ’ਚ ਬਾਬਰ ਨੂੰ ਜਾਬਰ ਕਹਿ ਕੇ ਕੀਤੀ ਸੀ। ਸਿੱਖ ਗੁਰੂ ਸਾਹਿਬਾਨ ਅਤੇ ਭਗਤੀ ਲਹਿਰ ਦੇ ਸੰਤ ਮਹਾਂਪੁਰਸ਼ ਭਾਰਤ ਨੂੰ ਵਿਦੇਸ਼ੀਆਂ ਦੀ ਸਦੀਆਂ ਤੋਂ ਜਾਰੀ ਗ਼ੁਲਾਮੀ ਤੋਂ ਨਿਜਾਤ ਦਿਵਾਉਣਾ ਚਾਹੁੰਦੇ ਸਨ।

ਇਸ ਤੋਂ ਪਹਿਲਾਂ ਧਰਮ ਦੀ ਰੱਖਿਆ ਲਈ ਪੰਜਵੇਂ ਗੁਰੂ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਲਾਹੌਰ ਵਿਖੇ ਸ਼ਹੀਦ ਕੀਤਾ ਗਿਆ। ਜਿਸ ਬਾਬਤ ਬਾਦਸ਼ਾਹ ਜਹਾਂਗੀਰ ਨੇ ਆਪਣੀ ਡਾਇਰੀ ”ਤੌਜ਼ਿਕ ਜਹਾਂਗੀਰੀ” ਵਿਚ ਲਿਖਿਆ ਕਿ ”ਸਿੱਖੀ ਦੀ ਚੱਲ ਰਹੀ ਦੁਕਾਨ ਨੂੰ ਬੰਦ ਕਰਨ ਲਈ ਹੀ ਗੁਰੂ ਅਰਜਨ ਦੇਵ ਜੀ ਨੂੰ ਗ੍ਰਿਫ਼ਤਾਰ ਕਰਕੇ ਤਸੀਹੇ ਦੇਣ ਅਤੇ ਇਸਲਾਮ ਕਬੂਲ ਨਾ ਕਰਨ ’ਤੇ ਸ਼ਹੀਦ ਕਰ ਦੇਣ ਦਾ ਮੈਂ ਹੁਕਮ ਦਿੱਤਾ”।

ਨੌਵੇਂ ਪਾਤਸ਼ਾਹ ਸਤਿਗੁਰੂ ਤੇਗ. ਬਹਾਦਰ ਸਾਹਿਬ ਜੀ ਨੇ ਹਿੰਦੂਆਂ ਦੀ ਤਿਲਕ ਅਤੇ ਜੰਞੂ ਦੀ ਸਲਾਮਤੀ ਲਈ ਦਿਲੀ ਦੇ ਚਾਂਦਨੀ ਚੌਕ ਵਿਖੇ ਜਨਤਕ ਤੌਰ ’ਤੇ ਸਿਰ ਕਲਮ ਕਰਾ ਕੇ ਸ਼ਹਾਦਤ ਦਿੱਤੀ। ਇਸਲਾਮ ਕਬੂਲ ਕਰਨ ਦੀ ਥਾਂ ਮੌਤ ਨੂੰ ਤਰਜੀਹ ਦੇ ਕੇ ”ਹਿੰਦ ਦੀ ਚਾਦਰ” ਕਹਿ ਲਾਇਆ। 9 ਸਾਲ ਦੀ ਉਮਰ ’ਚ ਗੁਰੂ ਨਾਨਕ ਦੇਵ ਜੀ ਨੇ ਜਨੇਊ ਪਾਉਣ ਤੋਂ ਨਾਂਹ ਕੀਤੀ ਸੀ, ਆਪਣੀ ਮੌਜ ਵਿਚ ਆਏ ਤਾਂ ਜੰਞੂ ਨਹੀਂ ਪਾਉਣਾ, ਕਿਉਂਕਿ ਤੂੰ ਭੇਖ ਬਣਾ ਕੇ ਬੈਠਾ ਹੈ। ਧਰਮ ਨਹੀਂ, ਪਰ ਰੋਟੀ ਦਾ ਸਾਧਨ ਹੈ, ਮੈਂ ਨਹੀਂ ਪਾਵਾਂਗਾ। ਪਰ ਅੱਜ ਤੂੰ ਰਾਜਸੀ ਤਾਕਤ ਨਾਲ ਉਤਾਰਨਾ ਚਾਹੇ ਫਿਰ ਮੈ ਸਿਰ ਲਵਾ ਲਵਾਂਗਾ, ਜੰਞੂ ਉੱਤਰਨ ਨਹੀਂ ਦੇਵਾਂਗਾ। ਜੇ ਤਿਲਕ ਜੰਞੂ ਕੇਵਲ ਚਿੰਨ੍ਹ ਹੈ ਤਾਂ ਇਹ ਮਨਜ਼ੂਰ ਨਹੀਂ, ਪਰ ਜੇ ਜਬਰੀ ਉਤਾਰਨ ਦੀ ਗਲ ਹੈ ਤਾਂ ਵੀ ਇਹ ਸਾਨੂੰ ਮਨਜ਼ੂਰ ਨਹੀਂ।

ਗੁਰਸਿੱਖਾਂ ਭਾਈ ਸਤੀ ਦਾਸ, ਭਾਈ ਮਤੀ ਦਾਸ ਅਤੇ ਭਾਈ ਦਿਆਲਾ ਜੀ ਨੂੰ ਇਸਲਾਮ ਕਬੂਲ ਨਾ ਕਰਨ ’ਤੇ ਵਾਰੋ ਵਾਰੀ ਬੇਰਹਿਮੀ ਨਾਲ ਸ਼ਹੀਦ ਕਰ ਦਿੱਤੇ ਗਏ ਸਨ।

ਭਾਵੇਂ ਕਿ ਗੁਰੂ ਸਾਹਿਬ ਜੀ ਦੇ ਸਾਹਿਬਜ਼ਾਦਿਆਂ ਦਾ ਸਨਮਾਨ ਪਹਿਲਾ ਵੀ ਸੀ, ਹੁਣ ਵੀ ਹੈ ਅੱਗੇ ਵੀ ਰਹੇਗਾ। ਪਰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਤੋਂ ਇਲਾਵਾ ਕਿਸੇ ਵੀ ਹਕੂਮਤ ਨੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਿੱਜਦਾ ਕਰਨ ਲਈ ਰਾਸ਼ਟਰੀ ਪੱਧਰ ’ਤੇ ਸਦੀਆਂ ਤੋਂ ਕੁਝ ਨਹੀਂ ਕੀਤਾ। ਪ੍ਰਧਾਨ ਮੰਤਰੀ ਮੋਦੀ ਨੇ ਸਤਿਗੁਰਾਂ ਦੇ ਲਾਲਾਂ ਦੀ ਯਾਦ ’ਚ ਹਰ ਸਾਲ 26 ਦਸੰਬਰ ਨੂੰ ’ਵੀਰ ਬਾਲ ਦਿਵਸ’ ਵਜੋਂ ਮਨਾਏ ਜਾਣ ਦਾ ਐਲਾਨ ਕਰਕੇ, ਇਸ ਦਿਹਾੜੇ ਨੂੰ ਰਾਸ਼ਟਰ ਨੂੰ ਸਮਰਪਿਤ ਕਰਦਿਆਂ ਹਿੰਦੁਸਤਾਨ ਦੇ ਲੋਕਾਂ ਨੂੰ ਸਾਹਿਬਜ਼ਾਦਿਆਂ ਵੱਲੋਂ ਕੀਤੀਆਂ ਕੁਰਬਾਨੀਆਂ ਤੇ ਸ਼ਹਾਦਤਾਂ ਨੂੰ ਯਾਦ ਰੱਖਣ ਦਾ ਸੁਨੇਹਾ ਦੇ ਕੇ ਲੋਕਾਂ ਨੂੰ ਧਰਮ ਪਾਲਣ ਪ੍ਰਤੀ ਜਗਾਇਆ ਹੈ। ਇਹ ਧਰਮ ਦੇ ਨੇਕ ਸਿਧਾਂਤਾਂ ਤੋਂ ਭਟਕਣ ਦੀ ਬਜਾਏ ਮੌਤ ਨੂੰ ਤਰਜੀਹ ਦੇਣ ਵਾਲੇ ਸਾਹਿਬਜ਼ਾਦਿਆਂ ਦੇ ਸਾਹਸ ਅਤੇ ਉਨ੍ਹਾਂ ਦੀ ਨਿਆਂ ਦੀ ਖੋਜ ਪ੍ਰਤੀ ਢੁਕਵੀਂ ਸ਼ਰਧਾਂਜਲੀ ਹੈ। ਸਾਹਿਬਜ਼ਾਦਿਆਂ ਦੀ ਬਹਾਦਰੀ ਅਤੇ ਆਦਰਸ਼ ਲੱਖਾਂ ਲੋਕਾਂ ਲਈ ਪ੍ਰੇਰਣਾ ਸਰੋਤ ਹਨ। ਸਿੱਖਾਂ ਦੀ ਦੇਸ਼ ਸਮਾਜ ਪ੍ਰਤੀ ਵੱਡੀ ਭੂਮਿਕਾ ਨੂੰ ਲੋਕਾਂ ਸਾਹਮਣੇ ਲਿਆਉਣ ਦੀ ਲੋੜ ਨੂੰ ਮਹਿਸੂਸ ਕਰਨਾ ਪ੍ਰਧਾਨ ਮੰਤਰੀ ਮੋਦੀ ਦਾ ਸਿੱਖੀ ਪਿਆਰ ਵਿਚ ਵਿੰਨ੍ਹੇ ਹੋਣ ਦੀ ਨਿਸ਼ਾਨੀ ਹੈ, ਇਹ ਪਾਲਿਟਿਕਸ ਨਹੀਂ, ਸ਼ਹਾਦਤ ਨੂੰ ਨਮਨ ਹੈ, ਸਨਮਾਨ ਹੈ। ਇਸ ਕਦਮ ਨਾਲ ਖ਼ਾਲਸੇ ਦੇ ਬੋਲ–ਬਾਲੇ ਤੇ ਸਿੱਖੀ ਦੀ ਪਛਾਣ ਹੋਰ ਵਿਕਸਤ ਹੋਈ। ਮੈਂ ਇਹ ਕਹਿਣ ’ਚ ਸੰਕੋਚ ਨਹੀਂ ਕਰਾਂਗਾ ਕਿ ਨਰਿੰਦਰ ਮੋਦੀ ਸਰਕਾਰ ਹੀ ਹੈ, ਜਿਨ੍ਹਾਂ ਨੇ ਵਲੂੰਧਰੇ ਹੋਏ ਸਿੱਖ ਹਿਰਦਿਆਂ ਨੂੰ ਸ਼ਾਂਤ ਕਰਨ ਵਲ ਵਿਸ਼ੇਸ਼ ਧਿਆਨ ਦਿੱਤਾ। ਨਵੰਬਰ ’84 ਦੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਜਾਵਾਂ ਦੇਣ ਦਾ ਠੋਸ ਉਪਰਾਲਾ ਕੀਤਾ। ਪੀੜਤ ਪਰਿਵਾਰਾਂ ਦੀ ਮਾਲੀ ਮਦਦ ਅਤੇ ਨੌਕਰੀਆਂ ਦਿੱਤੀਆਂ। ਸਿੱਖ ਕੈਦੀਆਂ ਦੀ ਰਿਹਾਈ ਹੋਈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ, ਗੁਰੂ ਗੋਬਿੰਦ ਸਿੰਘ ਜੀ ਦਾ 350 ਸਾਲਾ ਅਤੇ ਗੁਰੂ ਤੇਗ ਬਹਾਦਰ ਜੀ ਦਾ 400 ਸਾਲਾ ਪ੍ਰਕਾਸ਼ ਸ਼ਤਾਬਦੀਆਂ ਧੂਮ ਧਾਮ ਨਾਲ ਮਨਾਈਆਂ ਗਈਆਂ। ਵਿਦੇਸ਼ਾਂ ’ਚ ਵੱਸਦੇ ਸਿੱਖਾਂ ਦੀ ਕਾਲੀ ਸੂਚੀ ਖ਼ਤਮ ਕੀਤੀ, ਉਨ੍ਹਾਂ ਨੂੰ ਭਾਰਤ ’ਚ ਆਪਣੇ ਪਰਿਵਾਰਾਂ ਰਿਸ਼ਤੇਦਾਰਾਂ ਨੂੰ ਮਿਲਣ ਅਤੇ ਗੁਰਧਾਮਾਂ ਦੇ ਦਰਸ਼ਨ ਦੀਦਾਰਿਆਂ ਦਾ ਮੌਕਾ ਦਿੱਤਾ। ਅੰਤਰਰਾਸ਼ਟਰੀ ਸਰਹੱਦ ’ਤੇ ਗੁਰਦੁਆਰਾ ਸ੍ਰੀ ਕਰਤਾਰਪੁਰ ( ਪਾਕਿਸਤਾਨ) ਲਈ ਲਾਂਘਾ ਖੋਲ੍ਹਣ ਦੀ 70 ਸਾਲ ਪੁਰਾਣੀ ਮੰਗ ਪੂਰੀ ਕੀਤੀ। ਪੰਜਾਬ ਤੋਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਲਈ ਹਵਾਈ ਸੇਵਾ ਸ਼ੁਰੂ ਕੀਤੀ । ਸ੍ਰੀ ਹਰਿਮੰਦਰ ਸਾਹਿਬ ਦੇ ਗੁਰੂ ਕੇ ਲੰਗਰ ਨੂੰ ਜੀਐਸਟੀ ਮੁਕਤ ਕੀਤਾ। ਅਫ਼ਗਾਨਿਸਤਾਨ ਤੋਂ ਸਿੱਖਾਂ ਨੂੰ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਤਿੰਨ ਸਰੂਪ ਵੀ ਸਨਮਾਨ ਨਾਲ ਵਾਪਸ ਲਿਆਂਦੇ ਗਏ। ਅਫ਼ਗਾਨੀ ਰਫ਼ਿਊਜੀ ਸਿੱਖਾਂ ਨੂੰ ਭਾਰਤ ਦੀ ਨਾਗਰਿਕਤਾ ਦਿੱਤੀ। ਆਓ ਦੇਸ਼ ’ਚ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰੀਏ। ਸਰਬ ਸਾਂਝੀਵਾਲਤਾ ਅਤੇ ਸਰਬੱਤ ਦੇ ਭਲੇ ਦੇ ਸੰਕਲਪ ਨੂੰ ਅਮਲੀ ਰੂਪ ’ਚ ਪ੍ਰਣਾਈਏ।



**-ਪ੍ਰੋ: ਸਰਚਾਂਦ ਸਿੰਘ ਖ਼ਿਆਲਾ**
**ਬੁਲਾਰਾ, ਪੰਜਾਬ ਭਾਜਪਾ।**
**9781355522**

# ਸਿੱਖ ਕ੍ਰਿਸਮਸ ਨਹੀਂ, ਸ਼ਹੀਦੀ ਹਫਤਾ ਮਨਾਉਂਦੇ ਹਨ

ਇਸ ਹਫ਼ਤੇ ਜਿੱਥੇ ਹਰ ਪਾਸੇ ਕ੍ਰਿਸਮਸ ਦੀ ਧੂਮ ਹੈ, ਉਥੇ ਹੀ ਸਿੱਖ ਭਾਈਚਾਰੇ ਦੇ ਲੋਕ ਇਸਨੂੰ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰੇ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਦੱਸ ਰਹੇ ਹਾਂ।

- ਸਿਮਰਨਜੀਤ ਸਿੰਘ

## 21 ਦਸੰਬਰ



**ਇਸ ਦਿਨ** ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਸਨ। ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ 'ਤੇ ਹਮਲਾ ਕਰ ਦਿੱਤਾ ਸੀ। ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ। ••

## 22 ਦਸੰਬਰ



**ਆਨੰਦਪੁਰ** ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ••

## 23 ਦਸੰਬਰ



**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ••

## 24 ਦਸੰਬਰ



**ਸ੍ਰੀ ਗੁਰੂ** ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ। ••

## 25 ਦਸੰਬਰ



**ਜਦੋਂ ਸ੍ਰੀ** ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ••

## 26-27 ਦਸੰਬਰ



**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ 'ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।' ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ••

## 28 ਦਸੰਬਰ



**ਠੰਡੇ ਬੁਰਜ** ਵਿੱਚ ਕੈਦ ਸਾਹਿਬਜ਼ਾਦਿਆਂ ਦੀ ਦਾਦੀ ਮਾਤਾ ਗੁਜਰੀ ਜੀ ਨੇ ਦੋਵੇਂ ਸਾਹਿਬਜ਼ਾਦਿਆਂ ਨੂੰ ਬੇਹੱਦ ਪਿਆਰ ਨਾਲ ਤਿਆਰ ਕਰਕੇ ਦੋਬਾਰਾ ਸੂਬੇ ਦੀ ਕਚਹਿਰੀ ਵਿੱਚ ਭੇਜਿਆ। ਇੱਥੇ ਇੱਕ ਵਾਰ ਫਿਰ ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਨੂੰ ਧਰਮ ਬਦਲਣ ਲਈ ਕਿਹਾ ਪਰ ਸਾਹਿਬਜ਼ਾਦਿਆਂ ਨੇ ਫਿਰ ਮਨਾ ਕਰ ਦਿੱਤਾ। ਇੱਕ ਵਾਰ ਫਿਰ ਜੈਕਾਰੇ ਲੱਗਣ ਲੱਗੇ। ਇਹ ਸੁਣ ਵਜ਼ੀਰ ਖ਼ਾਨ ਤਿਲਮਿਲਾ ਉੱਠਿਆ ਅਤੇ ਉਸਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਦੀਵਾਰ ਵਿੱਚ ਚਿਣਵਾਉਣ ਦਾ ਹੁਕਮ ਦੇ ਦਿੱਤਾ। ਇਹ ਸੁਣਕੇ ਵੀ ਛੋਟੇ ਸਾਹਿਬਜਦਿਆਂ ਦਾ ਹੌਸਲਾ ਨਹੀਂ ਡਗਮਗਾਇਆ। ਇਸ ਤਰ੍ਹਾਂ ਵਜ਼ੀਰ ਖ਼ਾਨ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕਰ ਕਰਵਾ ਦਿੱਤਾ। ਜਿਉਂ ਹੀ ਮਾਤਾ ਗੁਜਰੀ ਜੀ ਤੱਕ ਇਹ ਖ਼ਬਰ ਪਹੁੰਚੀ, ਉਨ੍ਹਾਂ ਨੇ ਵੀ ਪ੍ਰਾਣ ਤਿਆਗ ਦਿੱਤੇ ਅਤੇ ਇਸ ਇੱਕ ਦਿਨ ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਸ਼ਹੀਦ ਹੋ ਗਏ। ••

## 29 ਦਸੰਬਰ



**ਵਜ਼ੀਰ ਖ਼ਾਨ** ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ 'ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ••

ਆਵਾਜ਼ਿ ਕੌਮ
AWAZE QAUM
International Newspaper & WEB TV

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**

**ਵਾਹਿਗੁਰੂ ਜੀ ਕੀ ਖਾਲਸਾ। ਵਾਹਿਗੁਰੂ ਜੀ ਕੀ ਫ਼ਤਹਿ ॥**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 10 ਫਰਵਰੀ 2025 ਤੋਂ 20 ਫਰਵਰੀ 2025 ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 10 ਫਰਵਰੀ, 2025 ਨੂੰ ਸ਼ੁਰੂ ਹੋਵੇਗੀ ਤੇ ਇੱਥੇ 20 ਫਰਵਰੀ, 2025 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਬਰੇਕਫਾਸਟ ਅਤੇ ਡਿਨਰ ਸ਼ਾਮਲ
- ਲਗਜਰੀ ਏ. ਸੀ. ਟਰਾਂਸਪੋਰਟੇਸ਼ਨ।
- ਚੰਡੀਗੜ੍ਹ ਤੋਂ ਹੈਦਰਾਬਾਦ ਅਤੇ ਵਾਪਸੀ 'ਤੇ ਹੈਦਰਾਬਾਦ ਤੋਂ ਚੰਡੀਗੜ੍ਹ ਦਾ ਸਫਰ ਹਵਾਈ ਜਹਾਜ਼ ਰਾਹੀਂ।
- ਹਰ ਧਾਰਮਿਕ ਅਤੇ ਇਤਿਹਾਸਕ ਜਾਣਕਾਰੀ ਮੁਹੱਈਆ ਕਰਵਾਉਣ ਲਈ ਗਾਈਡ ਨਾਲ ਹੋਣਗੇ।

**ਇੰਡੀਆਂ ਵਿਚ ਜੁਆਇਨ ਕਰਨ ਵਾਲਿਆਂ ਲਈ ਕੇਵਲ 1190 ਬ੍ਰਿਟਿਸ਼ ਪਾਉਂਡ ਪਰ ਯਾਤਰੀ ਹੋਵੇਗਾ।**

**ਯੂ ਕੇ ਤੋਂ ਅੰਤਰਰਾਸ਼ਟਰੀ ਹਵਾਈ ਸਫ਼ਰ ਸਮੇਤ 1890 ਬ੍ਰਿਟਿਸ਼ ਪਾਉਂਡ ਪਰ ਯਾਤਰੀ ਹੋਵੇਗਾ।**

ਬੁੱਕ ਕਰਨ ਦੇ ਲਈ 600 ਪਾਉਂਡ ਐਡਵਾਂਸ ਦੇ ਤੌਰ ਤੇ ਜਮਾ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

**ਅਕਾਊਂਟ ਨੰਬਰ ਤੇ ਡਿਟੇਲ**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**ਸੰਪਰਕ ਨੰ. :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

**ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।**

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM

**10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :**

### 10 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 11 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਉਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 12 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋਂ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 13 ਫਰਵਰੀ (ਦਿਨ 4)




ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 14 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 15 ਫਰਵਰੀ (ਦਿਨ 6)




ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 16 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 17 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 18 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 19 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 20 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

**ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।**

ਆਵਾਜ਼ਿ ਕੌਮ AWAZE QAUM

# AWAZE QAUM TOURS & TRAVELS

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**

ਵਾਹਿਗੁਰੁ ਜੀ ਕੀ ਖਾਲਸਾ । ਵਾਹਿਗੁਰੁ ਜੀ ਕੀ ਫ਼ਤਹਿ ॥


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2025 (10th Feb – 20thFeb 2025). During the stay we will try to provide you with all the possible facilities to make this trip a memorable one.**

## Trip Package Includes

Visit to Takhat Patna Sahib & other 5 Gurudwaras - Hyderabad (Museum & Char Minar) - Takhat Hazoor Sahib & other 8 Gurudwaras - Takhat Keshgarh Sahib Sahib & other 8 Gurudwaras - Damdama Sahib & other 3 Gurudwaras. - Akal Takth, Sri Harimandir Sahib, Jallianwala Bagh & Wagah Border

- Luxury Air-conditioned Coaches
- Luxury Hotel Stay (Sarai at Hazoor Sahib)
- Domestic Flights
- Guided Tours
- Flexibility to stay in India before & after the trip

**Cost If joining from India without international flights £ 1190 per person on Twin Sharing basis**

**Cost: If joining from UK with International flights - £1890 per person on Twin Sharing basis**

Deposit of £600 per person can be transferred into the following account (please write your name as a reference): Balance amount need to be deposited 2 weeks before the travel date.

**Account Name: RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME

## PANJ TAKHT YATRA

**5 TAKHAT YATRA - 10 NIGHTS / 11 DAYS**

ਆਵਾਜ਼ਿ ਕੌਮ AWAZE QAUM

### 10th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 11th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 12th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 13th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 14th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 15th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 16th Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 17th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 18Th Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 19th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 20th Feb Day 11th


**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

CELEBRATING THE LIFE OF

# Surjit Kaur SAHOTA

17th January 1930 - 17th December 2024



ਆਵਾਜ਼ਿ ਕੌਮ AWAZE QAUM International Newspaper & WEB TV

**Funeral Notice**

## MONDAY 30TH DECEMBER 2024

**8.00am - 8.45am - Antim Ardaas and Darshan**

375 London Road, Stoneygate,
Leicester LE2 3JT

**9.30am - Crematorium Service**

Great Glen Crematorium, 9 London Rd,
Great Glen, Leicester LE8 9DJ

**10.15am - Bhog, Ardaas and Langar**

Guru Amar Das Gurdwara,
219 Clarendon Park Rd, Leicester LE2 3AN

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ॥



ਆਵਾਜ਼ਿ ਕੌਮ AWAZE QAUM International Newspaper & WEB TV

# ਮਹਾਨ ਸ਼ਹੀਦੀ ਸਮਾਗਮ

## 19 ਜਨਵਰੀ, 2025 (ਦਿਨ ਐਤਵਾਰ)

ਗੁਰੂ ਪਿਆਰੀ ਸਾਧ ਸੰਗਤ ਜੀ ਮੁਕਤਸਰ ਦੇ 40 ਮੁਕਤੇ ਤੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਹਰੇਕ ਸਾਲ ਦੀ ਤਰਾਂ ਸ਼ਹੀਦੀ ਸਮਾਗਮ ਹੋ ਰਿਹਾ ਹੈ । ਸਾਰੀਆਂ ਸੰਗਤਾਂ ਨੂੰ ਪਰਿਵਾਰ ਸਮੇਤ ਪਹੁੰਚਣ ਦਾ ਖੁੱਲਾ ਸੱਦਾ ਦਿੱਤਾ ਜਾਂਦਾ ਹੈ। ਆਪ ਜੀ ਸਭ ਨੇ ਪਰਿਵਾਰ ਸਮੇਤ ਪਹਉਚਣ ਕ੍ਰਿਪਾਲਤਾ ਕਰਨੀ ਜੀ। ਆਪ ਜੀ ਦੇ ਅਤਿ ਧੰਨਵਾਦੀ ਹੋਵਾਂਗੇ।

--★ ਪ੍ਰੋਗਰਾਮ ★--

19 ਜਨਵਰੀ 2025 ਦਿਨ ਐਤਵਾਰ ਭੋਗ ਸ੍ਰੀ ਸਹਿਜ ਪਾਠ ਦਾ ਸਵੇਰੇ 10 ਵਜੇ

ਸ਼ਬਦ ਕੀਰਤਨ ,ਕਥਾ ਅਤੇ ਢਾਡੀ ਜਥਾ ਪ੍ਰਸੰਗ ਸੁਣਾਵੇਗਾ

ਆਪ ਜੀ ਦਾ ਸਵਾਗਤ ਕਰਤਾ **ਸਰਦਾਰ ਬਲਜੀਤ ਸਿੰਘ ਕੰਗ ਅਤੇ ਪਰਿਵਾਰ**

★ ਵਧੇਰੇ ਜਾਣਕਾਰੀ 07780605230 ★

**Address: GURDWARA BABA SANG JI**

**9 St Paul's Rd, Smethwick Birmingham B66 1EE**


ਧੰਨ ਧੰਨ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜ਼ਰ ਕੌਰ ਜੀ
ਦੀ ਮਿੱਠੀ ਯਾਦ ਨੂੰ ਸਮਰਪਿਤ
ਮਹਾਨ "ਸਫ਼ਰ-ਏ-ਸ਼ਹਾਦਤ" ਸਮਾਗਮ
26 ਦਸੰਬਰ 2024 ਸਮਾਂ ਸ਼ਾਮ 6 ਤੋਂ ਰਾਤ 9 ਵਜ਼ੇ ਤੱਕ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸੈਕਟਰ 46 ਗੁੜਗਾਂਉ ਹਰਿਆਣਾ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ , HSGMC
ਪੰਥ ਪ੍ਰਸਿੱਧ ਢਾਡੀ ਜੱਥਾ
ਗਿ: ਸੁਖਵਿੰਦਰ ਸਿੰਘ ਸੁਤੰਤਰ HSGMC
ਪ੍ਰਸਿੱਧ ਕਵੀਸ਼ਰੀ ਜੱਥਾ
ਭਾਈ ਗੁਰਮੀਤ ਸਿੰਘ ਦਨੌਲੀ HSGMC
ਭਾਈ ਗੁਰਸੇਵਕ ਸਿੰਘ ਰੰਗੀਲਾ
ਹਜ਼ੂਰੀ ਰਾਗੀ ਜਥਾ
ਗੁਰਦੁਆਰਾ ਦਾਦੂ ਸਾਹਿਬ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ, HSGMC
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ (ਅਜਾਦ)
ਪ੍ਰਧਾਨ ਸ. ਸ਼ੇਰਦਿਲ ਸਿੰਘ ਸਿੱਧੂ
ਮੀਤ ਪ੍ਰਧਾਨ ਸ.ਕੰਵਲਜੀਤ ਸਿੰਘ
ਬੀਬੀ ਗਗਨਦੀਪ ਕੌਰ ਸਿੱਧੂ
ਸ.ਗੁਰਪ੍ਰਸਾਦ ਸਿੰਘ ਫਰੀਦਾਬਾਦ
ਅੰਤ੍ਰਿੰਗ ਮੈਂਬਰ HSGMC
ਜਰਨਲ ਸਕੱਤਰ SADA
ਬੇਨਤੀ ਕਰਤਾ - ਸਮੂੰਹ ਗੁਰਦੁਆਰਾ ਪ੍ਰਬੰਧਕ ਕਮੇਟੀ, ਬੀਬੀ ਗਗਨਦੀਪ ਕੌਰ ਸਿੱਧੂ ਗੁੜਗਾਂਉ ਅਤੇ ਸਾਧ ਸੰਗਤ (ਸੰਪਰਕ- 7838577777)



ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ
ਆਪ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ
ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਤਿਕਾਰਯੋਗ ਮਾਤਾ ਗੁਜਰ ਕੌਰ ਜੀ ਅਤੇ
ਚਾਰ ਸਾਹਿਬਜ਼ਾਦਿਆਂ ਦੀ ਮਹਾਨ ਸ਼ਹਾਦਤ ਨੂੰ ਸਮਰਪਿਤ ਕਰਵਾਏ ਜਾ ਰਹੇ
ਸਫ਼ਰ ਏ ਸ਼ਹਾਦਤ ਸਮਾਗਮ
ਗੁਰਦੁਆਰਾ ਮੰਜੀ ਸਾਹਿਬ ਅੰਬਾਲਾ ਸ਼ਹਿਰ
ਵਿਖੇ ਪੁੱਜ ਰਹੀਆਂ ਸੰਗਤਾਂ ਨੂੰ
ਜੀ ਆਇਆਂ ਨੂੰ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਜਾਦ
ਸ.ਸੁਦਰਸ਼ਨ ਸਿੰਘ ਅੰਬਾਲਾ
ਸੀਨੀਅਰ ਮੀਤ ਪ੍ਰਧਾਨ
ਸ.ਤਰਵਿੰਦਰਪਾਲ ਸਿੰਘ ਅੰਬਾਲਾ
ਅੰਤ੍ਰਿੰਗ ਮੈਂਬਰ
ਸ. ਹਰਪਾਲ ਸਿੰਘ ਕੰਬੋਜ
ਮੈਂਬਰ
ਸ. ਇੰਦਰਜੀਤ ਸਿੰਘ ਸਾਹਾ
ਮੈਂਬਰ
ਸ. ਰਜਿੰਦਰ ਸਿੰਘ
ਮੈਂਬਰ
ਕੈਪਟਨ ਦਿਲਬਾਗ ਸਿੰਘ
ਮੈਂਬਰ
ਬੇਨਤੀ ਕਰਤਾ - ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂੰਹ ਅਹੁਦੇਦਾਰ, ਮੈਂਬਰ ਸਾਹਿਬਾਨ ਅਤੇ ਸਾਧਸੰਗਤ
ਸ. ਸਰਬਜੀਤ ਸਿੰਘ ਜੰਮੂ ਸਕੱਤਰ ਧੱਰਮ ਪ੍ਰਚਾਰ ਕਮੇਟੀ HSGMC, ਦਾਸ ਮੈਨੇਜਰ ਸ. ਪ੍ਰਿਤਪਾਲ ਸਿੰਘ ਗੋਬਿੰਦਗੜ ਗੁਰਦੁਆਰਾ ਮੰਜੀ ਸਾਹਿਬ (ਬਾਉਲੀ ਸਾਹਿਬ), ਅੰਬਾਲਾ ਸ਼ਹਿਰ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸ਼ਹੀਦੀ ਜੋੜ ਮੇਲ ਛੋਟੇ ਸਾਹਿਬਜ਼ਾਦੇ

☛ ਸ਼ਹੀਦੀ ਦਿਹਾੜੇ ਭਾਈ ਬਚਿੱਤਰ ਸਿੰਘ ਸਾਹਿਬ ਜੀ ☛ ਸਲਾਨਾ ਬਰਸੀ ਦਮਦਮੀ ਟਕਸਾਲ ਦੇ ਪੰਦਰਵੇਂ ਮੁੱਖੀ ਸ੍ਰੀ ਮਾਨ ਬ੍ਰਹਮਗਿਆਨੀ ਸੰਤ ਬਾਬਾ ਠਾਕੁਰ ਸਿੰਘ ਭਿੰਡਰਾਂਵਾਲੇ। ☛ ਮਹਾਨ ਸ਼ਹੀਦੀ ਦਿਹਾੜਾ ਛੋਟੇ ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਜੀ ਅਤੇ ਬਾਬਾ ਫਤਹਿ ਸਿੰਘ ਜੀ ਅਤੇ ਮਾਤਾ ਗੁਜਰ ਕੌਰ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਸੋਮਵਾਰ 23 ਦਸੰਬਰ ਤੋਂ 31 ਦਸੰਬਰ ਤੱਕ ਸ਼ਾਮ ਦੇ ਦਿਵਾਨ ਸਜਣਗੇ ਅਤੇ 1 ਜਨਵਰੀ 2025 ਦਿਨ ਦੇ ਦਿਵਾਨ ਸਜਣਗੇ। ਬੁੱਧਵਾਰ 25 ਅਤੇ ਵੀਰਵਾਰ 26 ਦਸੰਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।

ਸ਼ੁੱਕਰਵਾਰ 27 ਦਸੰਬਰ 2024 ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਇੰਡੀਆ ਦੀ ਧਰਤੀ ਤੋ ਵਿਸ਼ੇਸ਼ ਤੌਰ ਪੁਹੰਚ ਰਹੇ ਢਾਡੀ ਜਥਾ ਗਿਆਨੀ ਬਿਕਰਮਜੀਤ ਸਿੰਘ ਯੂ ਪੀ ਵਾਲੇ ਢਾਡੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਗਰ ਕਾਜਲਬੋਤਾਨੋ ਦੀਆਂ ਸਿੱਖ ਸੰਗਤਾਂ ਵੱਲੋਂ ਲਈ ਗਈ ਹੈ

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ।

☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਸ਼ਹੀਦੀ ਦਿਨ ’ਤੇ ਵਿਸ਼ੇਸ਼

# ਸਿਦਕੀ ਸਿੱਖ ਸ਼ਹੀਦ ਭਾਈ ਤਾਰਾ ਸਿੰਘ ਵਾਂ ਵਾਲੇ

ਸ਼ਹੀਦ ਕੌਮਾਂ ਦਾ ਕੀਮਤੀ ਸਰਮਾਇਆ ਹੁੰਦੇ ਹਨ ।ਸ਼ਹੀਦਾਂ ਦਾ ਡੁੱਲ੍ਹਿਆ ਲਹੂ ਕੌਮਾਂ ਨੂੰ ਨਵੀਂ ਜ਼ਿੰਦਗੀ ਦਿੰਦਾ ਹੈ ।ਸਰਬੰਸ ਦਾਨੀ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸੇ ਦੀ ਸਾਜਨਾ ਜਿਸ ਮਕਸਦ ਦੀ ਪੂਰਤੀ ਲਈ ਕੀਤੀ ਸੀ, ਉਸ ਸੰਘਰਸ਼ ਦੀ ਲੰਮੀ ਗਾਥਾ ਹੈ ।ਅਠਾਰ੍ਹਵੀਂ ਸਦੀ ਵਿੱਚ ਸਿਰੜੀ ਅਤੇ ਸਿਜਦੀ ਸਿੰਘਾਂ ਨੇ ਜੰਗਲਾਂ ਵਿੱਚ ਰਹਿ ਕੇ ਖ਼ਾਲਸੇ ਦੀ ਹੋਂਦ ਨੂੰ ਬਚਾਉਣ ਲਈ ਜਿਹੜੀ ਕੁਰਬਾਨੀ ਕੀਤੀ, ਉਸ ਦੀ ਮਿਸਾਲ ਸੰਸਾਰ ਦੇ ਇਤਿਹਾਸ ਵਿੱਚ ਕੋਈ ਵਿਰਲੀ-ਟਾਂਵੀਂ ਹੀ ਮਿਲੇਗੀ ।ਮੌਜੂਦਾ ਪਾਕਿਸਤਾਨ ਦੀ ਸਰਹੱਦ ਨੇੜੇ ਵੱਸੇ ਪੰਜਾਬ ਦੇ ਪਿੰਡ ਵਾਂ ਕਲਗੀਧਰ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸੱਚਖੰਡ ਗਮਨ ਤੋਂ ਪੰਜ-ਛੇ ਸਾਲ ਪਹਿਲਾਂ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਦੋ ਸਾਲ ਪਹਿਲਾਂ 1702 ਈ: ਵਿੱਚ ਇਕ ਕਿਰਤੀ ਕਿਸਾਨ ਭਾਈ ਗੁਰਦਾਸ ਦੇ ਗ੍ਰਹਿ ਵਿਖੇ ਭਾਈ ਤਾਰਾ ਸਿੰਘ ਦਾ ਜਨਮ ਹੋਇਆ ।



ਜਦੋਂ ਕਲਗੀਧਰ ਪਾਤਸ਼ਾਹ ਦੇ ਹੁਕਮ ਮੁਤਾਬਿਕ ਬਾਬਾ ਬੰਦਾ ਸਿੰਘ ਬਹਾਦਰ ਨੇ ਸੰਘਰਸ਼ ਦੀ ਜ਼ਿੰਮੇਵਾਰੀ ਸੰਭਾਲੀ ਤਾਂ ਇਸ ਕਿਰਤੀ ਕਿਸਾਨ ਭਾਈ ਗੁਰਦਾਸ ਨੇ ਮਾਝੇ ਦੇ ਸਿੱਖਾਂ ਨੂੰ ਲਾਮਬੰਦ ਕਰਨ ਦੇ ਫਰਜ਼ ਨੂੰ ਬਾਖ਼ੂਬੀ ਨਿਭਾਇਆ ।

ਭਾਈ ਗੁਰਦਾਸ ਗੁਰੂ ਸਾਹਿਬ ਦਾ ਅਜਿਹਾ ਭੋਰਸੇ ਵਾਲਾ ਸਿੰਘ ਸੀ ਜਿਸ ਦੇ ਪਰਿਵਾਰ ਵਿੱਚੋਂ ਸਿੱਖ ਸਿਧਾਂਤਾਂ ਦੀ ਖ਼ੁਸ਼ਬੂ ਤੋਂ ਇਲਾਕੇ ਦੀ ਸੰਗਤ ਪ੍ਰੇਰਨਾ ਪ੍ਰਾਪਤ ਕਰਦੀ ਸੀ ।ਭਾਈ ਗੁਰਦਾਸ ਜੀ ਦੇ ਪੰਜ ਪੁੱਤਰਾਂ ਵਿੱਚੋਂ ਵੱਡੇ ਭਾਈ ਤਾਰਾ ਸਿੰਘ ਸਨ, ਜਿਨ੍ਹਾਂ ਜਵਾਨੀ ਦੇ ਮੁੱਢਲੇ ਦਿਨਾਂ ਵਿੱਚ ਹੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਮਨੀ ਸਿੰਘ ਦੀ ਅਗਵਾਈ ਵਿੱਚ ਪੰਜਾਂ ਪਿਆਰਿਆਂ ਤੋਂ ਖੰਡੇ-ਬਾਟੇ ਦੀ ਪਾਹੁਲ ਪ੍ਰਾਪਤ ਕੀਤੀ ।ਜਦੋਂ ਲਾਹੌਰ ਦਾ ਪ੍ਰਬੰਧ ਜ਼ਕਰੀਆ ਖ਼ਾਨ ਨੇ ਸੰਭਾਲਿਆ ਤਾਂ ਹਰ ਜਣਾ-ਖਣਾ ਸਿੱਖਾਂ ਉੱਪਰ ਜ਼ੁਲਮ ਕਰਨ ਲੱਗ ਪਿਆ ।ਚੌਧਰੀ ਸਾਹਿਬ ਰਾਏ ਨੌਸ਼ਹਿਰਾ ਢਾਲਾ ਨੇ ਭਾਈ ਤਾਰਾ ਸਿੰਘ ਵਾਂ ਉੱਪਰ ਆਪਣੀਆਂ ਘੋੜੀਆਂ ਚੋਰੀ ਹੋਣ ਦਾ ਦੋਸ਼ ਮੜ੍ਹ ਕੇ ਪੱਟੀ ਦੇ ਫ਼ੌਜਦਾਰ ਜਾਫ਼ਰ ਬੇਗ ਨੂੰ ਉਕਸਾਇਆ ।ਜ਼ਕਰੀਆ ਖ਼ਾਨ ਦੇ ਹੁਕਮ ਦੀ ਤਾਮੀਲ ਕਰਨ ਲਈ ਇਲਾਕੇ ਦੇ ਸਾਰੇ ਫ਼ੌਜਦਾਰ ਸਿੱਖਾਂ ਨੂੰ ਫੜਵਾ ਕੇ ਲਾਹੌਰ ਸਰਕਾਰ ਦੀ ਖ਼ੁਸ਼ਨੂਦੀ ਪ੍ਰਾਪਤ ਕਰਨ ਵਿੱਚ ਦੂਜੇ ਤੋਂ ਮੂਹਰੇ ਹੋ ਕੇ ਤੁਰਦੇ ਸਨ ।ਫ਼ੌਜਦਾਰ ਜਾਫ਼ਰ ਬੇਗ ਨੇ ਭਾਈ ਤਾਰਾ ਸਿੰਘ ਵਾਂ ਉੱਪਰ ਹਮਲਾ ਕਰਵਾ ਦਿੱਤਾ ।ਜਦੋਂ ਜਾਫ਼ਰ ਬੇਗ ਨੂੰ ਇਸ ਹਮਲੇ ਵਿੱਚ ਮੂੰਹ ਦੀ ਖਾਣੀ ਪਈ ਤਾਂ ਉਹ ਇਲਾਕੇ ਦੇ ਚੌਧਰੀ ਸਾਹਿਬਰਾਏ ਨੂੰ ਆਪਣੇ ਨਾਲ ਜ਼ਕਰੀਆ ਖ਼ਾਨ ਦੇ ਕੋਲ ਲਾਹੌਰ ਲੈ ਗਿਆ ।ਹੁਣ ਇਨ੍ਹਾਂ ਫ਼ੌਜਦਾਰ ਦੀ ਅਗਵਾਈ ਵਿੱਚ ਸਿੰਘਾਂ ਦੀ ਵੱਧ ਰਹੀ ਤਾਕਤ ਦਾ ਜ਼ਿਕਰ ਬਹੁਤ ਵਧਾ ਚੜ੍ਹਾ ਕੇ ਪੇਸ਼ ਕੀਤਾ ।

-ਭਗਵਾਨ ਸਿੰਘ ਜੌਹਲ
bhagwansinghjohal@gmail.com



ਗੁੱਸੇ ਵਿੱਚ ਆਏ ਜ਼ਕਰੀਆ ਖ਼ਾਨ ਨੇ ਅਪਣੇ ਸੈਨਾਪਤੀ ਮੋਮਨ ਖ਼ਾਨ ਨੂੰ ਲਾਹੌਰ 2500 ਘੋੜ ਸਵਾਰ, ਪੰਜ ਹਾਥੀ ਅਤੇ ਕਈ ਤੋਪਾਂ ਦੇ ਕੇ ਭਾਈ ਤਾਰਾ ਸਿੰਘ ਵਾਂ ਨੂੰ ਗ੍ਰਿਫ਼ਤਾਰ ਕਰਨ ਲਈ ਭੇਜਿਆ ।ਜਦੋਂ ਸੈਨਾਪਤੀ ਮੋਮਨ ਖ਼ਾਨ ਦੇ ਲਾਹੌਰ ਤੋਂ ਚੜ੍ਹ ਕੇ ਆਉਣ ਦੀ ਖ਼ਬਰ ਭਾਈ ਤਾਰਾ ਸਿੰਘ ਨੂੰ ਮਿਲੀ ਤਾਂ ਉਸ ਨੇ ਪਿੰਡ ਵਿੱਚ ਇਕੱਠੇ ਹੋਈ ਸਿੰਘਾਂ ਦੀ ਵਹੀਰ ਨੂੰ ਮਾਲਵੇ ਵੱਲ ਤੋਰ ਦਿੱਤਾ ।ਭਾਈ ਤਾਰਾ ਸਿੰਘ ਨੇ ਆਪਣੇ ਨਾਲ ਕੇਵਲ 18 ਜੁਝਾਰੂ ਸਿੰਘਾਂ ਨੂੰ ਸ਼ਹੀਦੀ ਜਾਮ ਪੀਣ ਲਈ ਰੱਖ ਲਿਆ ।ਸੈਨਾਪਤੀ ਮੋਮਨ ਖ਼ਾਨ ਦੀ ਵੱਡੀ ਫ਼ੌਜੀ ਟੁੱਕੜੀ ਨਾਲ ਮੁਕਾਬਲਾ ਕਰਨ ਲਈ ਸਿੰਘ ਮੈਦਾਨ ਵਿੱਚ ਡੱਟ ਗਏ ।ਭਾਈ ਸਾਹਿਬ ਨਾਲ ਹਮਦਰਦੀ ਪ੍ਰਗਟ ਕਰਨ ਵਾਲੇ ਇਲਾਕੇ ਦੇ ਸਿੱਖਾਂ ਨੇ ਭਾਈ ਤਾਰਾ ਸਿੰਘ ਨੂੰ ਬਚ ਕੇ ਰਹਿਣ ਲਈ ਬੇਨਤੀਆਂ ਕੀਤੀਆਂ ।ਇਲਾਕੇ ਦੇ ਸਿੱਖਾਂ ਦਾ ਕਹਿਣਾ ਸੀ, ਇਲਾਕੇ ਦੇ ਗਰੀਬ ਗੁਰਬੇ ਦੀ ਰੱਖਿਆ ਖ਼ਾਤਰ ਤੁਹਾਨੂੰ ਸਰੀਰ ਕਰਕੇ ਸਾਡੀ ਅਗਵਾਈ ਕਰਨੀ ਜ਼ਰੂਰੀ ਹੈ ।

ਰਾਤ ਦੇ ਹਨ੍ਹੇਰੇ ਦੇ ਵਿੱਚ ਮੋਮਨ ਖ਼ਾਨ ਦੀਆਂ ਫ਼ੌਜਾਂ ਨੇ ਪਿੰਡ ਵਾਂ ਨੂੰ ਘੇਰਾ ਪਾ ਲਿਆ ।ਅੰਮ੍ਰਿਤ ਵੇਲੇ ਇਸ਼ਨਾਨ ਕਰਕੇ ਅਤੇ ਨਿੱਤਨੇਮ ਤੋਂ ਉਪਰੰਤ ਭਾਈ ਤਾਰਾ ਸਿੰਘ ਦੀ ਅਗਵਾਈ ਵਿੱਚ ਸਿੰਘ ਆਪਣੇ-ਆਪਣੇ ਮੋਰਚਿਆਂ ਵਿੱਚ ਡੱਟ ਗਏ ।ਗਹਿਗੱਚ ਯੁੱਧ ਹੋਇਆ ।ਹਰ ਇਕ ਸਿੰਘ ਜਾਨ ਹੂਲ ਕੇ ਲੜਿਆ ।ਰਾਤ ਪੈ ਜਾਣ ਕਾਰਨ ਲੜਾਈ ਬੰਦ ਹੋ ਗਈ ।24 ਦਸੰਬਰ, 1725 ਨੂੰ ਸਵੇਰ ਸਮੇਂ ਮੁੜ ਯੁੱਧ ਆਰੰਭ ਹੋ ਗਿਆ ।ਭਾਈ ਤਾਰਾ ਸਿੰਘ ਵਾਂ ਦੀ ਅਗਵਾਈ ਵਿੱਚ 21 ਸਿੰਘਾਂ ਨੇ ਆਪਣੇ-ਆਪਣੇ ਸ਼ਸਤਰਾਂ ਦੀ ਵਰਤੋਂ ਕਰਦਿਆਂ ਦੁਸ਼ਮਣ ਨੂੰ ਭਾਜੜਾਂ ਪੁਆ ਦਿੱਤੀਆਂ ।ਸੈਨਾਪਤੀ ਮੋਮਨ ਖ਼ਾਨ ਦੀਆਂ ਫੌਜਾਂ ਦਾ ਨੁਕਸਾਨ ਹੱਦ ਤੋਂ ਵੀ ਵੱਧ ਹੋਇਆ ।ਹੁਣ 21 ਸਿੰਘਾਂ ਦੇ ਸ਼ਹੀਦੀ ਜਾਮ ਪੀਣ ਤੋਂ ਪਿੱਛੋਂ ਇਨ੍ਹਾਂ ਸਾਰੇ ਯੋਧਿਆਂ ਦੇ ਸਿਰਾਂ ਨੂੰ ਨੇਜਿਆਂ ਉੱਪਰ ਟੰਗ ਕੇ ਮੋਮਨ ਖ਼ਾਨ ਜਿੱਤ ਦੇ ਨਗਾਰੇ ਵਜਾਉਂਦਾ ਅਤੇ ਜਿੱਤ ਦੇ ਜਸ਼ਨ ਮਨਾਉਂਦਾ ਬਾਕੀ ਬਚੇ ਫ਼ੌਜੀਆਂ ਸਮੇਤ ਜ਼ਕਰੀਆ ਖ਼ਾਨ ਦੇ ਦਰਬਾਰ ਵਿੱਚ ਲਾਹੌਰ ਪੁੱਜਾ ।ਮੋਮਨ ਖ਼ਾਨ ਨੇ ਆਪਣੇ ਨੇਜੇ ਉੱਪਰ ਸ਼ਹੀਦ ਭਾਈ ਤਾਰਾ ਸਿੰਘ ਵਾਂ ਦਾ ਸੀਸ ਟੰਗਿਆ ਹੋਇਆ ਸੀ ।

ਜਦੋਂ ਇਸ ਮੁਖ਼ਬਰੀ ਕਾਰਨ ਹੋਏ ਹਮਲੇ ਵਿੱਚ ਹੋਈਆਂ ਇਨ੍ਹਾਂ ਸ਼ਹਾਦਤਾਂ ਦੀ ਖ਼ਬਰ ਖ਼ਾਲਸੇ ਨੂੰ ਮਿਲੀ ਤਾਂ ਦੂਰ ਦੁਰਾਡੇ ਜੰਗਲਾਂ-ਬੇਲਿਆਂ ਵਿੱਚ ਰਹਿੰਦੇ ਖ਼ਾਲਸਾ ਪੰਥ ਨੇ 1726 ਦਾ ਸਾਲ ਚੜ੍ਹਦਿਆਂ ਹੀ ਸਰਬੱਤ-ਖ਼ਾਲਸਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਵਿੱਚ ਬੁਲਾਇਆ ।ਸਰਬੱਤ-ਖ਼ਾਲਸਾ ਦੇ ਗੁਰਮਤੇ ਮੁਤਾਬਿਕ ਇਨ੍ਹਾਂ ਸ਼ਹਾਦਤਾਂ ਦਾ ਬਦਲਾ ਲੈਣ ਤੋਂ ਇਲਾਵਾ ਮੁਖ਼ਬਰੀ ਕਰਨ ਵਾਲੇ ਦੋਖੀਆਂ ਨੂੰ ਸਖ਼ਤ ਸਜਾਵਾਂ ਦੇਣ ਅਤੇ ਸੋਧਣ ਦਾ ਫੈਸਲਾ ਕੀਤਾ ਗਿਆ ।ਇਸ ਮਹਾਨ ਸ਼ਹੀਦ ਭਾਈ ਤਾਰਾ ਸਿੰਘ ਵਾਂ ਦੇ ਸਿਦਕ, ਸਿਰੜ ਤੇ ਕੌਮੀ ਸੇਵਾ ਦੀ ਚਰਚਾ ਉਸ ਸਮੇਂ ਦੇ ਸਮੁੱਚੇ ਸਿੱਖ ਪੰਥ ਵਿੱਚ ਹੋ ਰਹੀ ਸੀ ।ਸ਼ਹੀਦ ਭਾਈ ਤਾਰਾ ਸਿੰਘ ਵਾਂ ਅਤੇ ਇਸ ਅਸਾਂਵੇ ਯੁੱਧ ਦੇ ਸ਼ਹੀਦਾਂ ਨੂੰ ਸਾਡਾ ਪ੍ਰਣਾਮ।

### ਸਾਹਿਬਜ਼ਾਦਿਆ ਦੇ ਸ਼ਹੀਦੀ ਦਿਹਾੜੇ ਉਤੇ ਵੱਡੀ ਗਿਣਤੀ ਵਿਚ ਪੰਜਾਬੀ ਅਤੇ

# ਸਿੱਖ ਖ਼ਾਲਿਸਤਾਨ ਦੇ ਝੰਡੇ ਲਹਿਰਾਕੇ ਟਰਾਲੀਆਂ ਵਿਚ ਆ ਰਹੇ ਹਨ, ਜੋ ਸੈਂਟਰ ਦੀ ਸਰਕਾਰ ਲਈ ਗੰਭੀਰ ਸੰਦੇਸ਼ ਹੈ : ਮਾਨ



**ਫ਼ਤਹਿਗੜ੍ਹ ਸਾਹਿਬ, 24 ਦਸੰਬਰ (ਆਵਾਜ਼ਿ ਕੌਮ ਬਿਊਰੋ)**-“ਪੰਜਾਬੀ ਤੇ ਸਿੱਖ ਵੱਸੋ ਪੰਜਾਬ ਦੇ ਸਭ ਹਿੱਸਿਆ ਬਠਿੰਡਾ, ਮੋਗਾ, ਦੋਆਬਾ, ਮਾਝਾ ਅਤੇ ਮਾਲਵੇ ਦੇ ਨਾਲ-ਨਾਲ ਹਰਿਆਣੇ ਵਿਚੋ ਵੀ ਬਹੁਤ ਵੱਡੀ ਗਿਣਤੀ ਵਿਚ ਸੜਕਾਂ ਤੇ ਆਪੋ ਆਪਣੀਆ ਟਰਾਲੀਆ ਤੇ ਖ਼ਾਲਿਸਤਾਨੀ ਝੰਡੇ ਲਹਿਰਾਕੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਆਪਣੇ ਮਹਾਨ ਸ਼ਹੀਦਾਂ ਸ਼ਹੀਦ ਬਾਬਾ ਜੋਰਾਵਰ ਸਿੰਘ, ਸ਼ਹੀਦ ਬਾਬਾ ਫਤਹਿ ਸਿੰਘ, ਸ਼ਹੀਦ ਮਾਤਾ ਗੁਜਰ ਕੌਰ, ਦੀਵਾਨ ਟੋਡਰ ਮੱਲ, ਬਾਬਾ ਮੋਤੀ ਸਿੰਘ ਮਹਿਰਾ ਨੂੰ ਸਤਿਕਾਰ ਸਹਿਤ ਸਰਧਾ ਦੇ ਫੁੱਲ ਭੇਟ ਕਰਨ ਆ ਰਹੇ ਹਨ ।ਪੰਜਾਬ, ਹਰਿਆਣਾ, ਰਾਜਸਥਾਂਨ ਅਤੇ ਦਿੱਲੀ ਦਾ ਕੋਈ ਇਲਾਕਾ ਅਜਿਹਾ ਨਹੀ ਜਿਥੋ ਸਿੱਖ ਕੌਮ ਇਸ ਮੌਕੇ ਤੇ ਵੱਡੀ ਗਿਣਤੀ ਵਿਚ ਨਾ ਆ ਰਹੀ ਹੋਵੇ ।ਦੂਸਰੇ ਪਾਸੇ ਸ. ਜਗਜੀਤ ਸਿੰਘ ਡੱਲੇਵਾਲ ਕਿਸਾਨ ਆਗੂ ਹਰਿਆਣਾ ਦੀ ਖਨੌਰੀ ਸਰਹੱਦ ਉਤੇ ਬੀਤੇ 30 ਦਿਨਾਂ ਤੋਂ ਮਰਨ ਵਰਤ ਤੇ ਬੈਠੇ ਹਨ ।ਉਹ ਇਥੋ ਤੱਕ ਦ੍ਰਿੜ ਹਨ ਕਿ ਉਹ ਨਾ ਤਾਂ ਸਰਕਾਰ ਤੋ ਕੋਈ ਹੈਲਥ ਟਰੀਟਮੈਂਟ ਲੈ ਰਹੇ ਹਨ ਅਤੇ ਨਾ ਹੀ ਕੁਝ ਖਾਂ-ਪੀ ਰਹੇ ਹਨ ।ਇਹੀ ਵਜਹ ਹੈ ਕਿ ਉਨ੍ਹਾਂ ਦੀ ਸਿਹਤ ਦਿਨ-ਬ-ਦਿਨ ਬਹੁਤ ਬਦਤਰ ਹੁੰਦੀ ਜਾ ਰਹੀ ਹੈ ।ਜੋ ਪੰਜਾਬ ਤੇ ਹਰਿਆਣਾ ਤੋ ਸੰਗਤਾਂ ਆ ਰਹੀਆ ਹਨ, ਇਹ ਮੋਦੀ ਸਰਕਾਰ ਲਈ ਬਹੁਤ ਹੀ ਸੰਜੀਦਾ ਅਤੇ ਗੰਭੀਰ ਸਵਾਲ ਹੈ ਕਿ ਜੇਕਰ ਮੋਦੀ ਹਕੂਮਤ ਨੇ ਕਿਸਾਨਾਂ ਦੀਆਂ ਜਾਇਜ ਮੰਗਾਂ ਨੂੰ ਪੂਰਨ ਕਰਨ ਲਈ ਕੋਈ ਅਮਲ ਨਾ ਕੀਤਾ ਤਾਂ ਇਹ ਸਮੁੱਚੇ ਪੰਜਾਬ ਤੇ ਹਰਿਆਣੇ ਤੋਂ ਖ਼ਾਲਿਸਤਾਨ ਦੇ ਝੰਡੇ ਲਹਿਰਾਕੇ ਆਪਣੇ ਸ਼ਹੀਦਾਂ ਨੂੰ ਨਤਮਸਤਕ ਹੋਣ ਲਈ ਆ ਰਹੇ ਸਿੱਖ ਮੋਦੀ ਹਕੂਮਤ ਲਈ ਬਹੁਤ ਵੱਡੀ ਚੁਣੋਤੀ ਵੀ ਬਣ ਸਕਦੇ ਹਨ ਅਤੇ ਜੇਕਰ ਡੱਲੇਵਾਲ ਸਾਬ ਦਾ ਕੋਈ ਸਰੀਰਕ ਨੁਕਸਾਨ ਹੋ ਗਿਆ ਤਾਂ ਮੋਦੀ ਹਕੂਮਤ ਹਾਲਾਤਾਂ ਨੂੰ ਸਾਂਭਣ ਤੋ ਅਸਮਰੱਥ ਹੋ ਜਾਵੇਗੀ ।ਜਿਸਦੇ ਨਤੀਜੇ ਹੋਰ ਵੀ ਖਤਰਨਾਕ ਸਾਬਤ ਹੋ ਸਕਦੇ ਹਨ ।” ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸੈਟਰ ਦੀ ਮੁਤੱਸਵੀ ਮੋਦੀ ਹਕੂਮਤ ਜੋ ਪੰਜਾਬ ਸੂਬੇ, ਪੰਜਾਬੀਆਂ ਤੇ ਸਿੱਖ ਕੌਮ ਵਿਰੁੱਧ ਨਫਰਤ ਭਰੀ ਸੋਚ ਰੱਖਦੀ ਹੈ ਅਤੇ ਜੋ ਪੰਜਾਬੀਆਂ ਤੇ ਸਿੱਖਾਂ ਦੇ ਅਤਿ ਸੰਜੀਦਾ ਮਸਲਿਆ ਨੂੰ ਵੀ ਗੰਭੀਰਤਾ ਨਾਲ ਨਹੀ ਲੈ ਰਹੀ ਉਸ ਨੂੰ ਆਉਣ ਵਾਲੇ ਬਣਦੇ ਜਾ ਰਹੇ ਬਦਤਰ ਹਾਲਾਤਾਂ ਤੋ ਖਬਰਦਾਰ ਕਰਦੇ ਹੋਏ ਅਤੇ ਸ. ਜਗਜੀਤ ਸਿੰਘ ਡੱਲੇਵਾਲ ਵੱਲੋ ਰੱਖੀਆ ਕਿਸਾਨੀ ਮੰਗਾਂ ਦੀ ਫੌਰੀ ਪੂਰਤੀ ਕਰਨ ਦੀ ਜੋਰਦਾਰ ਗੁਜਾਰਿਸ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਪੰਜਾਬੀ ਤੇ ਸਿੱਖ ਜਿੰਮੀਦਾਰ ਹਰ ਖੇਤਰ ਵਿਚ ਇੰਡੀਆਂ ਦੇ ਉੱਦਮਾਂ ਵਿਚ ਕੇਵਲ ਬੀਤੇ ਸਮੇ ਤੋ ਸਹਿਯੋਗ ਹੀ ਨਹੀ ਕਰਦੇ ਆ ਰਹੇ ਬਲਕਿ ਸਰਹੱਦਾਂ ਉਤੇ ਸ਼ਹਾਦਤਾਂ ਤੇ ਕੁਰਬਾਨੀਆ ਦੇ ਕੇ ਇੰਡੀਆ ਦੀ ਨਿਰੰਤਰ ਰੱਖਿਆ ਕਰਨ ਦੀ ਜਿੰਮੇਵਾਰੀ ਵੀ ਨਿਭਾਉਦੇ ਆ ਰਹੇ ਹਨ ।ਫਿਰ ਉਹ ਕਾਨੂੰਨੀ ਵਿਵਸਥਾਂ ਇਥੋ ਦੇ ਅਮਨ ਚੈਨ ਤੇ ਜਮਹੂਰੀਅਤ ਨਿਯਮਾਂ ਤੇ ਕਾਨੂੰਨਾਂ ਦਾ ਵੀ ਪਾਲਣ ਕਰਦੇ ਆ ਰਹੇ ਹਨ ।ਫਿਰ ਉਨ੍ਹਾਂ ਨਾਲ ਐਨੇ ਲੰਮੇ ਸਮੇ ਤੋ ਕੀਤੀਆ ਜਾਂਦੀਆ ਆ ਰਹੀਆ ਗੈਰ ਵਿਧਾਨਿਕ ਗੈਰ ਸਮਾਜਿਕ ਬੇਇਨਸਾਫ਼ੀਆਂ ਜ਼ਬਰ ਜੁਲਮ ਦੇ ਅਮਲ ਕਰਕੇ ਹੁਕਮਰਾਨ ਇਥੋ ਦੇ ਹਾਲਾਤਾਂ ਨੂੰ ਵਿਸਫੋਟਕ ਕਿਉਂ ਬਣਾ ਰਹੇ ਹਨ ? ਜਦੋਕਿ ਚਾਹੀਦਾ ਇਹ ਹੈ ਕਿ ਜਿਸ ਸਿੱਖ ਕੌਮ ਨੇ ਹਰ ਖੇਤਰ ਵਿਚ ਮੋਹਰੀ ਹੋ ਕੇ ਭੂਮਿਕਾ ਨਿਭਾਈ ਹੈ ਅਤੇ ਨਿਭਾਉਦੀ ਆ ਰਹੀ ਹੈ, ਉਸਦੇ ਨਾਲ ਹੋ ਰਹੇ ਵਿਤਕਰੇ ਤੇ ਬੇਇਨਸਾਫ਼ੀਆਂ ਨੂੰ ਸੰਜੀਦਗੀ ਨਾਲ ਖਤਮ ਕੀਤਾ ਜਾਵੇ ਅਤੇ ਜੋ ਬੀਤੇ ਲੰਮੇ ਸਮੇ ਤੋ ਸਰਹੱਦਾਂ ਉਤੇ ਗਰਮੀ-ਸਰਦੀ, ਮੀਹ-ਕਣੀ ਵਿਚ ਬੈਠਕੇ ਆਪਣੀਆ ਮੰਗਾਂ ਦੀ ਪੂਰਤੀ ਕਰਵਾਉਣ ਲਈ ਆਪਣੀਆ ਕੀਮਤੀ ਜਾਨਾਂ ਦੀ ਵੀ ਪ੍ਰਵਾਹ ਨਹੀ ਕਰ ਰਹੇ ਉਨ੍ਹਾਂ ਦੀਆਂ ਜਿੰਦਗਾਨੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਹਰ ਖੇਤਰ ਵਿਚ ਸੁਰੱਖਿਅਤ ਕੀਤਾ ਜਾਵੇ ਤੇ ਇਨਸਾਫ਼ ਦਿੱਤਾ ਜਾਵੇ ।ਵਰਨਾ ਜੇਕਰ ਹੁਕਮਰਾਨਾਂ ਨੇ ਅਣਗਹਿਲੀ ਕੀਤੀ ਤਾਂ ਉਸਦੇ ਮਾੜੇ ਨਤੀਜਿਆ ਲਈ ਹੁਕਮਰਾਨ ਹੀ ਜਿੰਮੇਵਾਰ ਹੋਣਗੇ ਨਾ ਕਿ ਪੰਜਾਬੀ, ਸਿੱਖ ਅਤੇ ਜਿੰਮੀਦਾਰ ।ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਕੋਈ ਕਿਸੇ ਤਰ੍ਹਾਂ ਦੀ ਅਣਹੋਣੀ ਘਟਨਾ ਵਾਪਰਨ ਤੋ ਪਹਿਲੇ ਮੋਦੀ ਹਕੂਮਤ ਬਦਤਰ ਹੁੰਦੇ ਜਾ ਰਹੇ ਹਾਲਾਤਾਂ ਨੂੰ ਸਹੀ ਸਮੇ ਤੇ ਕਾਬੂ ਪਾ ਕੇ ਜਿੰਮੀਦਾਰਾਂ ਤੇ ਪੰਜਾਬੀਆਂ ਵਿਚ ਪਾਈ ਜਾਣ ਵਾਲੀ ਅਸੁੰਤਸਟੀ ਨੂੰ ਖਤਮ ਕਰੇਗੀ।

# ਕਰਨੈਲ ਸਿੰਘ ਪੰਜੋਲੀ ਨੇ ਭਗਵੰਤ ਮਾਨ ਨੂੰ ਦਿੱਤਾ ਮੰਗ ਪੱਤਰ

## ਭਗਵੰਤ ਮਾਨ ਨੇ ਮਸਲੇ ਹੱਲ ਕਰਨ ਦਿੱਤਾ ਭਰੋਸਾ : ਕਰਨੈਲ ਸਿੰਘ ਪੰਜੋਲੀ





**ਚੰਡੀਗੜ੍ਹ, 24 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਨੂੰ ਅੱਜ ਗੁਰਦੂਆਰਾ ਸ੍ਰੀ ਫਤਹਿਗੜ ਸਾਹਿਬ ਵਿਖੇ ਇੱਕ ਮੰਗ ਪੱਤਰ ਦੇ ਕੇ ਮੰਗ ਕੀਤੀ ਕਿ ਗੁਰਦੂਆਰਾ ਸ੍ਰੀ ਫਤਹਿਗੜ ਸਾਹਿਬ ਦੇ ਆਲੇ ਦੁਆਲੇ ਨੂੰ ਸੁੰਦਰ ਬਨਾਉਣ ਲਈ ਜ਼ਰੂਰੀ ਹੈ ਕਿ ਗੁਰਦੂਆਰਾ ਸ੍ਰੀ ਫਤਹਿਗੜ ਸਾਹਿਬ ਦੇ ਪਿਛਲੇ ਪਾਸੇ ਦੀ ਲੰਘ ਰਿਹਾ ਚੋਅ ਪੱਕਾ ਕੀਤਾ ਜਾਵੇ ਅਤੇ ਸਿੱਧਾ ਵੀ ਕੀਤਾ ਜਾਵੇ ਅਤੇ ਨਾਲ ਬਾਬ ਬੰਦਾ ਬਹਾਦਰ ਪਾਲੇਟਿਕਨਿੱਕ ਕਾਲਜ ਪਾਸ ਚੋਅ ਉੂਪਰ ਬਣੀ ਪੂਲ਼ੀ ਤੋੜ ਕੇ ਨਵੇ ਸਿਰਿਓ ਵੱਡੀ ਅਤੇ ਉੂਚੀ ਕਰਕੇ ਬਣਾਈ ਜਾਵੇ ਜੀ ।ਸਰਦਾਰ ਪੰਜੋਲੀ ਦੱਸਿਆ ਕਿ ਉੂਹਨਾ ਨੇ ਪਹਿਲਾਂ ਵੀ ਹਰ ਸਰਕਾਰ ਨੂੰ ਚੋਅ ਪੱਕਾ ਕਰਨ ਅਤੇ ਸਿੱਧਾ ਕਰਨ ਲਈ ਮੰਗ ਪੱਤਰ ਦਿੱਤੇ ਸਨ ।ਜਿਸ ਦੇ ਸਿੱਟੇ ਵਜੋਂ ਪੰਜਾਬ ਦੇ ਉੂਸ ਸਮੇ ਦੇ ਤਤਕਾਲੀ ਮੁੱਖ ਮੰਤਰੀ ਕੈਪਟਨ ਅਮਰਇੰਦਰ ਸਿੰਘ ਨੇ ਚੋਅ ਦਾ ਕੁੱਝ ਹਿੰਸਾ ਪੱਕਾ ਕਰ ਦਿੱਤਾ ਸੀ ।ਅਤੇ ਕੁੱਝ ਬਾ.ਤਰੂਮ ਵੀ ਬਣਾ ਦਿੱਤੇ ਸਨ । ਸਰਦਾਰ ਕਰਨੈਲ ਸਿੰਘ ਪੰਜੋਲੀ ਨੇ ਦੱਸਿਆ ਕਿ ਦੂਸਰੀ ਮੰਗ ਸੀ ਕਿ ਗੁਰਦੂਆਰਾ ਸ੍ਰੀ ਫਤਹਿਗੜ ਸਾਹਿਬ ਅਤੇ ਗੁਰਦੂਆਰਾ ਸ੍ਰੀ ਜੋਤੀ ਸਰੂਪ ਸਾਹਿਬ ਨੂੰ ਵੱਖ ਵੱਖ ਪਿੰਡਾਂ ਤੋ ਜਿਹੜੀਆਂ ਸੜਕਾਂ ਆਉਂਦੀਆਂ ਹਨ ਉੂਹ ਸਿਰਫ 10 ਫੁੱਟ ਹੀ ਚੌੜੀਆਂ ਹਨ ਜਿਸ ਕਰਕੇ ਸ਼ਹੀਦੀ ਜੋੜਮੇਲੇ ਸਮੇ ਟਰਾਲੀਆ ਦੇ ਆਉੂਣ ਜਾਣ ਲਈ ਇਹ ਸੜਕਾ ਬਹੁਤ ਤੰਗ ਰਹਿ ਜਾਂਦੀਆਂ ਹਨ ।ਮੰਗ ਪੱਤਰ ਵਿੱਚ ਕਿਹਾ ਗਿਆ ਕਿ ਇਹ ਸੜਕਾ ਘੱਟੋ ਘੱਟ 24 ਫੁੱਟ ਚੌੜੀਆਂ ਹੋਣੀਆ ਚਾਹੀਦੀਆਂ ਹਨ ਤਾਂ ਟਰੈਫਿੱਕ ਕਾਰਨ ਸੰਗਤਾਂ ਨੂੰ ਮੁਸ਼ਕਲਾਂ ਨਾ ਆਉੂਣ। ਇੱਕ ਹੋਰ ਮੰਗ ਰਾਹੀ ਸਰਦਾਰ ਪੰਜੋਲੀ ਨੇ ਕਿਹਾ ਕਿ ਅੱਲਾਜਾਰ ਖਾਂ ਯੋਗੀ ਨੇ ਗੁਰੂ ਗੋਬਿੰਦ ਸਿੰਘ ਸਾਹਿਬ ਦੇ ਪੁੱਤਰਾ ਦੀ ਸ਼ਹੀਦੀ ਸਬੰਧੀ ਦੋ ਮਰਸੀਏ ਗੰਜੇ ਸਹੀਦੇ ਸਰਹਿੰਦ ਅਤੇ ਚਮਕੌਰ ਸਾਹਿਬ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਲਿਖ ।ਉੂਸ ਦੀ ਚਮਕੌਰ ਸਾਹਿਬ ਅਤੇ ਸਰਹਿੰਦ ਵਿਖੇ ਕੋਈ ਢੁੱਕਵੀ ਯਾਦਗਾਰ ਬਣਾਈ ਜਾਵੇ ਜੀ ।ਮੁੱਖ ਮੰਤਰੀ ਸਾਹਿਬ ਨੇ ਕਿਹਾ ਕਿ ਮੈਂ ਆਪ ਜੀ ਨਾਲ ਫੋਨ ਉੂੱਤੇ ਗੱਲ ਕਰਾਂਗਾ ।ਯਾਦ ਰਹੇ ਸਰਦਾਰ ਕਰਨੈਲ ਪੰਜੋਲੀ ਨੇ ਪਿਛਲੇ ਸਮੇਂ ਵੀ ਮੁੱਖ ਮੰਤਰੀ ਨੂੰ ਮੰਗ ਪੱਤਰ ਰਾਹੀ ਮੰਗ ਕੀਤੀ ਸੀ ਕਿ ਫਤਹਿਗੜ ਸਾਹਿਬ ਜੋ ਸ਼ਹੀਦੀ ਜੋੜਮੇਲ ਸਮੇ ਸੰਗਤਾਂ ਦੀ ਸਹੂਲਤ ਲਈ ਪਬਲਿੱਕ ਬਾਥਰੂਮ ਬਣਾਏ ਸਨ , ਉੂਹ ਸਾਰੇ ਹੀ ਖ਼ਰਾਬ ਹੋ ਗਏ ਹਨ ।ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨੇ ਉੂਸ ਸਮੇ ਵੀ ਮੇਰੀ ਬੇਨਤੀ ਪ੍ਰਵਾਨ ਕਰਕੇ 7 ਕਰੋੜ 64 ਲੱਖ ਰੂਪੈ ਦੀ ਲਾਗਤ ਨਾਲ 20 ਸੈਂਟ ਬਾਥਰੂਮਾਂ ਦੇ ਬਣਾ ਦਿੱਤੇ ਹਨ ।ਹੁਣ ਵੀ ਮੁੱਖ ਮੰਤਰੀ ਸਾਹਿਬ ਨੇ ਭਰੋਸਾ ਦਿੱਤਾ ਹੈ ਕਿ ਤੁਹਾਡੇ ਵੱਲੋ ਦਿੱਤਾ ਗਿਆ ਮੰਗ ਪੱਤਰ ਵਿਚਲੀਆਂ ਸਾਰੀਆਂ ਮੰਗਾਂ ਪ੍ਰਵਾਨ ਕਰ ਲਈਆਂ ਜਾਣਗੀਆਂ ।

## “ਈਕੋ ਰਚਨਾਤਮਕਤਾ ਅਤੇ ਨਵੀਨਤਾ ਹੈਕਾਥੋਨ” ਵਿੱਚ ਪੰਜਾਬ ਰਾਸ਼ਟਰੀ ਪੱਧਰ ’ਤੇ ਚਮਕਿਆ



**ਤਲਵੰਡੀ ਸਾਬੋ, 23 ਦਸੰਬਰ (ਗੁਰਜੰਟ ਸਿੰਘ ਨਥੇਹਾ)**-ਐਨ. ਡੀ. ਐਸ. ਸੀ. ਕਨਵੈਨਸ਼ਨ ਸੈਂਟਰ ਨਵੀਂ ਦਿੱਲੀ ਵਿਖੇ ਵਾਤਾਵਰਨ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਵੱਲੋਂ ਵਾਤਾਵਰਨ ਸਿੱਖਿਆ ਪ੍ਰੋਗਰਾਮ ਅਧੀਨ ਈਕੋ ਰਚਨਾਤਮਕਤਾ ਅਤੇ ਨਵੀਨਤਾ ਹੈਕਾਥੋਨ ਸਮਾਰੋਹ ਆਯੋਜਿਤ ਕੀਤਾ ਗਿਆ। ਜਿਸ ਵਿੱਚ ਨੌਜਵਾਨਾਂ ਵਿੱਚ ਨਵੀਨਤਾਂ ਅਤੇ ਤਕਨਾਲੋਜੀ ਦੀ ਵਰਤੋਂ ਕਰਕੇ ਵਾਤਾਵਰਨ ਸੰਬੰਧੀ ਚਣੌਤੀਆਂ ਅਤੇ ਸਮਾਧਾਨ ਵਿਸ਼ੇ ’ਤੇ ਵਿਚਾਰ ਕਰਨ ਲਈ ਉਹਨਾਂ ਦੇ ਨਵੇਂ ਵਿਚਾਰਾਂ ਦੇ ਕਰਵਾਏ ਗਏ ਮੁਕਾਬਲਿਆਂ ਦੇ ਜੇਤੂ ਬੁਲਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਦੇਸ਼ ਭਰ ਦੇ 4, 11, 711 ਯੁਵਾ ਪ੍ਰਤੀਭਾਗੀਆਂ ਨੇ ਹਿੱਸਾ ਲਿਆ ਤੇ ਦੇਸ਼ ਭਰ ਦੇ 1,90,033 ਨਵੀਨਤਾਕਾਰੀ ਵਿਚਾਰ ਪੇਸ਼ ਕੀਤੇ ਗਏ। ਪੰਜਾਬ ਵੱਲੋਂ ਪੀ.ਐਸ.ਸੀ.ਐੱਸ.ਟੀ. ਦੇ ਸੰਯੁਕਤ ਨਿਰਦੇਸ਼ਕ ਡਾ.ਕੇ.ਐੱਸ.ਬਾਠ ਦੀ ਪ੍ਰੇਰਨਾ ਅਤੇ ਯਤਨਾਂ ਸਦਕਾ 1,78,719 ਵਿਦਿਆਰਥੀਆਂ ਨੇ ਹਿੱਸਾ ਲਿਆ ਤੇ ਵਾਤਾਵਰਨ ਸੰਬੰਧੀ ਮੁੱਦਿਆਂ ਤੇ 105,970 ਰਚਨਾਤਮਕ ਵਿਚਾਰ ਪੇਸ਼ ਕੀਤੇ ਗਏ। ਉਹਨਾਂ ਦੀ ਇਸ ਮਿਹਨਤ ਨੂੰ ਹੁਗਾਰਾ ਦੇਣ ਲਈ ਆਯੋਜਕਾਂ ਵੱਲੋਂ ਡਾ. ਬਾਠ ਨੂੰ ਰਾਜ ਪੱਧਰੀ ਸਨਮਾਨ ਨਾਲ ਸਨਮਾਨਿਤ ਕੀਤਾ ਗਿਆ। ਇਸ ਸਮਾਰੋਹ ਬਾਰੇ ਜਾਣਕਾਰੀ ਦਿੰਦਿਆਂ ਡਾ. ਬਾਠ ਨੇ ਦੱਸਿਆ ਕਿ ਨਵੀਨਤਾਕਾਰੀ ਪ੍ਰੋਜੈਕਟ ਲਈ ਡੀ.ਏ.ਵੀ.ਪਬਲਿਕ ਸਕੂਲ ਪੱਖੋਵਾਲ ਲੁਧਿਆਣਾ ਦੇ ਵਿਦਿਆਰਥੀ ਅਸੀਸ ਨੂੰ 10000/- ਦਾ ਨਕਦ ਇਨਾਮ ਦਿੱਤਾ ਗਿਆ। ਇਸ ਮੌਕੇ ਪੰਜਾਬ ਵੱਲੋਂ 4 ਪ੍ਰੋਜੈਕਟ ਵੀ ਪ੍ਰਦਰਸ਼ਿਤ ਕੀਤੇ ਗਏ। ਡਾ. ਮੰਦਾਕਨੀ ਪ੍ਰੋਜੈਕਟ ਕੋਆਰਡੀਨੇਟਰ ਅਤੇ ਡਾ. ਕੰਵਲਜੀਤ ਕੌਰ ਨੇ ਡਾ. ਬਾਠ ਨੂੰ ਇਸ ਪ੍ਰਾਪਤੀ ਦੀ ਵਧਾਈ ਦਿੱਤੀ ਤੇ ਕਿਹਾ ਕਿ ਵਾਤਾਵਰਨ ਸਿੱਖਿਆ ਪ੍ਰਤੀ ਨੌਜਵਾਨਾਂ ਵਿੱਚ ਵੱਧ ਰਹੇ ਉਤਸ਼ਾਹ ਨੂੰ ਵੇਖਦੇ ਹੋਏ ਲਗਦਾ ਹੈ ਕਿ ਉਹ ਵਾਤਾਵਰਨ ਪੱਖੀ ਟਿਕਾਊ ਭਵਿੱਖ ਨੂੰ ਨਵਾਂ ਆਕਾਰ ਦੇਣ ਲਈ ਤਕਨਾਲੋਜੀ ਅਤੇ ਨਵੀਆਂ ਕਾਢਾਂ ਰਾਹੀ ਆਉਣ ਵਾਲੀ ਪੀੜੀ ਦਾ ਜੀਵਨ ਸੁਖਾਲਾ ਬਣਾਉਣਗੇ।

## ਗੁਰੂ ਕਾਸ਼ੀ ਯੂਨੀਵਰਸਿਟੀ ਨੇ ਆਲ ਇੰਡੀਆ ਇੰਟਰ ਯੂਨੀਵਰਸਿਟੀ

# ਬਾਕਸਿੰਗ (ਲੜਕੀਆਂ) ਚੈਂਪੀਅਨਸ਼ਿਪ 2024-25 ਜਿੱਤੀ




**ਤਲਵੰਡੀ ਸਾਬੋ 24 ਦਸੰਬਰ (ਗੁਰਜੰਟ ਸਿੰਘ ਨਥੇਹਾ)**- ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਦੀ ਰਹਿਨੁਮਾਈ ਹੇਠ ਹੋਈ ਆਲ ਇੰਡੀਆ ਇੰਟਰ ਯੂਨੀਵਰਸਿਟੀ ਬਾਕਸਿੰਗ ਚੈਂਪੀਅਨਸ਼ਿਪ ਲੜਕੀਆਂ-2024-25 ਦਾ ਤਾਜ ਮੇਜ਼ਬਾਨ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ. ਦੇ ਸਿਰ ਸਜਿਆ। ਜੀ.ਕੇ.ਯੂ. ਨੇ 5 ਸੋਨ, 2 ਚਾਂਦੀ ਅਤੇ 2 ਕਾਂਸੇ ਦੇ ਤਗਮੇ ਜਿੱਤ ਕੇ ਚੰਡੀਗੜ੍ਹ ਯੂਨੀਵਰਸਿਟੀ ਮੌਹਾਲੀ ਨੂੰ ਰਨਰਅੱਪ ਬਣਨ ਲਈ ਮਜ਼ਬੂਰ ਕੀਤਾ। ਇਸ ਮੌਕੇ ਇਨਾਮ ਵੰਡ ਸਮਾਰੋਹ ਵਿੱਚ ਡਾ. ਇੰਦਰਜੀਤ ਸਿੰਘ, ਉਪ ਕੁਲਪਤੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਡਾ. ਚੰਦਰ ਲਾਲ,ਦਰੋਣਾਚਾਰਿਆ ਅਵਾਰਡੀ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਮੌਕੇ ਪ੍ਰੋ.(ਡਾ.) ਇੰਦਰਜੀਤ ਸਿੰਘ ਉਪ ਕੁਲਪਤੀ ਨੇ ਇਨਾਮ ਦਿੰਦੇ ਹੋਏ ਕਿਹਾ ਕਿ ਭਾਰਤੀ ਲੜਕੀਆਂ ਨੇ ਖੇਡਾਂ ਵਿੱਚ ਭਾਰਤ ਦਾ ਨਾਂ ਅੰਤਰ-ਰਾਸ਼ਟਰੀ ਪੱਧਰ ਤੇ ਉੱਚਾ ਕੀਤਾ ਹੈ। ਉਨ੍ਹਾਂ ਆਯੋਜਕਾਂ ਨੂੰ 45 ਦਿਨ ਚੱਲਣ ਵਾਲੇ ਖੇਡ ਮੇਲੇ ਦੀ ਵਧਾਈ ਦਿੰਦੇ ਹੋਏ ਕਿਹਾ ਚੈਂਪੀਅਨਸ਼ਿਪ ਵਿੱਚ ਭਾਰਤ ਦੀਆਂ 166 ਯੂਨੀਵਰਸਿਟੀਆਂ ਦੇ ਲਗਭਗ 1200 ਖਿਡਾਰੀਆਂ ਨੇ ਹਿੱਸਾ ਲਿਆ ਹੈ। ਉਨ੍ਹਾਂ ਖਿਡਾਰੀਆਂ ਨੂੰ ਹੋਰ ਮਿਹਨਤ ਕਰਨ ਅਤੇ ਆਪਣੇ ਟੀਚੇ ਹੋਰ ਉੱਚੇ ਕਰਨ ਦੀ ਪ੍ਰੇਰਨਾ ਵੀ ਦਿੱਤੀ। ਡਾਇਰੈਕਟਰ ਸਪੋਰਟਸ ਡਾ. ਰਾਜ ਕੁਮਾਰ ਸ਼ਰਮਾ ਨੇ ਕਿਹਾ ਕਿ ਖਿਡਾਰੀਆਂ, ਕੋਚ ਅਤੇ ਅਧਿਕਾਰੀਆਂ ਦੇ ਪੱਕੇ ਇਰਾਦੇ, ਹੌਂਸਲੇ ਅਤੇ ਮਿਹਨਤ ਸਦਕਾ ਖਿਡਾਰੀਆਂ ਨੂੰ ਇਹ ਪ੍ਰਾਪਤੀਆਂ ਹਾਸਿਲ ਹੋਈਆਂ ਹਨ। ਚੈਂਪੀਅਨਸ਼ਿਪ ਦੇ ਨਤੀਜੇ 46 ਤੋਂ 48 ਕਿਲੋ ਭਾਰ ਵਰਗ ਵਿੱਚ ਕ੍ਰਮਵਾਰ ਮਲਿਕਾ ਮੋਰ ਰਵਿੰਦਰ ਨਾਥ ਟੈਗੋਰ ਯੂਨੀਵਰਸਿਟੀ ਮੱਧ ਪ੍ਰਦੇਸ਼ ਨੇ ਸੋਨ, ਗੁੱਡੀ ਚੌਧਰੀ ਬੰਸੀ ਲਾਲ ਯੂਨੀਵਰਸਿਟੀ ਭਿਵਾਨੀ ਨੇ ਚਾਂਦੀ, ਸਿਮਰਨ ਗੁਰੂ ਕਾਸ਼ੀ ਯੂਨੀਵਰਸਿਟੀ, ਭਾਰਤੀ ਮਹਾਂਰਿਸ਼ੀ ਦਇਆਨੰਦ ਯੂਨੀਵਰਸਿਟੀ ਨੇ ਕਾਂਸੇ, 50 ਕਿਲੋ ਭਾਰ ਵਰਗ ਵਿੱਚ ਏਕਤਾ ਸਰੋਜ, ਗੁਰੂ ਕਾਸ਼ੀ ਯੂਨੀਵਰਸਿਟੀ ਨੇ ਸੋਨ, ਤਮੰਨਾ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਫਗਵਾੜਾ ਨੇ ਚਾਂਦੀ, ਨੀਤੂ ਰਾਣੀ ਗੁਰੂ ਜੰਮਵੇਸ਼ਵਰ ਯੂਨੀਵਰਸਿਟੀ ਆਫ਼ ਸਾਇੰਡ ਐਂਡ ਟਕਨਾਲੋਜੀ ਹਿਸਾਰ, ਸ਼ੀਤਲ ਰਾਣੀ ਸਪੋਰਟਸ ਯੂਨੀਵਰਸਿਟੀ ਆਫ਼ ਹਰਿਆਣਾ ਨੇ ਕਾਂਸੇ, 52 ਕਿਲੋ ਭਾਰ ਵਰਗ ਵਿੱਚ ਪ੍ਰਿਅੰਕਾ ਗੁਰੂ ਕਾਸ਼ੀ ਯੂਨੀਵਰਸਿਟੀ ਨੇ ਸੋਨ, ਮੋਹਨੀ ਸਪੋਰਟਸ ਯੂਨੀਵਰਸਿਟੀ ਆਫ਼ ਹਰਿਆਣਾ ਨੇ ਚਾਂਦੀ, ਘੋਰਪੜੇ ਦੇਵੀਕਾ ਸਵਿਤਰੀ ਬਾਈ ਫੂਲੇ ਯੂਨੀਵਰਸਿਟੀ, ਪੂਨੇ, ਪੂਜਾ ਚੌਧਰੀ ਰਣਬੀਰ ਸਿੰਘ ਯੂਨੀਵਰਸਿਟੀ, ਜੀਂਦ ਨੇ ਕਾਂਸੇ, 54 ਕਿਲੋ ਭਾਰ ਵਰਗ ਵਿੱਚ ਕਿਰਤੀ ਗੁਰੂ ਨਾਨਕ ਦੇਵੇ ਯੂਨੀਵਰਸਿਟੀ ਅੰਮ੍ਰਿਤਸਰ ਨੇ ਸੋਨ, ਹਰਮੀਤ ਕੌਰ ਗੁਰੂ ਕਾਸ਼ੀ ਯੂਨੀਵਰਸਿਟੀ ਨੇ ਚਾਂਦੀ, ਸੁਨੀਤਾ ਮਹਾਰਾਜਾ ਗੰਗਾ ਸਿੰਘ ਯੂਨੀਵਰਸਿਟੀ ਬੀਕਾਨੇਰ, ਆਰਜੂ ਭਗਤ ਫੂਲ ਮਹਿਲਾ ਵਿਸ਼ਵਵਿੱਦਿਆਲਿਆ ਨੇ ਕਾਂਸੇ, 57 ਕਿਲੋ ਭਾਰ ਵਰਗ ਵਿੱਚ ਵਿੰਕਾ ਕੁਰੁਕਸ਼ੇਤਰਾ ਯੂਨੀਵਰਸਿਟੀ ਨੇ ਸੋਨ, ਨੇਹਾ ਗੁਰੂ ਕਾਸ਼ੀ ਯੂਨੀਵਰਸਿਟੀ ਨੇ ਚਾਂਦੀ, ਵਿਸ਼ੂ ਰਾਠੀ ਸਪੋਰਟਸ ਯੂਨੀਵਰਸਿਟੀ ਆਫ਼ ਹਰਿਆਣਾ, ਚਾਰੂ ਯਾਦਵ ਯੂਨੀਵਰਸਿਟੀ ਆਫ਼ ਇੰਜੀਨਿਅਰਿੰਗ ਐਂਡ ਮੈਨੇਜਮੈਂਟ ਨੇ ਕਾਂਸੇ, 60 ਕਿਲੋ ਭਾਰ ਵਰਗ ਵਿੱਚ ਨਿਕਿਤਾ ਚਾਂਦ, ਸੋਬਨ ਸਿੰਘ ਜੀਨਾ ਯੂਨੀਵਰਸਟੀ ਅਲਮੋੜਾ ਨੇ ਸੋਨ, ਵਾਗਮੇਰੇ ਵੈਸ਼ਨਵੀ ਸਵਿੱਤਰੀ ਬਾਈ ਫੂਲੇ ਯੂਨੀਵਰਸਿਟੀ ਨੇ ਚਾਂਦੀ, ਅੰਕੂਰ ਯਾਦਵ ਚੌਧਰੀ ਰਣਬੀਰ ਸਿੰਘ ਯੂਨੀਵਰਸਿਟੀ ਜੀਂਦ, ਮਾਹੀ ਲਾਮਾ ਰਵਿੰਦਰਨਾਥ ਟੈਗੋਰ ਮੱਧ ਪ੍ਰਦੇਸ਼ ਨੇ ਕਾਂਸੇ,. 63 ਕਿਲੋ ਭਾਰ ਵਰਗ ਵਿੱਚ ਸਪਨਾ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਸੋਨ, ਹੁਦੀਰੋਮ ਅੰਮਬੇਸ਼ਵਰੀ ਦੇਵੀ ਮਨੀਪੂਰ ਯੂਨੀਵਰਸਿਟੀ ਮਨੀਪੁਰ ਨੇ ਚਾਂਦੀ, ਸ਼ਿਵਾਨੀ ਸੀ.ਟੀ.ਯੂਨੀਵਰਸਿਟੀ ਲੁਧਿਆਣਾ, ਵੰਸ਼ਿਕਾ ਯੂਨੀਵਰਸਿਟੀ ਆਫ਼ ਰਾਜਸਥਾਨ ਨੇ ਕਾਂਸੇ, 66 ਕਿਲੋ ਭਾਰ ਵਰਗ ਵਿੱਚ ਲਲਿਤਾ ਗੁਰੂ ਕਾਸ਼ੀ ਯੂਨੀਵਰਸਿਟੀ ਨੇ ਸੋਨ, ਅਰਸ਼ਦੀਪ ਕੌਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ ਚਾਂਦੀ, ਸੰਜਨਾ ਐਨ.ਆਈ.ਆਈ ਐਮ.ਯੂਨੀਵਰਸਿਟੀ ਕੈਥਲ, ਸੁਪਰੀਆ ਰਾਵਤ ਜਾਮੀਆ ਮਿਲੀਆ ਇਸਲਾਮੀਆ ਨਵੀਂ ਦਿਲੀ ਯੂਨੀਵਰਸਿਟੀ ਨੇ ਕਾਂਸੇ ਅਤੇ 80 ਕਿਲੋ ਤੋਂ ਵੱਧ ਭਾਰ ਵਰਗ ਵਿੱਚ ਵੰਸ਼ਿਕਾ ਗੋਸਵਾਮੀ ਹਿਮਾਚਲ ਯੂਨੀਵਰਸਿਟੀ ਸ਼ਿਮਲਾ ਨੇ ਸੋਨ, ਇਪਸੀਤਾ ਵਿਕਰਮ, ਛੱਤਰਪਤੀ ਸਾਹੂ ਜੀ ਮਹਾਰਾਜ ਯੂਨੀਵਰਸਿਟੀ ਕਾਨਪੁਰ ਨੇ ਚਾਂਦੀ ਅਤੇ ਜਾਗਰੂਤੀ ਯੂਨੀਵਰਸਿਟੀ ਆਫ਼ ਮੁੰਬਈ, ਨੀਤੂ ਸੀਟੀ ਯੂਨੀਵਰਸਿਟੀ ਲੁਧਿਆਣਾ ਨੇ ਕਾਂਸੇ ਦਾ ਤਗਮਾ ਹਾਸਲ ਕੀਤਾ। ਸਰਦੂਲ ਸਿੰਘ ਸਿੱਧੂ, ਡਾਇਰੈਕਟਰ ਵਿਦਿਆਰਥੀ ਭਲਾਈ ਨੇ ਸਭਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਵਰਸਿਟੀ ਖੇਡਾਂ ਦੇ ਪੱਧਰ ਅਤੇ ਖਿਡਾਰੀਆਂ ਦੇ ਖੇਡ ਕੌਸ਼ਲ ਨੂੰ ਉੱਚਾ ਚੁੱਕਣ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਸਮਾਰੋਹ ਮੌਕੇ ਡਾ. ਬਲਵਿੰਦਰ ਕੁਮਾਰ ਸ਼ਰਮਾ ਡੀਨ ਫੈਕਲਟੀ ਆਫ਼ ਐਜੂਕੇਸ਼ਨ ਨੇ ਡਾ. ਕੁਲਦੀਪ ਸਿੰਘ ਡਾਇਰੈਕਟਰ ਮੁਕਾਬਲੇ, ਮੁਕੇਸ਼ ਭਟਨਾਗਰ, ਟੈਕਨੀਕਲ ਡੈਲੀਗੇਟ, ਬਾਕਸਿੰਗ ਫੈਡਰੇਸ਼ਨ ਆਫ਼ ਇੰਡੀਆ ਦੇ ਅਧਿਕਾਰੀਆਂ, ਕੋਚ ਅਤੇ ਵੱਖ-ਵੱਖ ਵਿਭਾਗਾਂ ਦੇ ਫੈਕਲਟੀ ਮੈਂਬਰਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਫੇਰ ਜਿਤਾਂਗੇ ਦੀ ਕਾਮਨਾ ਨਾਲ ਇਹ ਚੈਂਪੀਅਨਸ਼ਿਪ ਸਮਾਪਤ ਹੋਈ।

**'ਵਰਸਿਟੀ ਦੀ ਝੋਲੀ ਪਾਏ 5 ਸੋਨ, 2 ਚਾਂਦੀ ਅਤੇ 2 ਕਾਂਸੇ ਦੇ ਤਗਮੇ**

ਆਵਾਜ਼ਿ ਕੌਮ AWAZE QAUM International Newspaper & WEB TV

## ਸਮਾਗਮ ਸਬੰਧੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੋਸਟਰ ਜਾਰੀ

# ਸ਼ਹੀਦੀ ਦਿਵਸ ਨੂੰ ਸਮਰਪਿਤ ਮਹਾਨ ਧਾਰਮਿਕ ਸਮਾਗਮ 31 ਦਸੰਬਰ ਤੋਂ ਪਿੰਡ ਮਲਕਾਣਾ ਵਿਖੇ




**ਤਲਵੰਡੀ ਸਾਬੋ, 24 ਦਸੰਬਰ (ਗੁਰਜੰਟ ਸਿੰਘ ਨਥੇਹਾ)**-ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਗੁਜਰ ਕੌਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤਿੰਨ ਰੋਜ਼ਾ 'ਮਹਾਨ ਕੀਰਤਨ ਦੀਵਾਨ' ਗੁਰਦੁਆਰਾ ਸਾਹਿਬ ਪਿੰਡ ਮਲਕਾਣਾ ਵਿਖੇ 31 ਦਸੰਬਰ ਤੋਂ 02 ਜਨਵਰੀ ਤੱਕ ਗ੍ਰਾਮ ਪੰਚਾਇਤ ਅਤੇ ਨਗਰ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾਵੇਗਾ। ਇਸ ਦੌਰਾਨ ਜਥੇਦਾਰ ਬਾਬਾ ਬੂਟਾ ਸਿੰਘ ਹਰ ਰੋਜ਼ ਬਾਅਦ ਦੁਪਹਿਰ 1 ਤੋਂ 4 ਵਜੇ ਤੱਕ ਦੀਵਾਨ ਸਜਾਉਣਗੇ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। 02 ਜਨਵਰੀ ਨੂੰ ਅੰਮ੍ਰਿਤ ਸੰਚਾਰ ਵੀ ਕਰਵਾਇਆ ਜਾਵੇਗਾ। ਸਮਾਗਮ ਦੇ ਆਯੋਜਨ ਸਬੰਧੀ ਅੱਜ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੋਸਟਰ ਜਾਰੀ ਕੀਤਾ ਗਿਆ। ਇਸ ਮੌਕੇ ਸਮਾਜ ਸੇਵਕ ਅੰਮ੍ਰਿਤਪਾਲ ਸਿੰਘ ਮਲਕਾਣਾ ਨੇ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਜੀ ਅਤੇ ਚਾਰੇ ਸਾਹਿਬਜਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀ ਸ਼ਹਾਦਤ ਨੂੰ ਲੈਕੇ ਇਹ ਤੋਂ ਰੋਜ਼ਾ ਧਾਰਮਿਕ ਸਮਾਗਮ ਸਜਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ 02 ਜਨਵਰੀ ਨੂੰ ਅੰਮ੍ਰਿਤ ਸੰਚਾਰ ਹੋਵੇਗਾ ਜਿਹਨਾਂ ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕਰਨਾ ਹੈ ਉਹ ਗੁਰੂ ਕੇ ਜਹਾਜੇ ਚੜ੍ਹ ਸਕਦੇ ਹਨ। ਇਹਨਾਂ ਸਮਾਗਮ ਦੌਰਾਨ ਗੁਰੂ ਕਾ ਅਤੁੱਟ ਲੰਗਰ ਅਤੁੱਟ ਵਰਤੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸਹਿਬਜਾਦੇ ਜੋ ਗੁਰੂ ਨਾਲ ਓੜ੍ਹ ਨਿਭਾ ਗਏ ਨੂੰ ਚੇਤੇ ਕਰਦਿਆਂ



ਖੰਡੇ ਨਾਲੋਂ ਤਿੱਖੀ ਹੁੰਦੀ, ਸਿੱਖੀ ਵਾਲੀ ਧਾਰ ਸਿੱਖੋ,
ਗੁਰੂ ਦੀ ਮਿਹਰ ਹੋਵੇ, ਓੜ੍ਹ ਉਹ ਨਿਭਾਉਂਦੇ ਨੇ।
ਦੁੱਖ ਸੁੱਖ ਵਾਲੇ ਰੰਗ,ਆਪ ਵਰਤਾਉਂਦਾ ਗੁਰੂ,
ਆਫਤਾਂ ਨੂੰ ਦੇ ਕੇ, ਨਾਮ ਉਹ ਜਪਵਾਉਂਦੇ ਨੇ।
ਨਿੱਕੀਆਂ ਜਿੰਦਾਂ ਦਾ ਸਾਕਾ, ਪੜ੍ਹੋ ਸਰਹੰਦ ਵਾਲਾ,
ਰਹਿਮਤ ਦੇ ਨਾਲ, ਸੀਸ ਗੁਰੂ ਲੇਖੇ ਲਾਉਂਦੇ ਨੇ।
ਬਾਲ ਗੁਰਾਂ ਝੱਲਿਆ ਸੀ, ਹੱਸ ਕੇ ਤਸੀਹਿਆਂ ਨੂੰ,
ਲੋਕ ਮਨਾਂ ਉੱਤੇ ਬਾਲ, ਅੱਜ ਵੀ ਜਿਉਂਦੇ ਨੇ।
ਗੁਰੂ ਲੇਖੇ ਲਾ ਗਏ, ਜੋ ਸਿੱਖ ਜਿੰਦ ਆਪਣੀ ਨੂੰ,
ਬੁੱਲਾਂ ਉੱਤੇ ਲੋਕ ਨਾਮ, ਉਨ੍ਹਾਂ ਦਾ ਲਿਆਉਂਦੇ ਨੇ।
ਛੋਟੇ ਵੱਡੇ ਸਾਹਿਬਜਾਦੇ, ਮੁਕਤੇ ਭਾਵੇ ਚਾਲੀ ਹੋਣ,
ਗੁਰ ਇਤਹਾਸ ਭਾਈ, ਪੜ੍ਹ ਕੇ ਸੁਣਾਉਂਦੇ ਨੇ।
ਲੱਕਵਿੰਦਰ ਤਾਂ ਬਾਲਾਂ ਤਾਂਈ, ਝੁਕ ਕੇ ਸਲਾਮ ਕਰੇ,
ਧੰਨ ਉਹ ਸਿੱਖ ਸੇਵਾ ਵਿੱਚ ਅੱਗੇ ਆਉਂਦੇ ਨੇ।

-ਲਕਵਿੰਦਰ ਨਥੇਹਾ
ਸੰਪਰਕ: 7814086695

**ਪੇਸ਼ਕਸ਼ : ਗੁਰਜੰਟ ਸਿੰਘ ਨਥੇਹਾ**
**ਪਤੱਰਕਾਰ ਆਵਾਜਿ ਕੌਮ ਯੂਕੇ**

ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ.ਐਸ ਸਕੂਲ ਵਿਚ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਧਾਰਮਿਕ ਸਮਾਗਮ




ਫ਼ਿਰੋਜ਼ਪੁਰ, 24 ਦਸੰਬਰ (ਮਨੋਹਰ ਲਾਲ) :— ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਾਤਾ ਜੀ ਮਾਤਾ ਗੁਜਰੀ ਅਤੇ ਉਨ੍ਹਾਂ ਦੇ ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਅਤੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 20 ਦਸੰਬਰ 2024 ਨੂੰ ਸਕੂਲ ਅਸੈਂਬਲੀ ਵਿੱਚ ਜਪੁਜੀ ਸਾਹਿਬ ਦੇ ਪਾਠ ਦਾ ਆਯੋਜਨ ਕੀਤਾ ਗਿਆ ਹੈ। ਇਸ ਮੌਕੇ ਸਕੂਲ ਦੇ ਵਿਦਿਆਰਥੀ, ਅਧਿਆਪਕ ਅਤੇ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਵੀ ਮੌਜੂਦ ਰਹੇ ਅਤੇ ਸਾਰਿਆਂ ਨੇ ਮਿਲ ਕੇ ਪਾਠ ਕੀਤਾ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਦੱਸਿਆ ਕਿ ਸਕੂਲ ਚ ਦਿਨ ਦੀ ਸ਼ੁਰੂਆਤ ਸਵੇਰੇ ਪਾਠ ਨਾਲ ਕਰਨ ਨਾਲ ਵਿਦਿਆਰਥੀਆਂ ਚ ਨਵਾਂ ਉਤਸ਼ਾਹ ਅਤੇ ਸ਼ਾਂਤਮਈ ਸੋਚ ਪੈਦਾ ਹੋ ਰਹੀ ਹੈ, ਇਹ ਇੱਕ ਵਿਦਿਆਰਥੀ ਦੇ ਜੀਵਨ ਵਿੱਚ ਬਹੁਤ ਜ਼ਰੂਰੀ ਹੈ ਅਤੇ ਇਸ ਦੇ ਨਾਲ ਹੀ ਇਹ ਸਾਡੇ ਸਾਰਿਆਂ ਲਈ ਪ੍ਰਮਾਤਮਾ ਦੀ ਨੇੜਤਾ ਪ੍ਰਦਾਨ ਕਰਦਾ ਹੈ ਅਤੇ ਮਨੁੱਖਤਾ ਦੀ ਰੱਖਿਆ ਲਈ ਆਪਣਾ ਸਭ ਕੁਝ ਕੁਰਬਾਨ ਕਰਨ ਵਾਲੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਨ੍ਹਾਂ ਦਾ ਸਮੂਹ ਪਰਿਵਾਰ ਪ੍ਰੇਰਨਾ ਸਰੋਤ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼ਹੀਦੀ ਦਿਹਾੜੇ 'ਤੇ ਵਿਸ਼ੇਸ਼

# ਨਿੱਕੀਆਂ ਜਿੰਦਾਂ ਵੱਡਾ ਸਾਕਾ

**ਭਾਈ** ਕਾਨ੍ਹ ਸਿੰਘ ਨਾਭਾ ਅਨੁਸਾਰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਪੁੱਤਰ ਜ਼ੋਰਾਵਰ ਸਿੰਘ ਜੀ ਦਾ ਜਨਮ ਮੱਘਰ ਸੁਦੀ 3 ਸੰਮਤ 1753, ਸੰਨ 1696 ਈਸਵੀ ਤੇ ਬਾਬਾ ਫਤਿਹ ਸਿੰਘ ਜੀ ਦਾ ਜਨਮ ਫੱਗਣ ਸੁਦੀ 7 ਸੰਮਤ 1755, ਸੰਨ 1698 ਈ: ਨੂੰ ਹੋਇਆ।

ਪਿਆਰਾ ਸਿੰਘ ਪਦਮ ਅਨੁਸਾਰ ਬਾਬਾ ਜ਼ੋਰਾਵਰ ਸਿੰਘ ਜੀ ਦਾ ਜਨਮ ਮੱਘਰ ਸੁਦੀ 3 ਸੰਮਤ 1753 ਬਿਕਰਮੀ ਨੂੰ ਮਾਤਾ ਜੀਤੋ ਜੀ ਦੀ ਕੁੱਖੋਂ ਅਨੰਦਪੁਰ ਵਿੱਚ ਹੋਇਆ ਤੇ ਸ਼ਹੀਦੀ 3 ਪੋਹ ਸੰਮਤ 1762 ਬਿਕਰਮੀ ਨੂੰ ਸਰਹੰਦ ਵਿਖੇ ਹੋਈ। ਬਾਬਾ ਫਤਿਹ ਸਿੰਘ ਜੀ ਦਾ ਜਨਮ ਫੱਗਣ ਸੁਦੀ ਇਕਾਦਸੀ 1755 ਬਿਕਰਮੀ ਨੂੰ ਮਾਤਾ ਜੀਤੋ ਜੀ ਦੀ ਕੁੱਖੋਂ ਹੋਇਆ ਅਤੇ ਸ਼ਹੀਦੀ ਸਰਹੰਦ ਵਿਖੇ ਹੋਈ। ਕਿਉਂਕਿ ਦੋ-ਦੋ ਸਾਹਿਬਜ਼ਾਦੇ ਇਕੱਠੇ ਸ਼ਹੀਦ ਹੋਏ। ਇਸ ਕਰਕੇ ਇਹਨਾਂ ਨੂੰ 'ਵੱਡੇ ਸਾਹਿਬਜ਼ਾਦੇ' ਤੇ 'ਛੋਟੇ ਸਾਹਿਬਜ਼ਾਦੇ' ਕਹਿ ਕੇ ਵੀ ਯਾਦ ਕੀਤਾ ਜਾਂਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਬਾਬਾ ਜ਼ੋਰਾਵਰ ਸਿੰਘ ਜੀ ਦੀ ਸ਼ਹੀਦੀ ਸਮੇਂ ਉਮਰ ਲਗਭਗ 9 ਸਾਲ ਅਤੇ ਬਾਬਾ ਫਤਿਹ ਸਿੰਘ ਜੀ ਦੀ ਉਮਰ ਲਗਭਗ 7 ਸਾਲ ਦੀ ਸੀ। ਲਾਸਾਨੀ ਕੁਰਬਾਨੀ ਦੇ ਕਾਰਨ 'ਬਾਬਾ' ਪਦ ਨਾਲ ਵੀ ਸਨਮਾਨਿਆ ਜਾਂਦਾ ਹੈ ਅਤੇ ਅਰਦਾਸ ਸਮੇਂ ਇਹਨਾਂ ਦਾ ਨਾਮ ਸ਼ਰਧਾ, ਸਤਿਕਾਰ ਨਾਲ ਲਿਆ ਜਾਂਦਾ ਹੈ।

ਸਾਕਾ ਸਰਹਿੰਦ ਅਤੇ ਇਸ ਨਾਲ ਸੰਬੰਧਿਤ ਘਟਨਾਵਾਂ ਦਾ ਸਿਲਸਿਲਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਅਨੰਦਪੁਰ ਸਾਹਿਬ ਦਾ ਕਿਲ੍ਹਾ ਖ਼ਾਲੀ ਕਰਨ ਨਾਲ ਸ਼ੁਰੂ ਹੁੰਦਾ ਹੈ। 21 ਦਸੰਬਰ 1704 ਈ: (ਸੰਮਤ 1761 ਬਿਕਰਮੀ) ਨੂੰ ਗੁਰੂ ਜੀ ਫ਼ੌਜਾਂ ਅਤੇ ਲਾਡਲੇ ਸਾਹਿਬਜ਼ਾਦਿਆਂ ਸਮੇਤ ਥੋੜ੍ਹੀ ਹੀ ਦੂਰ ਗਏ ਸਨ ਕਿ ਮੁਗ਼ਲ ਸੈਨਾ ਨੇ ਪਿਛਿਓਂ ਆ ਕੇ ਇੱਕ ਦਮ ਹਮਲਾ ਕਰ ਦਿੱਤਾ। ਸਿੰਘਾਂ ਨੇ ਬੜੀ ਬਹਾਦਰੀ ਨਾਲ ਮੁਗ਼ਲ ਸੈਨਾ ਦਾ ਟਾਕਰਾ ਕੀਤਾ। ਅੱਗੇ ਸਰਸਾ ਨਦੀ ਦਾ ਜੋਬਨ ਵੀ ਪੂਰੇ ਜ਼ੋਰ ਨਾਲ ਠਾਠਾਂ ਮਾਰ ਰਿਹਾ ਸੀ। ਸਰਸਾ ਨੂੰ ਪਾਰ ਕਰਦੇ ਸਮੇਂ ਗੁਰੂ ਜੀ ਦਾ ਪਰਿਵਾਰ ਆਪਸ 'ਚ ਵਿੱਛੜ ਗਿਆ। ਕਈ ਸਿੰਘ ਵੀ ਸਰਸਾ ਨਦੀ ਦੀ ਭੇਟ ਹੋ ਗਏ। ਗੁਰੂ ਸਾਹਿਬ ਅਤੇ ਉਹਨਾਂ ਦੇ ਦੋ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ 40 ਸਿੰਘ ਰੋਪੜ ਤੋਂ ਹੁੰਦੇ ਹੋਏ ਚਮਕੌਰ ਸਾਹਿਬ ਜਾ ਪੁੱਜੇ ਅਤੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਆਪਣੀ ਦਾਦੀ ਮਾਤਾ ਗੁਜਰੀ( ਗੁੱਜਰ ਕੌਰ) ਜੀ ਤੇ ਗੰਗੂ ਰਸੋਈਏ ਨਾਲ ਉਹਨਾਂ ਦੇ ਪਿੰਡ ਖੇੜੀ ਨੇੜੇ ਮੋਰਿੰਡਾ ਕੋਲ ਜਾ ਪਹੁੰਚੇ, ਅੱਲਾ ਯਾਰ ਖਾਂ ਜੋਗੀ ਨੇ ਸ਼ਹੀਦਾਨਿ ਵਫ਼ਾ 'ਚ ਲਿਖਿਆ ਹੈ।

**ਗੰਗੂ ਰਸੋਈਏ ਨੇ ਜੋ ਦੇਖਾ ਯਿਹ ਇਜ਼ਿਤਰਾਬ**
**ਮਾਤਾ ਸੇ ਸਤਿਗੁਰੂ ਕੀ ਕਿਯਾ ਇਸ ਨੇ ਯਿਹ ਖਿਤਾਬ**
**ਗਾਊਂ ਮਿਰਾ ਕਰੀਬ ਹੈ ਚਲੀਏ ਵਹਾਂ ਜਨਾਬ**
**ਬਾਗੋਂ ਉਠਾ ਕੇ ਆਈਏ ਪੀਛੇ ਮਿਰੇ ਸ਼ਿਤਾਬ**
**ਖੇੜੀ ਮੇਂ ਜਾ ਬਿਰਾਜੇ ਯਿਹ ਅਲ ਕਿੱਸਾ ਸ਼ਾਮ ਕੋ**
**ਕੋਠਾ ਬ੍ਰਾਹਮਨ ਨੇ ਦਿਯਾ ਇਕ ਕਯਾਮ ਕੋ।**

ਗੰਗੂ ਰਸੋਈਆ ਉਹਨਾਂ ਨੂੰ ਆਪਣੇ ਘਰ ਲੈ ਗਿਆ ਤੇ ਆਰਾਮ ਕਰਨ ਲਈ ਇੱਕ ਕਮਰਾ ਦਿੱਤਾ। ਗੰਗੂ ਬ੍ਰਾਹਮਣ ਆਖ਼ਰ ਇੱਕ ਨੌਕਰ ਸੀ, ਉਹ ਗੁਰੂ ਦਾ ਸਿੱਖ ਨਹੀਂ ਸੀ। ਉਸ ਦੇ ਘਰ ਦਿਆਂ ਨੇ ਪ੍ਰੇਰਿਆ ਹੋਣੈ ਕਿ ਸਰਕਾਰ ਦੇ ਐਲਾਨੇ ਬਾਗ਼ੀ ਦੇ ਪਰਿਵਾਰ ਨੂੰ ਘਰ ਵਿੱਚ ਪਨਾਹ ਦੇ ਕੇ ਉਹ ਆਪਣੇ ਪਿੰਡ ਲਈ ਮੁਸੀਬਤ ਸਹੇੜ ਰਿਹਾ ਹੈ। ਇੱਥੇ ਉਸ ਨੇ ਸਭ ਤੋਂ ਵੱਡਾ ਗੁਨਾਹ ਇਹ ਕੀਤਾ ਕਿ ਉਸ ਨੇ ਆਪਣੇ ਮਾਲਕ ਨਾਲ ਬੇਵਫ਼ਾਈ ਕੀਤੀ। ਪਹਿਲਾਂ ਤਾਂ ਮਾਤਾ ਗੁਜਰੀ ਜੀ ਕੋਲ ਜੋ ਕੁਝ ਨਕਦੀ ਅਤੇ ਸੋਨਾ ਸੀ, ਉਹ ਰਾਤ ਨੂੰ ਚੋਰ ਬਣ ਕੇ ਚੋਰੀ ਕਰ ਲਿਆ ਤੇ ਸਵੇਰੇ ਚੋਰੀ ਹੋਣ ਦਾ ਡਰਾਮਾ ਰਚਿਆ। ਮਾਤਾ ਜੀ ਤਾਂ ਗੰਗੂ ਦੇ ਮਨ ਦੀ ਮਰਜ਼ੀ ਨੂੰ ਪਹਿਲਾਂ ਹੀ ਸਮਝ ਗਏ ਸਨ ਪਰ ਇਹ ਘੋਰ ਵਿਸ਼ਵਾਸਘਾਤ ਹੈ।

ਅਗਲੀ ਸਵੇਰ 9 ਪੋਹ (23 ਦਸੰਬਰ) ਨੂੰ ਇਲਾਕੇ ਦੇ ਥਾਣੇਦਾਰ ਨੂੰ ਬੁਲਾ ਕੇ ਇਹ ਸੂਚਨਾ ਦੇਣੀ ਕਿ ਗੁਰੂ ਜੀ ਦੇ ਸਤਿਕਾਰਯੋਗ ਮਾਤਾ ਜੀ ਅਤੇ ਉਸ ਨਾਲ ਦੋ ਛੋਟੇ-ਛੋਟੇ ਸਾਹਿਬਜ਼ਾਦੇ ਘਰ ਵਿੱਚ ਲਿਆਂਦੇ ਹੋਏ ਹਨ। ਮਾਤਾ ਜੀ ਦਾ ਮਾਲ-ਧਨ ਚੋਰਾਂ ਵਾਂਗ ਰਾਤ ਨੂੰ ਚੁਰਾ ਲੈਣ ਤੋਂ ਪਿੱਛੋਂ ਗੰਗੂ ਬ੍ਰਾਹਮਣ ਸਵੇਰੇ ਸੱਚਾ ਬਣਨ ਲਈ ਸਰਕਾਰ ਦੀਆਂ ਨਜ਼ਰਾਂ ਵਿੱਚ ਮੁਖ਼ਬਰ ਬਣ ਕੇ ਇਨਾਮ ਦਾ ਹੱਕਦਾਰ ਬਣ ਰਿਹਾ ਸੀ। ਮੋਰਿੰਡੇ ਦੇ ਥਾਣੇਦਾਰ (ਕੋਤਵਾਲ) ਮਾਤਾ ਗੁਜਰੀ ਜੀ ਤੇ ਦੋਵੇਂ ਸਾਹਿਬਜ਼ਾਦਿਆਂ ਨੂੰ ਗ੍ਰਿਫਤਾਰ ਕਰਕੇ ਸਰਹਿੰਦ ਲੈ ਗਿਆ ਅਤੇ ਸਰਹਿੰਦ ਦੇ ਸੂਬੇਦਾਰ ਵਜ਼ੀਰ ਖਾਂ ਦੇ ਹਵਾਲੇ ਕਰ ਦਿੱਤਾ।

ਅਗਲੇ ਦਿਨ 10 ਪੋਹ (24 ਦਸੰਬਰ) ਨੂੰ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖਾਂ ਦੇ ਹੁਕਮ ਨਾਲ ਉਸ ਦੀ ਕਚਹਿਰੀ ਵਿੱਚ ਪੇਸ਼ ਕੀਤਾ ਗਿਆ। ਸੂਬੇਦਾਰ ਨੇ ਬੱਚਿਆਂ ਨੂੰ ਇਸਲਾਮ ਕਬੂਲ ਕਰਨ ਲਈ ਕਿਹਾ ਅਤੇ ਕਈ ਤਰ੍ਹਾਂ ਦੇ ਲਾਲਚ ਦਿੱਤੇ। ਪਰ ਸਾਹਿਬਜ਼ਾਦਿਆਂ ਨੇ ਸਭ ਕੁਝ ਠੁਕਰਾ ਦਿੱਤਾ। 11 ਪੋਹ (25 ਦਸੰਬਰ) ਨੂੰ ਸਾਹਿਬਜ਼ਾਦਿਆਂ ਨੂੰ ਦੁਬਾਰਾ ਫਿਰ ਕਚਹਿਰੀ ਵਿੱਚ ਪੇਸ਼ ਕੀਤਾ ਗਿਆ। ਕਈ ਤਰ੍ਹਾਂ ਦੇ ਡਰਾਵੇ ਦਿੱਤੇ ਗਏ। ਪਰ ਜਿਨ੍ਹਾਂ ਦੀਆਂ ਰਗਾਂ ਵਿੱਚ ਦਸਮੇਸ਼ ਪਿਤਾ ਦਾ ਖ਼ੂਨ ਹੋਵੇ ਅਤੇ ਜਿਨ੍ਹਾਂ ਦੇ ਵਡੇਰਿਆਂ ਦੀ ਇਹ ਕੁਲ ਰੀਤੀ ਚਲੀ ਆ ਰਹੀ ਹੈ।


**ਸੀਸੁ ਦੀਆ ਪਰ ਸਿਰਰੁ ਨ ਦੀਆ॥ 14 ॥**
**ਦਸਮ ਗ੍ਰੰਥ ਸਾਹਿਬ ਜੀ,ਅੰਗ 54 )**

ਉਹ ਕਿਵੇਂ ਝੂਠ, ਡਰਾਵੇ ਅਤੇ ਫੋਕੀ ਮਾਇਆ ਦੇ ਲਾਲਚ ਅੱਗੇ ਝੁਕ ਸਕਦੇ ਹਨ। ਕੋਈ ਵੱਸ ਨਾ ਚੱਲਦਾ ਵੇਖ ਕੇ ਸੂਬੇਦਾਰ ਨੇ ਆਪਣੀ ਹਾਰ ਸਮਝਦਿਆਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣ ਦੇਣ ਦਾ ਫੈਸਲਾ ਦੇ ਦਿੱਤਾ। ਨਵਾਬ ਮਲੇਰਕੋਟਲਾ ਵੀ ਉਸ ਸਮੇਂ ਉੱਥੇ ਹੀ ਸੀ। ਉਸ ਨੇ ਸੂਬੇਦਾਰ (ਵਜ਼ੀਰ ਖਾਂ) ਨੂੰ ਬੜੇ ਜ਼ੋਰਦਾਰ ਸ਼ਬਦਾਂ ਵਿੱਚ ਅਪੀਲ ਕੀਤੀ ਕਿ "ਵਜ਼ੀਰ ਖਾਂ ! ਤੇਰਾ ਝਗੜਾ ਗੁਰੂ ਗੋਬਿੰਦ ਸਿੰਘ ਨਾਲ ਹੈ, ਉਸ ਨਾਲ ਤੂੰ ਜੰਗ ਕਰਦਾ ਵੀ ਚੰਗਾ ਲੱਗਦਾ ਹੈਂ। ਇਹਨਾਂ ਨਿੱਕੇ ਜਿਹੇ ਮਾਸੂਮ ਬੱਚਿਆਂ ਨੇ ਤੇਰਾ ਕੀ ਵਿਗਾੜਿਆ ਹੈ। ਇਹਨਾਂ ਨੂੰ ਮਾਰਨਾ ਤੇਰੀ ਬੁਜ਼ਦਿਲੀ ਹੋਵੇਗੀ।" ਡਾ: ਹਰਚੰਦ ਸਿੰਘ ਸਰਹਿੰਦੀ ਤੇ ਹੋਰ ਕਈ ਲੇਖਕਾਂ ਅਨੁਸਾਰ 12 ਪੋਹ (26 ਦਸੰਬਰ) ਨੂੰ ਚੁੱਪ ਵਰਤੀ ਰਹੀ।

13 ਪੋਹ (27 ਦਸੰਬਰ) ਨੂੰ ਸਾਹਿਬਜ਼ਾਦਿਆਂ ਨੂੰ ਫਿਰ ਕਚਹਿਰੀ ਵਿੱਚ ਪੇਸ਼ ਕੀਤਾ ਗਿਆ। ਸੂਬੇਦਾਰ ਨੇ ਕਈ ਤਰ੍ਹਾਂ ਦੇ ਸਾਹਿਬਜ਼ਾਦਿਆਂ ਨੂੰ ਸਵਾਲ ਕੀਤੇ ਤੇ ਲਾਲਚ ਦਿੱਤੇ ਪਰ ਸਾਹਿਬਜ਼ਾਦੇ ਸ਼ਾਂਤ ਤੇ ਆਪਣੇ ਫੈਸਲੇ ਤੇ ਅਟੱਲ ਰਹੇ। ਸੂਬੇਦਾਰ ਦੇ ਹੁਕਮ ਨਾਲ ਸਮਾਣੇ



ਦੇ ਦੋ ਜਲਾਦਾਂ ਸ਼ਾਸ਼ਲ ਬੇਗ ਤੇ ਬਾਸ਼ਲ ਬੇਗ ਨੇ ਸਾਹਿਬਜ਼ਾਦਿਆਂ ਦੇ ਸਿਰ ਕਲਮ ਕਰ ਦਿੱਤੇ। ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਨੇ ਵੀ ਸਾਹਿਬਜ਼ਾਦਿਆਂ ਦੇ ਸਿਰ ਕਲਮ ਕੀਤੇ ਗਏ ਦੱਸਿਆ ਹੈ। ਕਈ ਲੇਖਕਾਂ ਨੇ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕੀਤਾ ਗਿਆ ਲਿਖਿਆ ਹੈ। ਅਨੇਕਾਂ ਚਿੱਤਰਕਾਰਾਂ ਨੇ ਵੀ ਸਾਹਿਬਜ਼ਾਦਿਆਂ ਨੂੰ ਨੀਹਾਂ ਵਿੱਚ ਚਿਣਦਿਆਂ ਦੀਆਂ ਤਸਵੀਰਾਂ ਬਣਾਈਆਂ ਹਨ/ ਤਿਆਰ ਕੀਤੀਆਂ ਹਨ। ਜਦੋਂ ਮਾਤਾ



ਗੁਜਰੀ ਜੀ ਨੇ ਬੱਚਿਆਂ ਦੀ ਸ਼ਹੀਦੀ ਦੀ ਖ਼ਬਰ ਸੁਣੀ ਤਾਂ ਉਹ ਬੇਹੋਸ਼ ਹੋ ਗਏ ਤੇ ਦੁਬਾਰਾ ਹੋਸ਼ ਵਿੱਚ ਨਾ ਆਏ। ਕਈ ਲੇਖਕ ਮਾਤਾ ਜੀ ਵੱਲੋਂ ਠੰਡਾ ਬੁਰਜ ਤੋਂ ਛਾਲ ਮਾਰ ਕੇ ਖ਼ੁਦਕੁਸ਼ੀ ਕਰਨਾ ਦੱਸਦੇ ਹਨ। ਪਰ ਇਹ ਬਿਲਕੁਲ ਗ਼ਲਤ ਹੈ।

ਗੁਰੂ ਘਰ ਦੇ ਅਨਿੰਨ ਸੇਵਕ ਸੇਠ ਦੀਵਾਨ ਟੋਡਰ ਮੱਲ ਨੇ ਤਿੰਨ ਸ਼ਹੀਦਾਂ ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫਤਿਹ ਸਿੰਘ ਜੀ ਤੇ ਮਾਤਾ ਗੁਜਰੀ ਜੀ ਦਾ ਸਸਕਾਰ ਕਰਨ ਲਈ 78,000 ਸੋਨੇ ਦੀਆਂ ਮੋਹਰਾਂ ਖੜ੍ਹੀਆਂ ਜ਼ਮੀਨ ਤੇ ਵਿਛਾ ਕੇ ਮੁਸਲਿਮ ਬਾਦਸ਼ਾਹ ਤੋਂ ਜ਼ਮੀਨ ਖ਼ਰੀਦੀ। ਸੋਨੇ ਦੀ ਕੀਮਤ ਦੇ ਮੁਤਾਬਿਕ ਇਸ ਚਾਰ ਸਕੇਅਰ ਮੀਟਰ ਜ਼ਮੀਨ ਦੀ ਕੀਮਤ ਦੋ ਅਰਬ ਪੰਜਾਹ ਕਰੋੜ ਰੁਪਏ ਬਣਦੀ ਹੈ। ਜਿੱਥੇ ਸਾਹਿਬਜ਼ਾਦਿਆਂ ਨੇ ਸ਼ਹੀਦੀ ਦਿੱਤੀ ਸੀ। ਉੱਥੇ ਅੱਜ-ਕੱਲ੍ਹ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਸਥਿਤ ਹੈ। ਜਿੱਥੇ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦਾ ਅੰਤਿਮ ਸਸਕਾਰ ਕੀਤਾ ਗਿਆ। ਉੱਥੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਬਣਿਆ ਹੋਇਆ ਹੈ। ਇਹ ਗੁਰਦੁਆਰਾ ਸਰਹਿੰਦ-ਚੁੰਗੀ ਸੜਕ 'ਤੇ ਸਥਿਤ ਹੈ। ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਸਰਹਿੰਦ-ਮੋਰਿੰਡਾ ਸੜਕ 'ਤੇ ਸਥਿਤ ਹੈ।

ਫਤਿਹਗੜ੍ਹ ਸਾਹਿਬ (ਸਰਹਿੰਦ) ਵਿਖੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਯਾਦ ਵਿੱਚ ਹਰ ਸਾਲ ਹੁੰਦੇ ਸਮਾਗਮ ਨੂੰ ਸ਼ਹੀਦੀ ਸਭਾ, ਜੋੜ-ਮੇਲਾ, ਸ਼ਹੀਦੀ ਦਿਹਾੜਾ ਕਿਹਾ ਜਾਂਦਾ ਹੈ। ਕੁਝ ਸਾਲ ਪਹਿਲਾਂ ਦੀ ਗੱਲ ਹੈ ਕਿ ਇਹਨਾਂ ਸਤਰਾਂ ਦੇ ਲੇਖਕ ਨੂੰ ਇਸ ਸ਼ਹੀਦੀ ਸਭਾ ਤੇ ਜਾਣ ਦਾ ਅਵਸਰ ਪ੍ਰਾਪਤ ਹੋਇਆ। ਉਸ ਸਮੇਂ ਛੋਟੇ ਸਾਹਿਬਜ਼ਾਦਿਆਂ ਦਾ ਤਿੰਨ ਸੌ ਸਾਲਾ ਸ਼ਹੀਦੀ ਸਮਾਗਮ ਸੀ। ਗੁਰਦੁਆਰਾ ਫਤਿਹਗੜ੍ਹ ਸਾਹਿਬ ਪਹੁੰਚਣ ਲਈ ਤਿੰਨ-ਚਾਰ ਕਿਲੋਮੀਟਰ ਪੈਦਲ ਤੁਰਨਾ ਪਿਆ। ਲੱਖਾਂ ਹੀ ਸੰਗਤਾਂ ਦਾ ਇਕੱਠ ਸੀ। ਥਾਂ-ਥਾਂ ਤੇ ਸੰਗਤਾਂ ਲਈ ਗੁਰੂ ਕਾ ਲੰਗਰ, ਜਲੇਬੀਆਂ, ਲੱਡੂ, ਬਰੈਡ-ਪਕੌੜੇ, ਮਠਿਆਈਆਂ ਵੇਸਣ ਦੀ ਬਰਫ਼ੀ, ਬਾਲੂਸ਼ਾਹੀ, ਖੀਰ, ਪੂੜ੍ਹੇ ਆਦਿ ਵਰਤਾਏ ਜਾ ਰਹੇ ਸਨ। ਕਈ ਲੰਗਰਾਂ ਵਿੱਚ ਤਾਂ ਲਾਊਡ ਸਪੀਕਰਾਂ ਰਾਹੀਂ ਸੰਗਤਾਂ ਨੂੰ ਲੰਗਰ ਛਕਣ ਲਈ ਆਖਿਆ ਜਾ ਰਿਹਾ ਸੀ। ਸਾਧਸੰਗਤ ਜੀ ! ਜਲੇਬੀਆਂ, ਪਕੌੜਿਆਂ ਦਾ ਲੰਗਰ ਛਕ ਕੇ ਜਾਓ। 'ਬਦਾਮਾਂ ਵਾਲੀ ਖੀਰ ਇੱਥੇ ਮਿਲਦੀ ਹੈ।' ਆਦਿ ਲਿਖ ਕੇ ਲਗਾਇਆ ਹੋਇਆ ਸੀ। ਮੈਂ ਆਪਣੀ ਪਤਨੀ ਨਾਲ ਸੁਭਾਵਿਕ ਹੀ ਗੱਲ ਕੀਤੀ ਕਿ ਛੋਟੇ ਸਾਹਿਬਜ਼ਾਦਿਆਂ ਨੇ ਤਾਂ ਨੀਹਾਂ ਵਿੱਚ ਚਿਣ ਕੇ ਸ਼ਹੀਦੀ ਪ੍ਰਾਪਤ ਕੀਤੀ ਹੈ। ਫਿਰ ਇਹ ਜਲੇਬੀਆਂ, ਬਰੈੱਡ, ਪਕੌੜਿਆਂ ਤੇ ਵੱਖ-ਵੱਖ ਤਰ੍ਹਾਂ ਦੀਆਂ ਮਠਿਆਈਆਂ ਦੇ ਲੰਗਰ ਕਿਉਂ ਲਗਾਏ ਜਾਂਦੇ ਹਨ। ਇਹ ਤਾਂ ਸ਼ਹੀਦੀ ਦਿਵਸ ਹੈ। ਕੋਈ ਅਵਤਾਰ ਗੁਰਪੁਰਬ ਨਹੀਂ। ਇੱਕ ਸੱਜਣ ਨੇ ਇਹ ਵੀ ਕਿਹਾ ਤੇ ਸੁਣਿਆ ਵੀ ਹੈ ਕਿ ਇੱਥੋਂ ਦੇ ਲੋਕ ਇੱਕ ਹਫ਼ਤਾ ਚੱਲਣ ਵਾਲੇ ਸ਼ਹੀਦੀ ਸਮਾਗਮ ਮੌਕੇ ਧਰਤੀ ਤੇ (ਭੁੰਜੇ) ਹੀ ਸੌਂਦੇ ਹਨ। ਘਰ ਦਾ ਕੋਈ ਵੀ ਜੀਅ (ਵਿਅਕਤੀ/ਮੈਂਬਰ) ਮੰਜੇ, ਬੈੱਡ, ਪਲੰਘ ਤੇ ਆਰਾਮ ਨਹੀਂ ਕਰਦਾ।

ਇਹਨਾਂ ਸਮਾਗਮਾਂ ਸਮੇਂ ਦਾਲ, ਸਬਜ਼ੀ ਤੇ ਪ੍ਰਸ਼ਾਦਿਆਂ (ਰੋਟੀ, ਫ਼ੁਲਕਾ) ਦਾ ਹੀ ਲੰਗਰ ਲਗਾਉਣਾ ਚਾਹੀਦਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਵੀ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਲਈ ਲੰਗਰ ਲਗਾਉਣ ਵਾਲੀਆਂ ਸੰਪਰਦਾਵਾਂ, ਸੇਵਾ ਸੁਸਾਇਟੀਆਂ, ਨਿਹੰਗ ਸਿੰਘ ਜਥੇਬੰਦੀਆਂ ਨੂੰ ਗੁਰੂ ਕਾ ਲੰਗਰ ਵਿੱਚ ਦਾਲ, ਸਬਜ਼ੀ, ਪ੍ਰਸ਼ਾਦੇ ਆਦਿ ਵਰਤਾਉਣ ਲਈ ਨਿਰਦੇਸ਼ ਜਾਰੀ ਕੀਤੇ ਹਨ । ਵਿਆਹ ਤੇ ਹੋਰ ਖ਼ੁਸ਼ੀ ਦੇ ਸਮਾਗਮ ਨਹੀਂ ਕਰਨੇ ਚਾਹੀਦੇ। ਸ਼ਹੀਦਾਂ ਦੀਆਂ ਕਵਿਤਾਵਾਂ ਤੇ ਸਾਖੀਆਂ ਹੀ ਸੁਣਨੀਆਂ ਚਾਹੀਦੀਆਂ ਹਨ।

ਛੋਟੇ ਸਾਹਿਬਜ਼ਾਦਿਆਂ ਦੀ ਯਾਦ 'ਚ ਸਥਾਪਿਤ ਗੁਰਦੁਆਰਾ ਫਤਿਹਗੜ੍ਹ ਸਾਹਿਬ ਦੀ ਸ਼ਹੀਦੀ ਸਭਾ ਮੌਕੇ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਪੁੱਜਦੀਆਂ ਹਨ। ਹਰ ਸਾਲ ਜਦੋਂ ਸ਼ਹੀਦੀ ਸਭਾ ਦਾ ਦਿਨ ਨੇੜੇ ਆਉਂਦਾ ਹੈ ਤਾਂ ਮੇਰੇ ਮਨ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਸਾਕਾ ਅੱਖਾਂ ਅੱਗੇ ਆ ਜਾਂਦਾ ਹੈ। ਲੇਖ ਲਿਖਣ ਸਮੇਂ ਵੀ ਅੱਖਾਂ ਵਿੱਚੋਂ ਹੰਝੂ ਡਿੱਗਦੇ ਹਨ। ਛੋਟੇ ਸਾਹਿਬਜ਼ਾਦਿਆਂ ਨੂੰ ਤੇ ਮਾਤਾ ਗੁਜਰੀ ਜੀ ਨੂੰ ਸੂਬੇਦਾਰ ਦੇ ਹੁਕਮ ਨਾਲ ਠੰਡੇ ਬੁਰਜ ਵਿੱਚ ਰੱਖਿਆ। ਮਾਤਾ ਜੀ ਕੋਲ ਨਾ ਕੋਈ ਰਜਾਈ, ਨਾ ਤਲਾਈ, ਨਾ ਖੇਸ, ਨਾ ਕੋਈ ਹੋਰ ਗਰਮ ਕੱਪੜਾ। ਪੋਹ ਮਹੀਨੇ ਦੀ ਬਰਫੀਲੀ ਠੰਢ ਵਿੱਚ ਮਾਤਾ ਗੁਜਰੀ ਜੀ ਨੇ ਤੇ ਛੋਟੇ ਸਾਹਿਬਜ਼ਾਦਿਆਂ ਨੇ ਕਿਵੇਂ ਰਾਤਾਂ ਕੱਟੀਆਂ ਇਹ ਵਾਹਿਗੁਰੂ ਹੀ ਜਾਣਦਾ ਹੈ। ਹਾਂ ਇੱਕ ਚਿੱਤਰਕਾਰ ਨੇ ਤਸਵੀਰ ਵਿੱਚ ਠੰਡੇ ਬੁਰਜ ਵਿੱਚ ਚਾਦਰ ਵਿਛਾਈ ਹੋਈ ਦਿਖਾਈ ਹੈ। 9 ਸਾਲ ਤੇ 7 ਸਾਲ ਦੀ ਉਮਰ ਵਿੱਚ ਸਾਹਿਬਜ਼ਾਦਿਆਂ ਨੇ ਸੂਬੇਦਾਰ ਦੀ ਕਚਹਿਰੀ ਵਿੱਚ ਜੋ ਜਵਾਬ ਦਿੱਤੇ ਉਹ ਰੌਂਗਟੇ ਖੜ੍ਹੇ ਕਰਨ ਵਾਲੇ ਸਨ। ਨਿੱਕੇ-ਨਿੱਕੇ ਬੱਚਿਆਂ ਨੂੰ ਇਹ ਜਵਾਬ ਕਿੱਥੋਂ ਸੁਝਦੇ ਸਨ। ਇਹ ਸਭ ਦਾਦੀ ਮਾਂ ਮਾਤਾ ਗੁਜਰੀ ਜੀ ਦੀ ਸਿੱਖਿਆ ਸੀ ਜੋ ਉਹਨਾਂ ਨੇ ਠੰਡੇ ਬੁਰਜ ਵਿੱਚ ਰੱਖ ਕੇ ਸਾਹਿਬਜ਼ਾਦਿਆਂ ਨੂੰ ਦਿੱਤੀ।

ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜਿਆਂ ਤੇ ਇੱਕ ਹਫ਼ਤਾ (ਸਪਤਾਹ) ਬੱਸਾਂ, ਰੇਲਗੱਡੀਆਂ ਵਿੱਚ ਸ਼ਹੀਦੀ ਸਾਕੇ, ਸਾਹਿਬਜ਼ਾਦਿਆਂ ਦੇ ਜੀਵਨ, ਚਮਕੌਰ ਸਾਹਿਬ ਦੀ ਲੜਾਈ, ਫਤਿਹਗੜ੍ਹ ਸਾਹਿਬ ਵਿਖੇ ਛੋਟੇ ਸਾਹਿਬਜ਼ਾਦਿਆਂ ਦਾ ਨੀਹਾਂ ਵਿੱਚ ਚਿਣੇ ਜਾਣ ਦਾ ਸਾਕਾ ਸੁਣਾਇਆ ਜਾਵੇ। ਗਾਇਕਾਂ, ਰਾਗੀ ਜਥਿਆਂ ਵੱਲੋਂ ਇਸ ਸਾਕੇ ਬਾਰੇ ਜੋ ਗੀਤ/ਕਵਿਤਾਵਾਂ ਤਿਆਰ ਕੀਤੀਆਂ ਗਈਆਂ ਹਨ। ਉਹ ਅਤੇ ਢਾਡੀ ਜਥਿਆਂ ਵੱਲੋਂ ਚਮਕੌਰ ਸਾਹਿਬ ਦਾ ਤੇ ਫਤਿਹਗੜ੍ਹ ਸਾਹਿਬ ਦਾ ਪ੍ਰਸੰਗ/ਇਤਿਹਾਸ ਬੱਸਾਂ, ਟੈਂਪੂਆਂ, ਆਟੋਆਂ ਵਿੱਚ ਸੁਣਾਇਆ ਜਾਵੇ।

ਗੁਰਦੁਆਰਾ ਫਤਿਹਗੜ੍ਹ ਸਾਹਿਬ ਵਿਖੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਿਹ ਸਿੰਘ ਤੇ ਮਾਤਾ ਗੁਜਰੀ ਜੀ ਦੀ ਯਾਦ ਵਿੱਚ ਸ਼ਹੀਦੀ ਦਿਹਾੜਾ (ਸ਼ਹੀਦੀ ਸਭਾ) 11, 12 ਤੇ 13 ਪੋਹ ਮੁਤਾਬਿਕ 25, 26 ਤੇ 27 ਦਸੰਬਰ ਨੂੰ ਬੜੀ ਸ਼ਰਧਾ, ਪ੍ਰੇਮ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। 12 ਪੋਹ ਨੂੰ ਸਵੇਰੇ 10 ਤੋਂ 11 ਵਜੇ ਤੱਕ ਦਾ ਸਮਾਂ ਸਾਹਿਬਜ਼ਾਦਿਆਂ ਨੂੰ ਜਿਉਂਦੇ ਕੰਧਾਂ ਵਿੱਚ ਚਿਣੇ ਜਾਣ ਦਾ ਸਮਾਂ ਕਿਹਾ ਜਾਂਦਾ ਹੈ। ਇਸ ਸਮੇਂ ਦੌਰਾਨ 'ਸਤਿਨਾਮੁ ਵਾਹਿਗੁਰੂ' ਦਾ ਜਾਪ ਕੀਤਾ ਜਾਵੇ। ਮੂਲ-ਮੰਤਰ, ਜਪੁਜੀ ਸਾਹਿਬ ਬਾਣੀ ਦੇ ਪਾਠ ਕੀਤੇ ਜਾਣ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਸਰਬੱਤ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਿਹ ਸਿੰਘ ਤੇ ਮਾਤਾ ਗੁੱਜਰ ਕੌਰ ਜੀ ਦੇ ਸ਼ਹੀਦੀ ਦਿਹਾੜੇ 27 ਦਸੰਬਰ ਨੂੰ ਸਵੇਰੇ 10 ਵਜੇ 10 ਮਿੰਟ ਮੂਲ-ਮੰਤਰ, ਗੁਰਮੰਤਰ ਦਾ ਜਾਪ ਕਰਨ ਲਈ ਕਿਹਾ। "ਪੰਥ ਦੇ ਪ੍ਰਸਿੱਧ ਵਿਦਵਾਨ ਗਿਆਨੀ ਪਿੰਦਰਪਾਲ ਸਿੰਘ ਨੇ ਕੁਝ ਸਾਲ ਪਹਿਲਾਂ ਸ਼ੋਸ਼ਲ ਮੀਡੀਆ ਤੇ ਸਿੱਖ ਕੌਮ ਨੂੰ ਬੇਨਤੀ ਕੀਤੀ ਸੀ ਕਿ 26 ਦਸੰਬਰ ਨੂੰ ਸਵੇਰੇ 10 ਵੱਜ ਕੇ 45 ਮਿੰਟ ਤੇ ਹਰ ਇੱਕ ਸਿੱਖ ਜਿੱਥੇ ਵੀ ਹੋਵੇ, ਭਾਵੇਂ ਦੁਕਾਨ ਤੇ ਬੈਠਾ ਹੋਵੇ, ਕਾਰ ਚਲਾ ਰਿਹਾ ਹੋਵੇ, ਜਹਾਜ਼ ਵਿੱਚ ਸਫ਼ਰ ਕਰ ਰਿਹਾ ਹੋਵੇ, ਭਾਵ ਆਪਣੇ ਸਾਰੇ ਕੰਮ-ਕਾਰ ਛੱਡ ਕੇ 10 ਮਿੰਟ ਲਈ ਵਾਹਿਗੁਰੂ ਦਾ ਸਿਮਰਨ ਜ਼ਰੂਰ ਕਰੇ ਤਾਂ ਜੋ ਸਾਰੀ ਦੁਨੀਆਂ ਨੂੰ ਪਤਾ ਲੱਗੇ ਕਿ ਅੱਜ ਗੁਰੂ ਗੋਬਿੰਦ ਸਿੰਘ ਜੀ ਦੇ ਵਾਰਿਸ ਉਹਨਾਂ ਦੇ ਪੁੱਤਰਾਂ ਦੀ ਸ਼ਹਾਦਤ ਨੂੰ ਯਾਦ ਕਰ ਰਹੇ ਹਨ।"

ਆਉ ! ਅੱਜ ਸ਼ਹੀਦੀ ਦਿਹਾੜੇ 'ਤੇ ਇਹ ਪ੍ਰਣ ਕਰੀਏ ਕਿ ਅਸੀਂ ਆਪਣੇ ਬੱਚਿਆਂ ਨੂੰ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਜੀ ਦੇ ਜੀਵਨ ਦੀਆਂ ਸਾਖ਼ੀਆਂ ਸੁਣਾਵਾਂਗੇ ਤੇ ਉਹਨਾਂ ਵਿੱਚ ਨਵਾਂ ਜੋਸ਼ ਭਰਾਂਗੇ। ਇਹੀ ਸਾਡੀ ਮਹਾਨ ਸ਼ਹੀਦਾਂ ਨੂੰ ਸੱਚੀ ਸਰਧਾਂਜਲੀ ਹੋਵੇਗੀ ਤੇ ਸਿੱਖ ਬੱਚਿਆਂ ਨੂੰ ਇੱਕ ਨਵੀਂ ਸੇਧ ਮਿਲੇਗੀ।

**-ਕਰਨੈਲ ਸਿੰਘ ਐੱਮ.ਏ. ਲੁਧਿਆਣਾ**
**#1138/63-ਏ, ਗੁਰੂ ਤੇਗ਼ ਬਹਾਦਰ ਨਗਰ,**
**ਗਲੀ ਨੰਬਰ 1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ।**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਕੀ ਪੰਜਾਬ ਦੇ ਖ਼ੇਤੀਬਾੜੀ (ਕਿੱਤਾ ਮੁੱਖੀ/ਸਿਖ਼ਲਾਈ ਸਿੱਖਿਆ) ਦੇ ਅਧਿਆਪਕ ਪਿੰਡਾਂ 'ਚ

# ਸਵੈਂ ਰੋਜ਼ਗਾਰ ਪ੍ਰਬੰਧ ਤੇ ਸਕੂਲਾਂ ਤੋਂ ਵਿਦੇਸ਼ਾਂ ਨੂੰ ਭੱਜਦੀ ਪੀੜ੍ਹੀ ਨੂੰ ਠੱਲ੍ਹ ਪਾ ਸਕਦੇ ਹਨ ?



ਲੇਖਕ : ਕਮਲ਼ਇੰਦਰਜੀਤ ਬਾਜਵਾ, ਬਲਾਕ ਟੈਂਕਨੋਲੋਜੀ ਮੈਨੇਜਰ, ਖੇਤੀਬਾੜੀ ਵਿਭਾਗ ਕਾਹਨੂੰਵਾਨ, ਜ਼ਿਲ੍ਹਾ - ਗੁਰਦਾਸਪੁਰ, ਮੋਬ :- 98150 -82401

ਦੋਸਤੋ ਅੱਜ ਅਸੀਂ ਪੰਜਾਬ ਦੇ ਬੱਚਿਆਂ ਅਤੇ ਸਮਾਜ ਦੇ ਹਾਲਾਤਾਂ ਮੁਤਾਬਿਕ ਸਕੂਲਾਂ ਦੀ ਸਿੱਖਿਆ ਚ ਥੋੜ੍ਹੇ ਬਦਲਾਅ ਲਿਆਉਣ ਬਾਰੇ ਚਰਚਾ ਸਮਾਜਿਕ ਬਦਲਾਅ ਮਹਿਸੂਸ ਹੁੰਦੇ ਦੇਖ਼ ਕੇ ਕਰਦੇ ਹਾਂ। ਜਿਵੇਂ ਕਿ ਪ੍ਰੋਫੈ.ਸਰ ਹਰਪਾਲ ਸਿੰਘ ਪੰਨੂ ਨੇ ਕਿਹਾ ਸੀ ਕਿ ਕੁਦਰਤਿ ਨੂੰ ਫ਼ੜਿਆ ਜਾਂ ਸਾਂਭਿਆ ਨਹੀਂ ਜਾ ਸਕਦਾ, ਕਿਉਂਕਿ ਕੁਦਰਤ ਜਾਂ ਤਾਂ ਵੱਧ ਪਸਾਰੇ ਵਿਚ ਚੱਲਦੀ ਹੈ ਜਾਂ ਘੱਟ ਪਸਾਰੇ ਵਿਚ, ਨਾ ਕੁਦਰਤ ਰੋਕੀ ਜਾ ਸਕਦੀ ਹੈ ਨਾ ਰੁੱਕ ਸਕਦੀ ਹੈ ਨਾ ਖਤਮ ਹੋ ਸਕਦੀ ਹੈ। ਮਨੁੱਖ ਵੀ ਕੁਦਰਤੀ ਜੀਵ ਹੈ ਇਸ ਦੇ ਸਮੇਂ ਸਮੇਂ ਨਾਲ ਇਸ ਦੇ ਕਾਰਜ਼ਾਂ ਵਿਚ ਤਬਦੀਲੀ ਆਉਣੀ, ਉਹਨਾਂ ਚ ਸੁਧਾਰ ਕਰਨੇਂ, ਵਿਚਾਰ ਵਟਾਂਦਰੇ ਨਾਲ ਨਵੇਂ ਰਾਹ ਖੋੜੇ ਤਲਾਸ਼ਣੇ, ਉਸਦੇ ਮਾਨਸਿਕ ਤੌਰ ਤੇ ਬਿਨਾਂ ਕਿਸੇ ਸਰੀਰਕ ਤੌਰ ਤੇ ਜਾਂ ਸਮਾਜਿਕ ਤੌਰ ਤੇ ਨੁਕਸਾਨ ਪਹੁੰਚਾਏ ਬਿਨਾਂ ਹੱਲ ਕਰਨ ਲਈ ਜ਼ਿੰਮੇਵਾਰ ਵੀ ਆਪਾਂ ਹੀ ਬਣਨਾ ਹੈ। ਗੱਲ ਕਿ ਸਮੇਂ ਤੇ ਨਬਜ਼ ਫ਼ੜਨ ਦੀ ਹੈ। ਕੁਦਰਤੀ ਚੱਲਦੇ ਵਰਤਾਰੇ ਨੂੰ ਠੱਲ੍ਹ ਤੇ


ਆਵਾਜ਼ਿ ਕੌਮ
AWAZE QAUM
International Newspaper & WEB TV

ਤਬਦੀਲੀ ਲਿਆਉਣ ਲਈ ਸਾਨੂੰ ਹੀ ਪਹਿਲਕਦਮੀ ਕਰਨੀ ਪਵੇਗੀ। ਜੋਂ ਅੱਜ ਦੇ ਸਮੇਂ ਸਮਾਜ ਵਿਚ ਜੋਂ ਬਿਰਤਾਂਤ ਚੱਲ ਰਿਹਾ ਹੈ ਅੱਜ ਕਿੱਤਾ ਮੁੱਖੀ ਸਿਖ਼ਲਾਈ ਸਿੱਖਿਆ/ਸਹਾਇਕ ਧੰਦਿਆਂ ਵੱਲ ਛੋਟੇ ਪੱਧਰ ਤੇ ਸੇਧ ਦੇਣ ਲਈ ਸਿੱਖਿਆਵਾਂ ਸਕੂਲ ਪੱਧਰ ਤੇ ਦੇਣੀਆਂ ਅੱਜ ਦੇ ਸਮੇਂ ਬੇਹੱਦ ਜ਼ਰੂਰੀ ਹਨ। ਕਿਉਂਕਿ ਵਿਦੇਸ਼ਾਂ ਨੂੰ ਬੇਰੁਜ਼ਗਾਰੀ ਵਾਲ਼ੀ ਸੋਚ ਮਾਪਿਆਂ ਤੇ ਬੱਚਿਆਂ ਵਿੱਚ ਅੱਠਵੀਂ ਜਮਾਤ ਤੋਂ ਜਾਂ ਇਸ ਤੋਂ ਵੀ ਛੋਟੀਆਂ ਜਮਾਤਾਂ ਚ ਏਂ ਗੱਲਬਾਤ ਆਮ ਘਰਾਂ ਤੇ ਸਮਾਜ ਵਿਚ ਆਮ ਚੱਲਣੀ ਸ਼ੁਰੂ ਹਨ। ਸਮਾਜ ਚ ਵਿਚਰਦਿਆਂ, ਗੱਲ ਕਰਦਿਆਂ, ਸੱਥਾਂ ਚ ਬੈਠਿਆਂ ਬਲਕਿ ਸਭ ਪਾਸੇ ਕਿ ਬੱਚੇ ਨੂੰ ਬਾਹਰ ਹੀ ਭੇਜਣਾ ਹੈ ਕਿਉਂਕਿ ਏਥੇ ਕੰਮ ਨਹੀਂ। ਦੇਸ਼ ਦੇਖਦੇ ਹਾਂ ਕਿ ਕਿਹੜੇ ਜਾਂਦਾ ਜਿਥੇ ਖ਼ਰਚ ਘੱਟ ਲੱਗੇਂ।

ਗੱਲ ਵਿਦੇਸ਼ੀ ਸਿੱਖਿਆ ਪ੍ਰਣਾਲੀ ਦੀ ਦਸ਼ਾ ਦੀ ਕਰੀਏ ਤਾਂ ਇੰਗਲੈਂਡ ਵਿਚ ਛੋਟੇ ਤੋਂ ਵੱਡੇ ਬੱਚਿਆਂ ਤੱਕ ਸਭ ਪ੍ਰੋਜੈਕਟਰਾਂ ਤੇ ਪੜ੍ਹਾਈ ਹੁੰਦੀ ਹੈ, ਹਾਲਾਂਕਿ ਛੋਟੇ ਬੱਚਿਆਂ ਦੀ ਪੜ੍ਹਾਈ ਬਰਮਿੰਘਮ ਸਿਟੀ ਚ ਹਰ ਸਾਲ ਅਗਲੀ ਜਮਾਤ ਲਈ ਟੈਸਟ ਪਾਸ ਕਰਕੇ ਪੜਾਈ ਮੁਫ਼ਤ ਹੋ ਜਾਂਦੀ ਹੈ। ਦੂਜਾ ਜੇਕਰ ਬੱਚਾ ਟੈਸਟ ਪਾਸ ਨਹੀਂ ਕਰਦਾ ਤਾਂ ਜਮਾਤ ਦੀ ਅੱਧੀ ਫ਼ੀਸ ਦੇਣੀ ਪੈਂਦੀ ਹੈ। ਜਦਕਿ ਸਾਡੇ ਪੰਜਾਬ ਵਿੱਚ ਜਿਹੜੀ ਭਾਰੀ ਪੜ੍ਹਾਈ ਹੁੰਦੀ ਹੈ ਉਹ ਬੱਚੇ ਦੇ ਮੋਢੇ ਤੇ ਪਿਆ ਉਸ ਦੇ ਆਪਣੇ ਭਾਰ ਨਾਲੋਂ ਵਧੇਰੇ ਪਿੱਠ ਤੇ ਪਿੱਛੇ ਨੂੰ ਲਿੱਫਿਆ ਉਸਦਾ ਸਕੂਲ ਬਸਤਾ ਦੱਸ ਦਿੰਦਾ ਹੈ ਜੋਂ ਉਸ ਨੂੰ ਚੁੱਕਣ ਲਈ ਸਾਹੋ ਸਾਹੀ ਕਰਦਾ ਹੈ।

ਪੰਜਾਬ ਖੇਤੀ ਪ੍ਰਧਾਨ ਸੂਬੇ ਚ ਸਕੂਲ ਸਿੱਖਿਆ ਵਿੱਚ ਥੋੜਾ ਕਿੱਤਾ ਮੁੱਖੀ ਸਿੱਖਿਆ ਸਿਖ਼ਲਾਈ ਢਾਂਚਾ ਛੋਟੇ ਪੱਧਰ ਦੇ ਸਕੂਲਾਂ ਦੇ ਸਿਖਿਆਰਥੀਆਂ ਵਿੱਚ ਲਿਆਉਣ ਦੀ ਅੱਜ ਅਹਿਮ ਲੋੜ ਹੈ। ਜਿਸ ਤਰ੍ਹਾਂ ਖੇਤੀ ਸੰਸਥਾਵਾਂ ਵੱਲੋਂ ਵੱਡੇ ਪੱਧਰ ਤੇ ਪਿੰਡਾਂ ਦੇ ਕਿਸਾਨਾਂ ਨੂੰ ਪਿੰਡਾਂ ਵਿੱਚ ਜਾ ਕੇ ਸਿੱਖਿਅਤ ਸਿਖ਼ਲਾਈ ਕਿੱਤਾ ਮੁੱਖੀ ਸਿੱਖਿਆ ਕੈਂਪ ਦੁਆਰਾ ਉਹਨਾਂ ਨੂੰ ਸਹਾਇਕ ਧੰਦਿਆਂ ਤੇ ਪ੍ਰੋਸੈਸਿੰਗ, ਖੇਤੀ ਵਿਭਿੰਨਤਾ ਵੱਲ ਮੋੜਦੇ ਹਾਂ। ਕੁੱਝ ਕੁ ਜਾਗਰੂਕ ਕਿਸਾਨਾਂ ਨੂੰ ਖੇਤੀ ਸੰਸਥਾਵਾਂ ਵਿੱਚ ਭੇਜ ਕੇ ਬਕਾਇਦਾ ਸੰਬੰਧਿਤ ਕਿੱਤਾ ਸ਼ੁਰੂ ਕਰਨ ਲਈ ਪੰਜਾਬ ਦੇ ਵੱਖ ਵੱਖ ਟਰੇਨਿੰਗ ਸੰਸਥਾਵਾਂ ਚ ਪਹਿਲਾਂ ਉਹਨਾਂ ਨੂੰ ਉਥੇ ਲਿਜਾ ਕੇ ਵਿਜ਼ਿਟ ਪ੍ਰੋਗਰਾਮਾਂ ਦੁਆਰਾ ਦਿਖਾਂ ਕੇ, ਫਿਰ ਸਿੱਖਿਆ ਪ੍ਰਣਾਲੀ ਦੁਆਰਾ ਤੱਕਨੀਕੀ ਤੋਰ ਤੇ ਸਿਖਾਇਆ ਜਾਂਦਾ ਹੈ। ਜਿਸ ਨਾਲ ਉਹ ਕਿਸਾਨ ਆਪਣੇ ਪੱਧਰ ਤੇ ਖੇਤੀ ਨੂੰ ਲਾਹੇਵੰਦ ਧੰਦਾ ਬਣਾ ਲੈਂਦਾ ਹੈ ਤੇ ਸਵੈਂ ਰੋਜ਼ਗਾਰ ਵੀ ਅਤੇ ਹੋਰਨਾਂ ਲਈ ਸੇਧਕ ਵੀ। ਜਿਸ ਤਰ੍ਹਾਂ ਅੱਜ ਬੱਚੇ ਮੋਬਾਈਲ ਫ਼ੋਨ ਤੇ ਸਭ ਦੇਖ ਕੇ ਕੁਝ ਨਕਲ ਵੱਸ ਚੱਲਦੇ ਹਨ ਤੇ ਕੁੱਝ ਲਈ ਰਾਹ ਦਸੇਰਾ ਬਣ ਜਾਂਦਾ ਹੈ ਏਸੇ ਤਰ੍ਹਾਂ ਖੇਤੀ ਬਾੜੀ ਅਧਿਆਪਕ ਜਦੋਂ ਅਗਾਂਹਵਧੂ ਕਿਸਾਨ ਭਰਾਵਾਂ ਤੋਂ ਏਨਾਂ ਬੱਚਿਆਂ ਦੇ ਤੋਰੇ ਫੇਰੇ ਅੱਠਵੀਂ, ਦੱਸਵੀਂ, ਬਾਰਵੀਂ ਜਮਾਤ ਦੇ ਵਿਦਿਆਰਥੀਆਂ ਦੇ ਵਿਅਕਤੀਗਤ ਕਰਵਾਉਣਗੇ ਤਾਂ ਸਕੂਲੋਂ ਹੱਟਣ ਸਾਰ ਨਵੀਂ ਦਿਸ਼ਾ ਲੈਂ ਕੋਈ ਕਿੱਤਾ ਸ਼ੁਰੂ ਜ਼ਰੂਰ ਕਰ ਸਕਣਗੇ।

ਲੇਖ ਲਿਖਣ ਸਮੇਂ ਗੁਰਦਾਸਪੁਰ ਦੇ ਇੱਕ ਖੇਤੀ ਵਿਸੇ. ਦੇ ਅਧਿਆਪਕ ਨਾਲ ਗੱਲਬਾਤ ਕੀਤੀ ਤਾਂ ਉਸ ਨੇ ਦੱਸਿਆ ਕਿ




ਜ਼ਿਲ੍ਹੇ ਵਿਚ ਖੇਤੀ ਵਿਸੇ. ਦੇ ਅਧਿਆਪਕਾਂ ਦੀ ਗਿਣਤੀ ਕੇਵਲ 10 ਤੋ15 ਦੇ ਕਰੀਬ ਹਨ। ਉਹ ਵੀ ਕੇਵਲ ਸੀਨੀਅਰ ਸੈਕੰਡਰੀ ਸਕੂਲ ਤੇ ਹਾਈ ਸਕੂਲ ਵਿੱਚ। ਉਹਨਾਂ ਕਿਹਾ ਕਿ ਪਿੰਡਾਂ ਚ ਅੱਠਵੀਂ ਜਮਾਤ ਤੋਂ ਲੈ ਕੇ ਕਿਸੇ ਕਾਰਨ ਵੱਸ ਹੱਟ ਜਾਂਦੇ ਹਨ ਤੇ ਕੁੱਝ ਦੱਸਵੀਂ ਤੇ ਕੁੱਝ ਅਖ਼ੀਰ ਬਾਰਵੀਂ ਜਮਾਤ ਪਾਸ ਕਰਕੇ। ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਏਥੇ ਜੇਕਰ ਉਹਨਾਂ ਨੂੰ ਰੋਜ਼ਗਾਰ ਪਿੰਡ ਪੱਧਰ ਤੇ ਤਰਾਸ਼ ਕਰਨ ਬਾਰੇ ਕਿੱਤਾ ਮੁੱਖੀ ਸਿੱਖਿਆ/ਸਿਖਲਾਈ ਸਿੱਖਿਆਂ ਦੇਣੀ ਲਾਜ਼ਮੀ ਹੋ ਜਾਵੇ ਤਾਂ ਕਿੰਨਾ ਰੋਜ਼ਗਾਰ ਪ੍ਰਬੰਧ ਛੋਟੇ ਪੱਧਰ ਤੇ ਸੇਧ ਲੈ ਕੇ ਪਿੰਡ ਚ ਸ਼ੁਰੂ ਕਰਨ ਬਾਰੇ ਸੋਚ ਸਕਦੇ ਹਨ। ਜਿਸ ਦਾ ਫਾਇਦਾ ਬੱਚਿਆਂ ਦੀ ਵਿਦੇਸ਼ੀ ਦੋੜ ਨੂੰ ਠੱਲ੍ਹ ਪਾ ਸਕਦੇ ਹਾਂ ਤੇ ਬੇਰੁਜ਼ਗਾਰੀ ਦੇ ਆਲਮ ਵਿੱਚ ਚੱਲਦੇ ਨੋਜਵਾਨਾਂ ਨੂੰ ਬਹੁਤ ਹੱਦ ਤੱਕ ਨਸ਼ੇ ਵੱਲ ਮੁੜਨ ਤੋਂ ਰੋਕ ਵੀ ਸਕਦੇ ਹਾਂ। ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਪੰਜਾਬ ਦੇ ਹਰੇਕ ਮਿਡਲ ਸਕੂਲ ਵਿੱਚ, ਹਾਈ ਸਕੂਲ ਵਿੱਚ, ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਖੇਤੀ ਪ੍ਰਧਾਨ ਸੂਬੇ ਨੂੰ ਦੇਖਦਿਆਂ ਖੇਤੀਬਾੜੀ ਅਧਿਆਪਕਾਂ ਦੀਆਂ ਪੋਸਟਾਂ ਵਧੇਰੇ ਵਧਾਈਆਂ ਜਾਣ ਅਤੇ ਭਰੀਆਂ ਵੀ ਜਾਂਣ। ਜਿਸ ਵਿੱਚ ਬੀ ਐੱਸ ਸੀ/ਐਮ ਐਸ ਸੀ ਪਾਸ ਕੀਤੇ ਖੇਤੀਬਾੜੀ ਵਿਦਿਆਰਥੀਆਂ ਨੂੰ ਤਰਜੀਹ ਦੇਣ। ਜਿਥੇ ਪਿੰਡ ਪੱਧਰੀ ਸੁਧਾਰ ਵੀ ਆਉਣਾ ਸੁਭਾਵਿਕ ਹੈ ਪੀੜ੍ਹੀ ਦਰ ਪੀੜ੍ਹੀ ਨੂੰ ਸੇਧ ਵੀ ਕਿੱਤੇ ਲਈ ਮਿਲੂ।


ਸਰਕਾਰੀ ਅਦਾਰਿਆਂ ਚ ਜ਼ਿਆਦਾਤਰ ਵਿਭਾਗਾਂ ਦੀਆਂ ਆਪੋਂ ਆਪਣੇ ਵਿੰਗਾਂ ਅਦਾਰਿਆਂ ਦੀ ਬਣੀਆਂ ਯੂਨੀਅਨਾਂ ਤੇ ਕਮੇਟੀ ਆਪ ਕੈਬਨਿਟ ਲੀਡਰਾਂ ਕੋਲ ਮੁੱਦੇ ਲਿਆਂ ਕੇ ਹੱਲ ਕਰਵਾ ਲੈਂਦੇ ਹਨ ਤੇ ਬਹੁਤ ਸਾਰੇ ਲੋਕ ਜ਼ਮੀਨੀ ਮੁੱਦੇ ਉਸ ਵਿਸ਼ੇਸ਼ ਵਿਭਾਗਾਂ ਦੇ ਨਾਲ ਨਾ ਬਣੀਆਂ ਸਮਾਜਿਕ ਸੋਧਾਂ ਲਈ ਐਕਸਪਰਟਾਂ ਦੀਆਂ ਗਠਿਤ ਕਮੇਟੀਆਂ ਕਰਕੇ ਰਹਿ ਜਾਂਦੇ ਹਨ। ਜਿਸ ਦਾ ਸਮਾਜ ਵਿੱਚ ਕੀਤੇ ਨਾ ਕੀਤੇ ਨੁਕਸਾਨ ਦਾ ਖਮਿਆਜ਼ਾ ਚੁਕਾਉਣਾ ਪੈਂਦਾ ਹੈਂ। ਉਹ ਭਾਵੇਂ ਸਿੱਧੇ ਤੌਰ ਤੇ ਹੋਵੇ ਜਾਂ ਅਸਿੱਧੇ ਤੌਰ ਤੇ ਪੈਣਾ ਹੋਵੇਗਾ।

ਸਿੱਖਿਆ ਪ੍ਰਣਾਲੀ ਅਤੇ ਸਿਖਲਾਈ ਸੰਸਥਾਵਾਂ ਦਾ ਬਹੁਤ ਵੱਡਾ ਹੱਥ ਹੁੰਦਾ ਉਸ ਏਰੀਏ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਤੇ ਬਦਲਣ ਲਈ। ਜੇਕਰ ਸੰਸਥਾਵਾਂ ਨੂੰ ਸਮੇਂ ਨਾਲ ਢੁੱਕਵਾਂ ਮੋੜ ਜਾਂ ਦਿਸ਼ਾ ਪ੍ਰਦਾਨ ਨਾ ਕੀਤੀ ਜਾਵੇ ਤਾਂ ਕੋੜੇ ਲ.ਫਜ਼ਾਂ ਵਿਚ ਕੇਵਲ ਨੋਕਰੀ ਪ੍ਰੋਮੋਸ਼ਨ ਤੇ ਢਾਂਚੇ ਕੇਵਲ ਨਾਮ ਦਾ ਬਣਾਈਂ ਰੱਖਣਾ ਹੀ ਕਹਿ ਸਕਦੇ ਹਾਂ। ਦਰਅਸਲ ਅਦਾਰਾ ਕੋਈ ਵੀ ਮਾੜਾ ਨਹੀਂ ਹੁੰਦਾ ਉਸ ਨੂੰ ਡਾਇਰੈਕਸ਼ਨ ਦੇਂਣ ਵਾਲਾਂ ਜਾਂ ਚੰਗਾ ਸਲਾਹਕਾਰ ਜੇਕਰ ਆਪਣੇ ਨਿੱਜੀ ਸਵਾਰਥਾਂ ਤੱਕ ਰਹਿ ਗਿਆ ਜਾਂ ਸੋਧ ਸਮਾਜ ਪੱਖੀ ਨਾ ਕਰ ਸਕਿਆ ਤਾਂ ਪਛਤਾਵਾ ਉਹਨਾਂ ਚੋਂ ਲੰਘਣ ਵਾਲਿਆਂ ਨੂੰ ਜ਼ਰੂਰ ਹੋਵੇਗਾ।

ਖੇਤੀ ਪ੍ਰਧਾਨ ਸੂਬੇ ਵਿਚ ਪੰਜਾਬ ਦੇ ਹਰੇਕ ਬਲਾਕ ਚ ਪੈਂਦੇ ਸੀਨੀਅਰ ਸੈਕੰਡਰੀ ਸਕੂਲਾਂ ਵਿਚ ਕਿੰਨੇ ਕੁ ਖੇਤੀ ਅਧਿਆਪਕ ਕੰਮ ਕਰ ਰਹੇ ਹਨ ਜਾਂ ਅਜੇ ਆਉਂਦੇ ਸਮੇਂ ਵਿੱਚ ਪੋਸਟ ਪੈਦਾ ਕਰਨ ਬਾਰੇ ਹੀ ਸੋਚ ਰਹੇ ਹਾਂ ਜਾਂ ਲੰਮੇ ਸਮੇਂ ਤੋਂ ਖ਼ਾਲੀ ਚੱਲ ਰਹੇ ਹਨ। ਜਿਹੜੇ ਅਧਿਆਪਕ ਕੰਮ ਕਰ ਰਹੇ ਹਨ ਉਹ ਮਿਡਲ, ਪ੍ਰਾਇਮਰੀ, ਤੇ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੂੰ ਖੇਤੀ ਵਿਦਿਅਕ ਸੰਸਥਾਵਾਂ ਜਾਂ ਖੇਤੀ ਦੁਨੀਆਂ ਵਿੱਚ ਨਾਮਨਾ ਖੱਟਣ ਵਾਲੇ ਅਗਾਂਹਵਧੂ ਸੋਚ ਵਾਲੇ ਕਿਸਾਨ ਵਿਦਵਾਨਾਂ ਨਾਲ ਕਿੰਨਾ ਕੁ ਮੇਲ਼ ਜੋਲ, ਕਿੰਨਾ ਕੁ ਵਿਜ਼ਿਟ, ਜਾਂ ਖੇਤੀ ਵਿਭਿੰਨਤਾ, ਜਿਨ੍ਹਾਂ ਬੱਚਿਆਂ ਕੋਲ ਜ਼ਮੀਨ ਨਹੀਂ ਹੈ ਉਹਨਾਂ ਨੂੰ ਘਰ ਵਿੱਚ ਵਾਧੂ ਜਗ੍ਹਾ ਜਾਂ ਹਵੇਲੀ ਵਿੱਚ ਖੂੰਬਾਂ ਦੇ ਕੰਮ ਕਰਨ ਦੇ ਉਪਰਾਲੇ ਪਤਾ ਲੱਗ ਸਕਦੇ। ਜੋਂ ਸੇਧ ਬੱਚਿਆਂ ਨੂੰ ਛੋਟੇ ਪੱਧਰ ਤੇ ਮਿਲ਼ ਸਕੇਂ ਤਾਂ ਜ਼ੋ ਉਸਦੇ ਮਾਨਸਿਕ ਮਨੋਬਲ ਵਧਾਉਣ ਨੂੰ ਤਰਜੀਹ ਮਿਲ਼ੇ।

ਬਤੌਰ ਲੇਖ਼ਕ ਖ਼ੇਤੀ ਅਦਾਰੇ ਚ ਕੰਮ ਕਰਦਿਆਂ ਕੋਈ ਨਾ ਕੋਈ ਪੰਜਾਬ ਸਰਕਾਰ ਵੱਲੋਂ ਜਾਰੀ ਕੰਪੇਨ ਨੂੰ ਲੈਂ ਕੇ ਬੱਚਿਆਂ ਦੇ ਆਪਣੇ ਬਲਾਕ ਦੇ ਹੀ ਸਕੂਲਾਂ ਵਿੱਚ ਜਾਣ ਦਾ ਮੌਕਾ ਮਿਲਿਆ। ਸਮੇਂ ਦੀ ਸਮਾਜਿਕ ਸੇਧ ਸਿੱਖਿਆ ਤੇ ਸੋਚ ਬਾਰੇ ਜਿਸ ਵਿੱਚ ਮੇਰਾ ਚਾਰ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨਾਲ਼ ਤੇ ਇੱਕ ਹਾਈ ਸਕੂਲ ਦੇ ਵਿਦਿਆਰਥੀਆਂ ਨਾਲ਼ ਰਾਬਤਾ ਕੰਪੇਨ ਦੌਰਾਨ ਹੋਇਆ। ਸਾਰੇ ਪ੍ਰਚਾਰ ਦੇ ਕਾਰਜ ਪੂਰੇ ਕਰਨ ਤੋਂ ਬਾਅਦ ਮੈਂ ਬਾਰਵੀਂ ਤੇ ਦੱਸਵੀਂ ਜਮਾਤ ਦੇ ਵੱਡੀ ਗਿਣਤੀ ਵਿੱਚ ਬੈਠੇ ਵਿਦਿਆਰਥੀਆਂ ਨੂੰ ਪੁੱਛਿਆ ਕਿ ਭਗਤ ਪੂਰਨ ਸਿੰਘ ਕੌਂਣ ਸਨ ਤੇ ਸਮਾਜ ਨੂੰ ਉਹਨਾਂ ਦੀ ਕੀ ਦੇਂਣ ਸੀ ? ਜਿਹੜਾ ਬੱਚਾ ਦੱਸੇਗਾ ਉਸਨੂੰ ਉਚਿੱਤ ਇਨਾਮ ਮੈਂ ਆਪਣੇ ਨਿੱਜੀ ਤੌਰ ਤੇ ਦੇਵਾਂਗਾ। ਬੜਾ ਦੁੱਖ ਹੋਇਆ ਕਿ ਕਿਸੇ ਵੀ ਛੇ ਸਕੂਲਾਂ ਦੇ ਵਿਦਿਆਰਥੀਆਂ ਨੂੰ ਏਸ ਬਾਰੇ ਨਹੀਂ ਪਤਾ ਸੀ ਤਾਂ ਮੈਂ ਉਹਨਾਂ ਦੀ ਸਕੂਲ ਮੈਨੇਜਮੈਂਟ ਨੂੰ ਬੇਨਤੀ ਕੀਤੀ ਕਿ ਆਪੋਂ ਆਪਣੇ ਮੁਲਾਜ਼ਮ ਜੱਥੇਬੰਦੀਆਂ ਨਾਲ ਗੱਲਬਾਤ ਕਰਕੇ ਏਨਾਂ ਸਮਾਜ ਸੇਧਕ ਵਰਗਾ ਨੂੰ ਵੀ ਨੋਜਵਾਨ ਪੀੜ੍ਹੀ ਨੂੰ ਜਾਣੂ ਕਰਵਾਉਣ ਲਈ ਕਿਤਾਬਾਂ ਵਿਚ ਉਹਨਾਂ ਦੀ ਜੀਵਨੀ ਐਂਡ ਕਰਵਾਉ। ਬੱਚਿਆਂ ਨੂੰ ਪਤਾ ਲੱਗ ਸਕੇ ਕਿ ਲੋੜਵੰਦ ਲ਼ੋਕਾਂ ਦੀ ਮੱਦਦ ਕਿੰਨੀ ਜ਼ਰੂਰੀ ਤੇ ਕਿਵੇਂ ਹੋ ਸਕਦੀ ਹੈ ਤੇ ਬੇ-ਆਸਰਿਆਂ ਦਾ ਸਹਾਰਾ ਵੀ ਬਣਨਾ ਬਹੁਤ ਜ਼ਰੂਰੀ ਹੈ। ਏਨਾਂ ਬੱਚਿਆਂ ਨੂੰ ਸਮਾਜਿਕ ਸੁਰੱਖਿਆ ਸਾਡੇ ਸਮਾਜ ਸੇਵੀਆਂ ਬਾਰੇ ਦਿਸ਼ਾ ਜਾਂ ਜਾਣਕਾਰੀ ਦੇਣ ਵੱਲ ਨਾ ਲਿਆਂਦਾ ਗਿਆ ਤਾਂ ਮਾਫ਼ ਕਰਿਊ ਫਿਰ ਏਂ ਆਉਂਦੀ ਪੀੜ੍ਹੀ ਦੇ ਬੱਚੇ ਈਰਖਾਂ ਨਿੰਦਾ ਦੀ ਜ਼ਿੰਦਗੀ ਹੀ ਮਾਣਨਗੇ। ਪਿੰਡਾਂ ਚ ਵੱਟਾਂ ਛਿੱਲਣ, ਧਰਮ ਦੀ ਵੰਡ, ਲਾਲਚਾਂ ਦੇ ਸਿਆਸੀ ਵਿਕਾਰਾਂ ਤੋਂ ਅੱਗੇ ਨਹੀਂ ਲੰਘਣਗੇ।

ਪਿਛਲੇ ਦਿਨੀਂ ਬੇਹੱਦ ਜ਼ਰੂਰੀ ਮਸਲੇ ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਪੰਜਾਬ ਸਰਕਾਰ ਦੇ ਇਕ ਕੈਬਨਿਟ ਮੰਤਰੀ ਨੂੰ ਮਿਲ ਕੇ ਸਕੂਲਾਂ ਵਿੱਚ ਖੇਤੀਬਾੜੀ ਅਧਿਆਪਕਾਂ ਦੀਆਂ ਖਾਲੀ ਪੋਸਟਾਂ ਭਰਨ ਬਾਰੇ ਵੀ ਕਿਹਾ। ਜਦਕਿ ਏਂਸ ਮੁੱਦੇ ਤੇ ਪਹਿਲਾਂ ਹੀ ਕੰਮ ਕਰਨਾ ਸਰਕਾਰਾਂ ਦਾ ਹੁੰਦਾ ਹੈ ਜੋਂ ਪਹਿਲਾਂ ਹੀ ਅਮਲੀ ਜਾਮਾ ਪਹਿਨਾਇਆ ਜਾਣਾਂ ਵੀ ਚਾਹੀਦਾ ਸੀ। ਨਾ ਕਿ ਬੱਚਿਆਂ ਵੱਲੋਂ ਖੁਦ ਖੇਤੀ ਪ੍ਰਧਾਨ ਸੂਬੇ ਵਿਚ ਸਮਾਜ਼ ਦੇ ਬੇਹੱਦ ਜ਼ਰੂਰੀ ਮਸਲੇ ਤੇ ਪਹਿਲਾਂ ਆਪ ਧਰਨਾ ਲਗਾਉਂਦੇ, ਫਿਰ ਯਾਦ ਪੱਤਰ ਏਨਾਂ ਜ਼ਰੂਰੀ ਕੰਮ ਕਰਵਾਉਣ ਲਈ ਸਰਕਾਰਾਂ ਨੂੰ ਦਿੰਦੇ ਜੋਂ ਕਿ ਬੇਹੱਦ ਦੁੱਖਦਾਈ ਹੈ।




ਅੱਜ ਵੀ ਬਹੁਤ ਸਾਰੇ ਮੁੱਦੇ ਜੋਂ ਸਮਾਜ ਦੇ ਚੰਗੇ ਭਵਿੱਖ ਲਈ ਹਨ ਉਹਨਾਂ ਨੂੰ ਵਿਦਿਆ ਦੇ ਖੇਤਰ ਦੇ ਬੁੱਧੀਜੀਵੀ ਵਰਗ ਨਾਲ ਗੱਲਬਾਤ ਕਰਕੇ ਜਰਨਲ ਸਕੂਲ ਸਿੱਖਿਆ ਕਿਤਾਬਾਂ ਵਿੱਚ ਐਡ ਕਰਨ ਦੀ ਲੋੜ ਹੈ ਖਾਸਤੌਰ ਤੇ ਗੰਦੇ ਤੇ ਨੈਗੇਟਿਵ ਸ਼ੋਸ਼ਲ ਮੀਡੀਆ ਤੇ ਵੱਧਦੇ ਕਰੇਜ਼ ਕਰਕੇ। ਜਿਥੇ ਅੱਜ ਨੋਜਵਾਨਾਂ ਚ ਸਹਿਣਸ਼ੀਲਤਾ ਤੇ ਸਮਝਦਾਰੀ ਦੀ ਭਾਵਨਾ ਖ਼ਤਮ ਹੋ ਕੇ ਕਾਹਲ ਤੇ ਹਾਊਮੈ ਵਿਚ ਬਦਲ ਰਹੀ ਹੈ। ਵੱਡੇ ਛੋਟੇ ਦ ਦੇ ਸਤਿਕਾਰ ਚ ਗਿਰਾਵਟ ਦਰਜ ਹੋਈ।

ਏਥੇ ਗੱਲ ਕੇਵਲ ਬੱਚਿਆਂ ਦੇ ਰੋਜ਼ਗਾਰ ਦੀ ਹੀ ਨਹੀਂ, ਕਿੰਨੇ ਪੰਜਾਬ ਦੇ ਸਕੂਲਾਂ ਵਿੱਚ ਉਹ ਬੱਚੇ ਹਨ ਜੋ ਅੱਠਵੀਂ ਜਮਾਤ, ਦੱਸਵੀਂ ਤੇ ਬਾਰਵੀਂ ਜਮਾਤ ਵਿੱਚੋਂ ਕਿਸੇ ਨਾ ਕਿਸੇ ਕਾਰਨ ਵੱਸ ਸਕੂਲੋਂ ਹੱਟ ਕੇ ਘਰ ਬੈਠ ਵਿਹਲ ਪੁਣੇ ਕਰਕੇ ਕੋਈ ਕੰਮ ਨਾ ਹੋਣ ਦੀ ਸੂਰਤ ਵਿੱਚ ਨਸ਼ਿਆਂ ਅਤੇ ਵਿਦੇਸ਼ ਭੱਜ ਜਾਣ ਦੀ ਫ਼ਿਰਾਕ ਚ ਰਹਿ ਜਾਂਦੇ ਹਨ। ਅਜਿਹੇ ਵਿਚ ਜੇਕਰ ਹਰੇਕ ਕਲਾਸ ਵਿੱਚ ਖੇਤੀ ਵਿਸ਼ਿਆਂ ਚ ਸਹਾਇਕ ਧੰਦਿਆਂ ਚ ਪ੍ਰੋਸੈਸਿੰਸ ਰੂਪ ਵਿੱਚ ਕਾਸ਼ਤ ਬਾਰੇ ਅਤੇ ਜੇਕਰ ਕਿਸੇ ਬੱਚੇ ਕੋਲ ਜ਼ਮੀਨ ਨਾ ਹੋਵੇ ਜਾਂ ਬੇਹੱਦ ਮਰਲਿਆਂ ਚ ਘੱਟ ਹੋਵੇ ਉਥੇ ਵੀ ਖੂੰਬਾਂ ਆਦਿ ਤੇ ਪਿੰਡਾਂ ਦੇ ਪਹਿਆਂ ਰਾਹਾਂ ਆਦਿ ਤੇ ਸ਼ਿਹਦ ਦੀ ਮੱਖੀ ਪਾਲਣ ਦਾ ਕਿੱਤਾ ਚਲਾਉਣ ਬਾਰੇ ਜਾਣਕਾਰੀ ਜਾਂ ਸਿਖ਼ਲਾਈ ਲਈ ਕੇਂਦਰਿਤ ਕੋਂਣ ਕਰੇਗਾ ? ਖਾਸਤੌਰ ਜੇਕਰ ਝਾਤ ਬੇਟ ਖੇਤਰ ਦੇ ਨਾਲ ਕੰਢੀ ਖੇਤਰ, ਦੇਸ਼ ਦੇ ਬਾਰਡਰ ਏਰੀਏ ਵਿੱਚ ਦੇਖੀਏ ਤਾਂ ਕਿੰਨੇਂ ਕੁ ਅਜਿਹੇ ਸਵੈਂ ਰੋਜ਼ਗਾਰ ਦੇ ਪਹਿਲੂਆਂ ਤੇ ਬੱਚਿਆਂ ਨੂੰ ਸਮਝਾਉਣ ਪੜਾਉਣ ਲਈ ਕਿੰਨੇ ਖੇਤੀਬਾੜੀ ਅਧਿਆਪਕ ਹੋਣਗੇ ਤਾਂ ਸਿਫ਼ਰ ਕਹਿਣਾ ਹੀ ਲਾਜ਼ਮੀ ਹੋਵੇਗਾ। ਏਸ ਬਾਰੇ ਕਦੋਂ ਤੇ ਕਿੰਨੇ ਸੋਚਣਾ ? ਗੱਲਾਂ ਖੇਤੀ ਨੀਤੀਆਂ ਬਣਾਉਣ ਦੀਆਂ ਹਨ, ਪਰ ਛੋਟੀ ਪੀੜ੍ਹੀ ਜੋਂ ਖੇਤੀਬਾੜੀ ਯੂਨੀਵਰਸਿਟੀ ਵਿੱਚ ਜ਼ਿਆਦਾ ਤਾਦਾਦ ਚ ਨਹੀਂ ਪਹੁੰਚ ਪਾਉਂਦੇ। ਉਹਨਾਂ ਦੇ ਪਿੰਡ ਪੱਧਰੀ ਭਵਿੱਖ ਦੀ ਚਿੰਤਾ ਕਿੰਨੇ ਕਰਨੀ ਹੈ। ਫੇਰ ਜੇ ਬੱਚਾ ਗਰੀਬ ਘਰ ਦਾ ਹੋਇਆ ਜਾਂ ਤਾਂ ਪਿੰਡ ਚ ਨਰੇਗਾ ਕਾਮਿਆਂ ਵਿੱਚ ਉਡੀਕ ਰਹੂ ਤੇ ਜੇ ਉਸ ਕੋਲ ਚਾਰ ਪੈਲ਼ੀਆਂ ਹੋਈਆਂ ਤਾਂ ਜ਼ਲਦ ਵੇਚ ਕੇ ਆਪਣੇ ਪਿੰਡ ਤੇ ਮਾਂ ਧਰਤ ਨੂੰ ਛੱਡ ਜਾਣ ਲਈ ਵਿਦੇਸ਼ ਪਹੁੰਚਣ ਲਈ ਕਾਹਲਾ ਹੋਵੇਗਾ। ਲਿਖ਼ਤ ਸਮਾਜ ਵਿਚ ਵਿਚਰਦਿਆਂ ਸੋਧਾਂ ਦੀ ਲੋੜ ਮਹਿਸੂਸ ਹੋਣ ਕਰਕੇ ਲਿਖੀਂ ਗਈ ਹੈ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮਿਸਲ ਸਤਲੁਜ ਵੱਲੋਂ

# ਮਾਨ ਸਿੰਘ ਕਿਲੀ ਫਿਰੋਜ਼ਪੁਰ ਜ਼ਿਲ੍ਹਾ ਯੂਥ ਪ੍ਰਧਾਨ ਨਿਯੁਕਤ



ਫ਼ਿਰੋਜ਼ਪੁਰ, 24 ਦਸੰਬਰ (ਮਨੋਹਰ ਲਾਲ) :— ਸਮਾਜਿਕ/ ਰਾਜਨੀਤਿਕ ਸੰਸਥਾ ਮਿਸਲ ਸਤਲੁਜ ਨੇ ਮਾਨ ਸਿੰਘ ਕਿਲੀ ਨੂੰ ਫਿਰੋਜ਼ਪੁਰ ਜ਼ਿਲ੍ਹੇ ਦੇ ਨੌਜਵਾਨ ਜੱਥਾ (ਯੂਥ ਵਿੰਗ) ਦੇ ਪ੍ਰਧਾਨ ਅਤੇ ਅਵਤਾਰ ਸਿੰਘ ਕਿਲੀ ਨੂੰ ਬਲਾਕ ਪ੍ਰਧਾਨ ਵਜੋਂ ਨਿਯੁਕਤ ਕੀਤਾ ਹੈ। ਇਸ ਮੌਕੇ 'ਤੇ ਮਿਸਲ ਸਤਲੁਜ ਦੇ ਪ੍ਰਧਾਨ ਅਜੈਪਾਲ ਸਿੰਘ ਬਰਾੜ ਨੇ ਪੰਜਾਬ ਦੇ ਹੱਕਾਂ ਦੀ ਰੱਖਿਆ ਕਰਨ ਦੀ ਅਹਿਮੀਅਤ 'ਤੇ ਜ਼ੋਰ ਦਿੱਤਾ। ਮਿਸਲ ਸਤਲੁਜ ਦੇ ਜਨਰਲ ਸਕੱਤਰ ਦੇਵਿੰਦਰ ਸਿੰਘ ਸੇਖੋਂ ਨੇ ਮਾਨ ਸਿੰਘ ਕਿੱਲੀ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਸੰਸਥਾ ਯੂਥ ਲੀਡਰਸ਼ਿਪ ਦੇ ਵਿਕਾਸ ਨੂੰ ਤਰਜੀਹ ਦੇਵੇਗੀ। ਮਿਸਲ ਸਤਲੁਜ ਦੀ ਇਸਤ੍ਰੀ ਵਿੰਗ ਦੀ ਪ੍ਰਧਾਨ ਬੀਬੀ ਜਸਮੀਤ ਕੌਰ ਛੀਨਾ ਨੇ ਸੰਸਥਾ ਦੀਆਂ ਗਤੀਵਿਧੀਆਂ 'ਚ ਔਰਤਾਂ ਦੀ ਭੂਮਿਕਾ ਨੂੰ ਮਹੱਤਵਪੂਰਨ ਕਰਾਰ ਦਿੱਤਾ। ਸ੍ਰੀ ਹਰਦੀਪ ਸਿੰਘ ਡੋਡ ਸਕੱਤਰ ਨੌਜਵਾਨ ਜੱਥੇ ਨੇ ਕਿਹਾ ਕਿ ਨੌਜਵਾਨ ਜੱਥਾ ਮਿਸਲ ਦਾ ਹਰਾਵਲ ਜੱਥਾ ਹੋਵੇਗਾ ਅਤੇ ਵੱਡੀ ਭੂਮਿਕਾ ਨਿਭਾਵੇਗਾ। ਸੂਬਾ ਸਕੱਤਰ ਰਣਪਿੰਦਰਜੀਤ ਸਿੰਘ ਗੋਲਡੀ ਨੇ ਖਨੌਰੀ ਬਾਡਰ ਤੇ ਚੱਲ ਰਹੇ ਮੋਰਚੇ ਚ ਵੱਧ ਚੜ੍ਹਕੇ ਪਹੁੰਚਣ ਦੀ ਅਪੀਲ ਕੀਤੀ ਅਤੇ ਦੱਸਿਆ ਕਿ ਮਿਸਲ ਸਤਲੁਜ ਲਗਾਤਾਰ ਮੋਰਚੇ ਤੇ ਜੱਥੇ ਭੇਜ ਰਹੀ ਹੈ। ਆਪਣੀ ਨਿਯੁਕਤੀ 'ਤੇ ਮਾਨ ਸਿੰਘ ਕਿਲੀ ਨੇ ਕਿਹਾ ਕਿ ਮਿਸਲ ਸਤਲੁਜ ਦੇ ਜ਼ਮੀਨੀ ਪੱਧਰ ਤੇ ਪੰਥ ਅਤੇ ਪੰਜਾਬ ਦੀ ਬਿਹਤਰੀ ਲਈ ਕੀਤੇ ਕਾਰਜਾਂ ਤੋਂ ਪ੍ਰਭਾਵਿਤ ਹੋਕੇ ਮਿਸਲ ਦੀ ਜ਼ੁੰਮੇਵਾਰੀ ਓਟੀ ਹੈ ਉਹਨਾਂ ਫਿਰੋਜ਼ਪੁਰ ਦੇ ਨੌਜਵਾਨਾਂ ਦੀ ਸੇਵਾ ਕਰਨ ਅਤੇ ਪੰਜਾਬ ਦੇ ਭਵਿੱਖ ਨੂੰ ਮਜ਼ਬੂਤ ਅਤੇ ਵੱਲ ਆਪਣੀ ਵਚਨਬੱਧਤਾ ਜਤਾਈ। ਉਨ੍ਹਾਂ ਕਿਹਾ, "ਮੈਨੂੰ ਫਿਰੋਜ਼ਪੁਰ ਜ਼ਿਲ੍ਹੇ ਦੇ ਯੂਥ ਪ੍ਰਧਾਨ ਵਜੋਂ ਨਿਯੁਕਤ ਕੀਤਾ ਜਾਣ ਤੇ ਮਾਣ ਮਹਿਸੂਸ ਹੋ ਰਿਹਾ ਹੈ। ਮੈਂ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਸ਼ਕਤੀਸ਼ਾਲੀ ਬਣਾਉਣ ਅਤੇ ਸਾਮਾਜਿਕ, ਰਾਜਨੀਤਿਕ ਅਤੇ ਸੱਭਿਆਚਾਰਕ ਜ਼ਿੰਦਗੀ 'ਚ ਉਨ੍ਹਾਂ ਦੀ ਸਰਗਰਮ ਹਿੱਸੇਦਾਰੀ ਨੂੰ ਯਕੀਨੀ ਬਣਾਉਣ ਲਈ ਪੂਰੀ ਕੋਸ਼ਿਸ਼ ਕਰਾਂਗਾ।" ਇਸ ਐਲਾਨ ਦੇ ਦੌਰਾਨ ਗੁਰਬੀਰ ਸਿੰਘ ਬੱਬੂ ਖੋਸਾ (ਪ੍ਰੈਸ ਇੰਚਾਰਜ), ਰਣਪਿੰਦਰਜੀਤ ਸਿੰਘ ਗੋਲਡੀ (ਸੂਬਾ ਸਕੱਤਰ), ਹਰਜੀਤ ਸਿੰਘ ਮੋਹਾਲੀ (ਪੁਆਧ ਇੰਚਾਰਜ), ਗੁਰਮੀਤ ਸਿੰਘ ਸਲਹਾਨੀ (ਸਕੱਤਰ), ਸੁਰਜੀਤ ਸਿੰਘ ਅਲਫੂਕੇ, ਸ਼ਰਨਜੀਤ ਸਿੰਘ ਕਿਲੀ, ਸਾਬ ਸਿੰਘ ਕਿਲੀ, ਗੁਰਭੇਜ ਸਿੰਘ, ਕੁਲਦੀਪ ਸਿੰਘ, ਕੁਲਵਿੰਦਰ ਸਿੰਘ, ਭਿੰਦਾ ਡਾਕਟਰ, ਅਜਮੇਰ ਸਿੰਘ ਕਿਲੀ ਆਦਿ ਹਾਜ਼ਰ ਰਹੇ।

ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ

# ਸ਼ਹੀਦੀ ਹਫਤੇ ਦੇ ਤਿੰਨੇ ਦਿਨ ਵੀ ਰਾਤ ਦੇ ਸਜਾਏ ਦੀਵਾਨ



ਫ਼ਿਰੋਜ਼ਪੁਰ, 24 ਦਸੰਬਰ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਸ਼ਹੀਦੀ ਹਫਤੇ ਦੇ ਤੀਸਰੇ ਦਿਨ ਰਾਤ ਦੇ ਦੀਵਾਨ ਸਜਾਏ ਗਏ, ਜਿਸ ਵਿਚ ਹਰ ਰੋਜ਼ ਦੀ ਤਰ੍ਹਾਂ ਸੁਖਮਣੀ ਸਾਹਿਬ ਜੀ ਦੇ ਪਾਠ ਕਰਵਾਏ ਗਏ, ਉਪਰੰਤ ਕੀਰਤਨ ਦਰਬਾਰ ਸਜਾਏ ਗਏ। ਇਸ ਮੌਕੇ ਤੇ ਭਾਈ ਗੁਰਮੇਲ ਸਿੰਘ ਅਰਜਨ, ਭਾਈ ਚੰਨ ਸਿੰਘ, ਭਾਈ ਜ਼ੋਗਾ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਬਬੂ ਸਿੰਘ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਹਰ ਰੋਜ਼ ਦੀ ਤਰ੍ਹਾਂ ਸੰਗਤਾਂ ਨੂੰ ਸ਼ਹੀਦੀ ਹਫਤੇ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦੇ ਪਰਿਵਾਰ ਜਿਨ੍ਹਾਂ ਨੇ ਚਮਕੌਰ ਸਾਹਿਬ ਵਿਖੇ ਚਮਕੌਰ ਦੀ ਗੜੀ ਵਿਚ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ ਜੀ ਨੇ 10 ਲੱਖ ਫੌਜਾਂ ਦਾ ਮੁਕਾਬਲਾ ਕਰਦਿਆਂ ਸ਼ਹੀਦੀ ਜਾਪਾ ਪੀ ਗਏ ਸੀ, ਇਸ ਤੋਂ ਇਲਾਵਾ 40 ਸਿੰਘਾਂ ਨੇ ਬਹਾਦਰੀ ਨਾਲ ਲੜਦਿਆਂ ਸ਼ਹੀਦੀ ਜਾਮਾ ਪੀ ਗਏ, ਜ਼ੋ ਕਿ 5—5 ਸਿੰਘਾਂ ਦਾ ਜਥਾ ਗੜੀ ਦੇ ਹੇਠਾ ਖੁੱਲੇ ਮੈਦਾਨ ਏ ਜੰਗ ਵਿਚ ਆ ਕੇ ਦੁਸ਼ਮਣ ਨੂੰ ਵੰਗਾਰ ਪਾਉਣ ਲੱਗਾ, ਇਕ ਜਥਾ ਸ਼ਹੀਦੀ ਪ੍ਰਾਪਤ ਕਰ ਜਾਂਦਾ ਤਾਂ ਦੂਜਾ ਆ ਜਾਂਦਾ ਅਤੇ ਸਤਿਗੁਰੂ ਨਾਲ ਸਿਰਫ 11 ਸਿੰਘ ਸੂਰਮੇ ਰਹਿ ਗਏ ਸਨ, ਜਿਨ੍ਹਾਂ ਨੇ ਗੁਰੂ ਸਾਹਿਬ ਨੂੰ ਬਹੁਤ ਪਿਆਰੇ ਸਿੰਘਾਂ ਦੀ ਗਹਿਰੀ ਪਿਆਰ—ਗੁੱਥੀ ਜ਼ੋੜਦੀ ਅਤੇ ਸਲਾਹ ਮੰਨਦਿਆਂ ਤਿੰਨ ਸਿੰਘਾਂ ਭਾਈ ਦਇਆ ਸਿੰਘ, ਭਾਈ ਧਰਮ ਸਿੰਘ ਅਤੇ ਭਾਈ ਮਾਨ ਸਿੰਘ ਸਹਿਤ ਗੜੀ ਛੱਡ ਕੇ ਜਾਣ ਦਾ ਨਿਰਣਾ ਕੀਤਾ, ਤਾੜੀ ਮਾਰ ਕੇ ਅਤੇ ਉੱਚੀ ਆਵਾਜ਼ ਵਿਚ ਇਹ ਆਖ ਕੇ ਖਾਲਸੇ ਦਾ ਗੁਰੂ ਜਾ ਰਿਹਾ ਹੈ, ਸਤਿਗੁਰੂ ਚਮਕੌਰ ਤੋਂ ਮਾਛੀਵਾੜੇ ਵੱਲ ਨੂੰ ਰਵਾਨਾ ਹੋ ਗਏ, ਜਦੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸਰਨ ਕੌਰ ਮਿਲੀ, ਜ਼ੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ, ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁਛਿਆ ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ, ਇਹ ਸੁਣ ਕੇ ਬੀਬੀ ਹਰਸ਼ਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ, ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾ ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ, ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ। ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿਚ ਸੁੱਟ ਦਿੱਤਾ ਅਤੇ ਉਹ ਸ਼ਹੀਦ ਹੋ ਗਏ। ਉਧਰ ਗੁਰੂ ਸਾਹਿਬ ਮਹਾਰਾਜ ਪੰਜ ਪਿਆਰਿਆਂ ਦੇ ਹੁਕਮ ਦੀ ਪਾਵਨ ਮਰਿਯਾਦਾ ਦੇ ਸਨਮੁੱਖ ਇਸ ਨੂੰ ਅਮਲੀ ਜਾਮਾ ਪਹਿਨਾਉਂਦਿਆਂ ਚਮਕੌਰ ਦੀ ਗੜੀ ਨੂੰ ਛੱਡਿਆ ਤਾਂ ਪੈਰਾਂ ਵਿਚੋਂ ਜ਼ੋੜਾਂ ਵੀ ਲਾਹ ਦਿੱਤਾ ਕਿ ਕਿਤੇ ਜੰਗ ਦੇ ਮੈਦਾਨ ਵਿਚ ਸ਼ਹੀਦ ਸਿੱਖਾਂ ਦੇ ਕੇਸਾਂ ਨੂੰ ਕਿਤੇ ਮੇਰਾ ਜ਼ੋੜਾ ਲੱਗ ਗਿਆ ਤੇ ਬਹੁਤ ਵੱਡੀ ਬੇਅਦਬੀ ਹੋ ਜਾਵੇਗੀ। ਕਿੰਨਾ ਸਤਿਕਾਰ ਕੀਤਾ, ਕੇਸਾਂ ਦਾ ਮਹਾਰਾਜ ਜੀ ਨੇ, ਮਾਛੀਵਾੜੇ ਦੇ ਜੰਗਲ ਵਿਚ ਪਹੁੰਚੇ। ਕੁਝ ਹੀ ਢੀਮ ਦਾ ਸਿਰਹਾਣਾ ਬਣਾ ਕੇ ਆਰਾਮ ਕੀਤਾ, ਚੋਲਾ ਵੀ ਪਾਟ ਗਿਆ, ਪਰ ਹਾਲ ਵਿਚ ਸ਼ੁਕਰ ਮਨਾਉਂਦਿਆਂ ਮੁੱਖ ਤੋਂ ਇਹੀ ਫਰਮਾਇਆ ਮਿੱਤਰ ਪਿਆਰੇ ਨੂੰ ਹਾਲ ਮੁਰੀਦਾ ਦਾ ਕਹਿਣਾ, ਜਦੋਂ ਸਿੰਘ ਗੁਰੂ ਸਾਹਿਬ ਨੂੰ ਲੱਭਦੇ ਹੋਏ ਉਥੇ ਪਹੁੰਚੇ ਤਾਂ ਉਨ੍ਹਾਂ ਦੀਆਂ ਭੁੱਬਾਂ ਨਿਕਲ ਗਈਆਂ, ਠੰਡੀਆਂ ਪੋਹ ਦੀਆਂ ਰਾਤਾਂ ਵਿਚ ਗੁਰੂ ਸਾਹਿਬ ਪਏ ਹਨ। ਇਸ ਮੌਕੇ ਤੇ ਚਮਕੌਰ ਸਾਹਿਬ ਵਿਚ ਜਿਹੜੇ ਸ਼ਹੀਦ ਹੋਏ ਸਾਹਿਬਜ਼ਾਦਿਆਂ ਅਜੀਤ ਸਿੰਘ ਜੀ, ਸਾਹਿਬਜ਼ਾਰਾ ਜੁਝਾਰ ਸਿੰਘ ਜੀ, ਭਾਈ ਮੋਹਕਮ ਸਿੰਘ ਪਿਆਰੇ, ਭਾਈ ਸਾਹਿਬ ਸਿੰਘ ਪਿਆਰੇ, ਭਾਈ ਹਿੰਮਤ ਸਿੰਘ ਪਿਆਰੇ, ਭਾਈ ਦੇਵਾ ਸਿੰਘ, ਭਾਈ ਰਾਮ ਸਿੰਘ, ਭਾਈ ਟਹਿਲ ਸਿੰਘ, ਭਾਈ ਈਸ਼ਰ ਸਿੰਘ, ਭਾਈ ਫਤਹਿ ਸਿੰਘ, ਭਾਈ ਮਦਨ ਸਿੰਘ, ਭਾਈ ਕਾਠਾ ਸਿੰਘ, ਭਾਈ ਨਾਹਰ ਸਿੰਘ, ਭਾਈ ਸ਼ੇਰ ਸਿੰਘ, ਭਾਈ ਅਨਿਕ ਸਿੰਘ, ਭਾਈ ਅਜਬ ਸਿੰਘ, ਭਾਈ ਅਜਾਇਬ ਸਿੰਘ, ਭਾਈ ਦਾਨ ਸਿੰਘ, ਭਾਈ ਨਾਨੂੰ ਸਿੰਘ, ਭਾਈ ਆਲਮ ਸਿੰਘ ਨੱਚਣਾ, ਭਾਈ ਬੀਰ ਸਿੰਘ, ਭਾਈ ਮੇਹਰ ਸਿੰਘ, ਭਾਈ ਅਮੋਲਕ ਸਿੰਘ, ਭਾਈ ਕਿਰਪਾ ਸਿੰਘ, ਭਾਈ ਸਨਮੁੱਖ ਸਿੰਘ ਦੱਤ, ਭਾਈ ਮੁਕੰਦ ਸਿੰਘ ਦੂਜਾ, ਭਾਈ ਲਾਲ ਸਿੰਘ ਪਿਸ਼ੋਰੀਆ, ਭਾਈ ਧੰਨਾ ਸਿੰਘ, ਭਾਈ ਬਖਸ਼ਿਸ਼ ਸਿੰਘ, ਭਾਈ ਅਨੰਦ ਸਿੰਘ, ਭਾਈ ਜਵਾਹਰ ਸਿੰਘ, ਭਾਈ ਕੀਰਤ ਸਿੰਘ, ਭਾਈ ਸੁੱਖਾ ਸਿੰਘ, ਭਾਈ ਸ਼ਾਮ ਸਿੰਘ, ਭਾਈ ਕੇਸਰਾ ਸਿੰਘ, ਭਾਈ ਹੁਕਮ ਸਿੰਘ, ਭਾਈ ਖਜਾਨ ਸਿੰਘ, ਭਾਈ ਬੁੱਢਾ ਸਿੰਘ, ਇਨ੍ਹਾਂ ਸਮੂਹ ਸ਼ਹੀਦਾਂ ਦੇ ਚਰਨਾਂ ਵਿਚ ਸਾਡਾ ਸਿਰ ਝੁਕਦਾ ਹੈ, ਜਿਨ੍ਹਾਂ ਸਿੱਖ ਧਰਮ ਦੀ ਆਨ ਅਤੇ ਸ਼ਾਨ ਲਈ ਕੁਰਬਾਨੀਆਂ ਦੇ ਕੇ ਸਾਨੂੰ ਸਰਦਾਰੀਆਂ ਬਖਸ਼ੀਆਂ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਲਾਖੋ ਪੇ ਵਾਰ ਕਰਤਾ ਅਕੇਲਾ ਕੌਣ ਕਹਤਾ ਹੈ ਜਦ ਵਿਚ ਕਿਆ ਕਰ ਸਕਦਾ ਇਕੇਲਾ : ਪੀ.ਸੀ ਕੁਮਾਰ



ਫ਼ਿਰੋਜ਼ਪੁਰ, 24 ਦਸੰਬਰ (ਮਨੋਹਰ ਲਾਲ) :— ਲਾਖੋ ਪੇ ਵਾਰ ਕਰਤਾ ਅਕੇਲਾ ਕੌਣ ਕਹਤਾ ਹੈ ਜਦ ਵਿਚ ਕਿਆ ਕਰ ਸਕਦਾ ਇਕੇਲਾ। ਇਹ ਵਿਚਾਰ ਮੇਰੇ ਤੇਰੇ ਨਹੀਂ ਬਲਕਿ ਵਿਸ਼ਵ ਵਿਆਪੀ ਹਨ, ਜਦ—ਜਦ ਪਰਿਵਾਰ, ਸਮਾਜ, ਦੇਸ਼ ਦੁਨੀਆਂ ਵਿਚ ਕੋਈ, ਸਰੀਰਕ, ਮਾਨਸਿਕ ਜਾਂ ਫਿਰ ਦੁਨਿਆਵੀਂ ਮੁਸ਼ਿਕਲ ਪੈਦਾ ਹੋਈ, ਉਸ ਦਾ ਸਾਹਮਣਾ ਕਰਨ ਲਈ ਅਨੇਕਾਂ ਮਿਸਾਲਾਂ ਇਤਿਹਾਸ ਵਿਚ ਜਿਵੇਂ ਲਾਖੋ ਸਿਤਾਰੇ ਟਿਮ—ਟਮਾਤੇ, ਪਰ ਜੱਗ ਕਾਸ਼ ਕਰਦਾ ਚੰਦਰਮਾ, ਇਕੇਲਾ ਇਸੇ ਤਰ੍ਹਾਂ ਸਵਾਮੀ ਦਯਾ ਨੰਦ ਸਰਸਵੀ ਵੈਦਿਕ ਧਰਮ ਦਾ ਝੰਡਾ ਲਹਿਰਾ ਗਿਆ ਇਕੇਲਾ ਅਕਬਰ ਦੇ ਦਰਬਾਰ ਵਿਚ ਮਹਾਂ ਸਿੰਘ ਆਪਣੀ ਕਟਾਰੀ ਦਾ ਬਲਦਿਖਾ ਗਿਆ, ਇਕੇਲਾ ਬੇਸਰਤ ਹੈ ਕਿ ਜਿਵੇਂ ਕਿਹਾ ਗਿਆ ਪੱਕਾ ਇਰਾਦਾ ਆਸਕ ਚਾਹੇ ਉਹ ਰੂਹਾਨੀ ਚਾਹੇ ਮਿਜਾਜੀ ਸੀਰੀ ਫਰਿਆਦ ਦੀ ਇਸਕ ਦੇ ਜਾਨੂੰਨ ਵਿਚ ਮਹਿਲਾਂ ਵਿਚ ਪਹਾੜ ਤੇਸੀ ਨਾਲ ਕੱਟ—ਕੱਟ ਨਹਿਰਾਂ ਲਿਆ ਸਾਬਤ ਕਰ ਦਿੱਤਾ ਇਸਕ ਦੇ ਬੜੇ ਭਿਆਨਕ ਰਸਤੇ ਧੜ ਮੇ ਸਿਰ ਗੁਜਰ ਜਾਂਦਾ ਹੈ, ਪਹਿਲ ਇਸੇ ਤਰ੍ਹਾਂ ਨਾਮ ਦੇਵ ਤ੍ਰਿਲੋਚਨ ਆਦਿ ਦੀਆਂ ਉਦਾਹਰਣਾਂ ਨਾਲ ਇਤਿਰਾਜ ਭਰਿਆ ਪਿਆ ਹੈ, ਇਸ ਸਾਰੀਆਂ ਉਦਾਹਰਣ ਰਾਹੀਂ ਬੱਚਿਆਂ ਵਿਚ ਇਕ ਵਿਚਾਰ ਰੋਜ਼ਾਨਾ ਸਭਾ ਦੀਆਂ ਪ੍ਰਾਰਥਨਾਵਾਂ ਵਿਚ ਅਰਸਾ ਦਿਰਾਜ ਪੰਜਾਹ ਸਾਲਾਂ ਤੋਂ ਸਰਕਾਰੀ ਅਰਧ ਸਰਕਾਰੀ, ਪ੍ਰਾਈਵੇਟ ਅਦਾਰਿਆਂ ਵਿਚ ਪੀ.ਸੀ ਕੁਮਾਰ ਉੱਘੇ ਸਮਾਜ ਸੇਵਕ ਦਿੰਦੇ ਹੋਏ ਦਾਵੇ ਨਾਲ ਕਰ ਸਕਦਾ। ਅੱਜ ਲੱਖਾਂ ਬੱਚਿਆਂ ਇਹ ਵਿਚਾਰ ਧਾਰਨਾ ਕਰ ਜਿੰਦਗੀ ਵਿਚ ਉੱਚੀ—ਸੁੱਚੀ ਜਿੰਦਗੀ ਜੀ ਇਕ ਮਿਸਾਲ ਕਾਇਮ ਕੀਤੀ ਹੈ।

# ਕਿਸਾਨੀ ਮੰਗਾਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਦਫਤਰ ਮੂਹਰੇ ਕਿਸਾਨਾਂ ਲਾਇਆ ਮੋਰਚਾ



ਫ਼ਿਰੋਜ਼ਪੁਰ, 24 ਦਸੰਬਰ (ਮਨੋਹਰ ਲਾਲ) :— ਸੰਯੁਕਤ ਕਿਸਾਨ ਮੋਰਚੇ ਨਾਲ ਸੰਬੰਧਿਤ ਕਿਸਾਨ ਜਥੇਬੰਦੀਆਂ ਨੇ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੇ ਦਫਤਰ ਮੂਹਰੇ 12 ਵਜੇ ਤੋਂ ਲੈ ਕੇ 3 ਵਜੇ ਤੱਕ ਧਰਨਾ ਦੇ ਕੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਮਰਨ ਵਰਤ ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡਲੇਵਾਲ ਦੀ ਜਾਨ ਬਚਾਈ ਜਾਵੇ। ਇਸ ਮੌਕੇ ਬੋਲਦਿਆਂ ਕਿਸਾਨਾਂ ਨੇ ਕਿਹਾ ਕਿ ਦਿੱਲੀ ਵੱਲ ਮਾਰਚ ਕਰ ਰਿਹਾ ਕਿਸਾਨਾਂ ਤੇ ਕੀਤਾ ਜਾ ਰਿਹਾ ਜਬਰ ਬੰਦ ਕੀਤਾ ਜਾਵੇ ਜੇਲ ਚੋਂ ਬੰਦ ਕਿਸਾਨਾਂ ਨੂੰ ਰਿਹਾ ਕੀਤਾ ਜਾਵੇ ਤੇ ਨੈਸ਼ਨਲ ਐਗਰੀਕਲਚਰ ਮਾਰਕੀਟ ਪਾਲਸੀ ਵਾਪਸ ਲਈ ਜਾਵੇ। ਰੋਹ ਵਿਚ ਆਏ ਕਿਸਾਨਾਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਕਿਸਾਨੀ ਮੰਗਾਂ ਨੂੰ ਗੰਭੀਰਤਾ ਨਾਲ ਨਾ ਲਏ ਜਾਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ। ਭਾਵੇਂ ਕਿ ਮੌਸਮ ਖਰਾਬ ਹੋਣ ਦੇ ਬਾਵਜੂਦ ਵਰਦੇ ਮੀਂਹ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨ ਜ਼ਿਲਾ ਫਿਰੋਜ਼ਪੁਰ ਦੇ ਡਿਪਟੀ ਕਮਿਸ਼ਨਰ ਦਫਤਰ ਅੱਗੇ ਇਕੱਠੇ ਹੋਏ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸੂਬਿਆਂ ਨੂੰ ਭੇਜੀ ਗਈ ਨਵੀਂ ਖੇਤੀ ਮੰਡੀਕਰਨ ਨੀਤੀ ਦੇ ਫਰੇਮ ਵਰਕ ਨੂੰ ਕਿਸੇ ਹਾਲਤ ਵਿੱਚ ਵੀ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ। ਬੁਲਾਰਿਆਂ ਨੇ ਕਿਹਾ ਕਿ ਅਸੀਂ ਦਿੱਲੀ ਦੇ ਬਾਰਡਰਾਂ ਤੇ 13 ਮਹੀਨੇ ਸੰਘਰਸ਼ ਕਰਕੇ ਜੋ ਕਾਲੇ ਖੇਤੀ ਕਾਨੂੰਨ ਰੱਦ ਕਰਵਾਏ ਸਨ ਕੇਂਦਰ ਸਰਕਾਰ ਉਹਨਾਂ ਹੀ ਕਾਨੂੰਨਾਂ ਨੂੰ ਸੂਬਿਆਂ ਰਾਹੀਂ ਲਾਗੂ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਕੇਂਦਰ ਸਰਕਾਰ ਦੀ ਇਸ ਸਾਜ਼ਿਸ਼ ਦੇ ਖਿਲਾਫ ਆਉਣ ਵਾਲੇ ਸਮੇਂ ਵਿੱਚ ਕਿਸਾਨ ਮੋਰਚਾ ਭਾਰਤ ਪੱਧਰ ਤੇ ਤਕੜਾ ਸੰਘਰਸ਼ ਸ਼ੁਰੂ ਕਰੇਗਾ ਕਿਸਾਨ ਆਗੂਆਂ ਨੇ ਸ਼ੰਭੂ ਅਤੇ ਖਨੌਰੀ ਬਾਰਡਰ ਤੇ ਸੰਘਰਸ਼ ਲੜ ਰਹੇ ਕਿਸਾਨਾਂ ਨਾਲ ਇੱਕੋ ਮੁੱਠਤਾ ਜਾਹਰ ਕੀਤੀ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਜੰਗੀਰ ਸਿੰਘ ਖਹਿਰਾ, ਗੁਲਜਾਰ ਸਿੰਘ ਕੱਬਰ ਵੱਛਾ, ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਜਿਲ੍ਹਾ ਪ੍ਰਧਾਨ ਗੁਰਿੰਦਰ ਸਿੰਘ ਖਹਿਰਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਗੁਰਮੀਤ ਸਿੰਘ ਮਹਿਮਾ, ਸੁਰਜੀਤ ਕੁਮਾਰ, ਅਵਤਾਰ ਸਿੰਘ ਮਹਿਮਾ ਸੂਬਾ ਪ੍ਰੈਸ ਸਕੱਤਰ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਹਰਦੀਪ ਸਿੰਘ ਕਰਮੂਵਾਲਾ ਭਾਰਤੀ ਕਿਸਾਨ ਯੂਨੀਅਨ ਮਾਨਸਾ ਹਰਪ੍ਰੀਤ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਪਰਗਟ ਸਿੰਘ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਹਰਬੰਸ ਸਿੰਘ ਕੌੜਾ ਭਾਰਤੀ ਕਿਸਾਨ ਯ ਰਾਜੇਵਾਲ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜਿਲ੍ਹਾ ਜਨਰਲ ਸਕੱਤਰ ਗੁਰਮੇਲ ਸਿੰਘ ਸੁਖਮੰਦਰ ਸਿੰਘ ਕੌਮੀ ਕਿਸਾਨ ਯੂਨੀਅਨ ਪੰਜਾਬ ਲਖਵਿੰਦਰ ਸਿੰਘ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਗੁਰਦੀਪ ਸਿੰਘ ਬੀਕੇਯੂ ਪੰਜਾਬ ਡੈਮੋਕਰੇਟਿਕ ਫਰੰਟ ਪ੍ਰਧਾਨ ਮਲਕੀਤ ਸਿੰਘ ਹਰਾਜ ਗੁਰਮੀਤ ਸਿੰਘ ਫਰੀਦੇ ਵਾਲਾ ਜ਼ਿਲ੍ਹਾ ਪ੍ਰਧਾਨ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਬਲਕਾਰ ਸਿੰਘ ਜੋਧਪੁਰ ਹਰਬੰਸ ਸਿੰਘ ਜੋਧਪੁਰ ਜ਼ਿਲਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ, ਜਤਿੰਦਰ ਸਿੰਘ ਕੜਮਾ, ਪ੍ਰਨੀਤ ਸਿੰਘ ਭੜਾਣਾ, ਅੰਮ੍ਰਿਤ ਪਾਲ ਸਿੰਘ ਕਲਾਸ ਗੁਰਪ੍ਰੀਤ ਸਿੰਘ ਗੱਟੀ, ਜਗਰਾਜ ਸਿੰਘ ਗੱਟੀ ਸੀਨੀਅਰ ਮੀਤ ਪ੍ਰਧਾਨ ਬਗੀਚਾ ਸਿੰਘ ਆਦਿ ਹਾਜ਼ਰ ਸਨ।

# ਪਾਵਰਕੌਮ ਕਾਮਿਆਂ ਨੇ ਐਕਸੀਅਨ ਨਵਨੀਤ ਕੁਮਾਰ ਵਿਰੁੱਧ ਦਿੱਤਾ ਧਰਨਾ



ਫ਼ਿਰੋਜ਼ਪੁਰ, 24 ਦਸੰਬਰ (ਮਨੋਹਰ ਲਾਲ) :— ਇੰਜੀਨੀਅਰ ਨਵਨੀਤ ਕੁਮਾਰ ਐਕਸੀਅਨ ਟੈਕ ਵਿਰੁੱਧ ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਸਰਕਲ ਫ਼ਿਰੋਜ਼ਪੁਰ ਵੱਲੋਂ ਫਿਰ ਲਾਇਆ ਧਰਨਾ। ਇਸ ਧਰਨੇ ਦੀ ਪ੍ਰਧਾਨਗੀ ਅਸ਼ਵਨੀ ਕੁਮਾਰ ਵੱਲੋਂ ਕੀਤੀ ਗਈ, ਜਦੋਂ ਕਿ ਸਟੇਜ਼ ਦੀ ਕਾਰਵਾਈ ਸੁਖਚੈਨ ਸਿੰਘ ਸਰਕਲ ਸਕੱਤਰ ਵੱਲੋਂ ਸੰਭਾਲੀ ਗਈ। ਇਸ ਧਰਨੇ ਵਿਚ ਪੰਜਾਬ ਦੇ ਮੀਤ ਪ੍ਰਧਾਨ ਸਤੀਸ਼ ਕੁਮਾਰ, ਪੰਜਾਬ ਦੇ ਆਗੂ ਸੁਖਦੇਵ ਸਿੰਘ ਬੱਗੀ ਪਤਨੀ, ਜ਼ੋਨ ਦੇ ਆਗੂ ਬਲਕਾਰ ਸਿੰਘ ਭੁੱਲਰ, ਰਾਜੇਸ਼ ਦੱਤਾ ਜ਼ੋਨ ਆਗੂ, ਬਲਦੇਵ ਸਿੰਘ ਮੋਗਾ, ਸਵਰਨ ਸਿੰਘ ਸਰਕਲ ਅਹੁਦੇਦਾਰ, ਤ੍ਰਿਲੋਚਨ ਸਿੰਘ ਸਰਕਲ ਮੀਤ ਪ੍ਰਧਾਨ, ਰਾਕੇਸ਼ ਸੈਣੀ, ਧਰਮਦੇਵ ਗੁਰੂਹਰਸਹਾਏ, ਰੋਹਿਤ ਬਾਘਲਾ ਜਲਾਲਾਬਾਦ, ਗਿਆਨ ਚੰਦ ਜਲਾਲਾਬਾਦ, ਸੁਖਦੇਵ ਸਿੰਘ ਸਰਕਲ ਆਗੂ, ਜਗਦੇਵ ਸਿੰਘ ਤਲਵੰਡੀ ਭਾਈ, ਪਿੱਪਲ ਸਿੰਘ, ਬਲਬੀਰ ਸਿੰਘ, ਨੰਦ ਲਾਲ, ਜਗਦੇਵ ਸਿੰਘ ਮਖੂ, ਰੋਸ਼ਨ ਲਾਲ, ਰਾਮ ਸੁੱਖ, ਰੋਹਿਤ ਦੇਵਗਨ, ਰੋਹਿਤ ਸਾਹਿਬ ਚਾਵਲਾ ਅਤੇ ਹੋਰ ਆਗੂ ਸਾਥੀਆਂ ਨੇ ਹਿੱਸਾ ਲਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਆਗੂਆਂ ਨੇ ਕਿਹਾ ਕਿ ਇੰਜ. ਨਵਨੀਤ ਕੁਮਾਰ ਐਕਸੀਅਨ ਟੈਕ ਵੰਡ ਹਲਕਾ ਫ਼ਿਰੋਜ਼ਪੁਰ ਆਪਣੀਆਂ ਮਨਮਾਨੀਆਂ ਕਰਦੇ ਹੋਏ ਲੰਮੇ ਸਮੇਂ ਤੋਂ ਮੁਲਾਜ਼ਮਾਂ ਨੂੰ ਬਿਨ੍ਹਾਂ ਮੁੰਦਰੀ ਚੋਰੀ ਅਤੇ ਹੋਰ ਝੂਠੇ ਇਲਜਾਮ ਲਗਾ ਕੇ ਬਿਨ੍ਹਾਂ ਵਜ੍ਹਾ ਤੋਂ ਖੱਜਲ ਖੁਆਰ ਤੇ ਪ੍ਰੇਸ਼ਾਨ ਕਰ ਰਿਹਾ ਹੈ ਆਗੂਆਂ ਨੇ ਕਿਹਾ ਕਿ ਜਥੇਬੰਦੀ ਦੇ ਕਰਮਚਾਰੀਆਂ ਨਾਲ ਜ਼ੋ ਇਸ ਦਾ ਗਿਲਾ ਸਿਕਵਾ ਸੀ, ਉਸ ਸਬੰਧੀ ਇੰਜੀ. ਧਰਮਪਾਲ ਨਿਗਰਾਨ ਇੰਜੀਨੀਅਰ ਵੰਡ ਹਲਕਾ ਫ਼ਿਰੋਜ਼ਪੁਰ ਵੱਲੋਂ ਸਾਰੀਆਂ ਧਿਰਾਂ ਦੇ ਨੁਮਾਇੰਦਿਆਂ ਦੀ ਸਹਿਮਤੀ ਲੈ ਕੇ ਲਿਖਤੀ ਸਮਝੌਤਾ ਕਰਵਾ ਦਿੱਤਾ ਸੀ। ਆਗੂਆਂ ਨੇ ਕਿਹਾ ਕਿ ਸਮਝੌਤੇ ਤੋਂ ਤਕਰੀਬਨ 14—15 ਦਿਨਾਂ ਬਾਅਦ ਇੰਜ. ਨਵਨੀਤ ਕੁਮਾਰ ਐਕਸੀਅਨ ਵੱਲੋਂ ਇਹ ਸਮਝੌਤਾ ਮੰਨਣ ਤੋਂ ਇਨਕਾਰ ਕਰ ਦਿੱਤਾ ਅਤੇ ਇੰਜ. ਧਰਮਪਾਲ ਨਿਗਰਾਨ ਇੰਜ. ਖਿਲਾਫ ਨਾਅਰੇਬਾਜੀ ਕੀਤੀ ਗਈ ਅਤੇ ਨਿਗਰਾਨ ਇੰਜ. ਤੇ ਕਰਮਚਾਰੀਆਂ ਵਿਰੁੱਧ ਬਿਲਕੁਲ ਬੇਬੁਨਿਆਦ ਅਤੇ ਝੂਠੇ ਭ੍ਰਿਸ਼ਟਾਚਾਰ ਦੇ ਇਲਜਾਮ ਲਗਾ ਦਿੱਤੇ। ਉਨ੍ਹਾਂ ਕਿਹਾ ਕਿ ਹੁਣ ਵੀ ਉਕਤ ਐਕਸੀਅਨ ਜਥੇਬੰਦੀ ਨੂੰ ਵਾਰ—ਵਾਰ ਟਾਈਮ ਦੇ ਕੇ ਮੁਕਰ ਰਿਹਾ ਹੈ। ਮੁਲਾਜ਼ਮ ਆਗੂਆਂ ਨੇ ਦੱਸਿਆ ਕਿ ਇਸ ਐਕਸੀਅਨ ਦੇ ਮੁਲਾਜ਼ਮਾਂ ਪ੍ਰਤੀ ਮਾੜੇ ਵਤੀਰੇ ਸਬੰਧੀ ਫੈਡਰੇਸ਼ਨ ਜਥੇਬੰਦੀ ਦੀ ਜ਼ੋਨ ਕਮੇਟੀ ਵੱਲੋਂ ਮੁੱਖ ਇੰਜੀਨੀਅਰ ਪੱਛਮ ਜ਼ੋਨ ਬਠਿੰਡਾ ਧਿਆਨ ਵਿਚ ਲਿਆਂਦਾ ਗਿਆ ਹੈ। ਉਨ੍ਹਾਂ ਕਿਹਾ ਕਿ ਇੰਜ. ਨਵਨੀ ਕੁਮਾਰ ਵਿਰੁੱਧ ਪਹਿਲਾਂ ਵੀ ਤਿੰਨ ਵਾਰ ਧਰਨਾ ਦਿੱਤਾ ਗਿਆ ਸੀ ਪਰ ਅਜੇ ਤੱਕ ਇਸ ਐਕਸੀਅਨ ਵਿਰੁੱਧ ਕੋਈ ਢੁੱਕਵੀਂ ਕਾਰਵਾਈ ਨਹੀਂ ਹੋਈ।

### ਨੋਵਲਟੀ ਟੀਵੀਐਸ ਨੇ ਬਟਾਲਾ ਰੋਡ, ਅੰਮ੍ਰਿਤਸਰ ਵਿਖੇ

# ਨਵੇਂ ਸ਼ੋਅਰੂਮ ਅਤੇ ਸੇਵਾ ਕੇਂਦਰ ਦਾ ਉਦਘਾਟਨ ਕੀਤਾ

**ਚੌਂਕ ਮਹਿਤਾ, 24 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਟੀਵੀਐਸ ਮੋਟਰ ਕੰਪਨੀ, ਦੋਪਹੀਆ ਵਾਹਨ ਨਿਰਮਾਣ ਵਿੱਚ ਇੱਕ ਭਰੋਸੇਮੰਦ ਨਾਮ, ਨੇ ਬਟਾਲਾ ਰੋਡ, ਅੰਮ੍ਰਿਤਸਰ ਵਿਖੇ ਆਪਣੇ ਅਤਿ-ਆਧੁਨਿਕ ਨੋਵੇਲਟੀ ਟੀਵੀਐਸ ਸ਼ੋਅਰੂਮ ਅਤੇ ਸੇਵਾ ਕੇਂਦਰ ਦਾ ਮਾਣ ਨਾਲ ਉਦਘਾਟਨ ਕੀਤਾ। ਇਸ ਸ਼ਾਨਦਾਰ ਉਦਘਾਟਨੀ ਸਮਾਰੋਹ ਵਿੱਚ ਮਾਣਯੋਗ ਮੈਨੇਜਿੰਗ ਡਾਇਰੈਕਟਰ ਸ੍ਰੀ ਲਵਤੇਸ਼ ਸਿੰਘ ਸਚਦੇਵ, ਸ੍ਰੀ ਵਿਕਰਾਂਤ ਮਹਿਰਾ, ਸ੍ਰੀ ਅਮਿਤੇਸ਼ ਸਿੰਘ ਸਚਦੇਵ ਅਤੇ ਸ੍ਰੀ ਜਤਿੰਦਰ ਸਿੰਘ ਸਚਦੇਵ ਨੇ ਸ਼ਿਰਕਤ ਕੀਤੀ ਟੀ ਵੀ ਐਸ ਮੋਟਰ ਕੰਪਨੀ ਦੇ ਮੁੱਖ ਕਾਰਜਕਾਰੀ, ਜਿਸ ਵਿੱਚ ਸ਼੍ਰੀ ਅਰਵਿੰਦ ਕੁਮਾਰ ਗੁਪਤਾ, ਏ ਵੀ ਪੀ ਅਤੇ ਆਰ ਬੀ ਐੱਚ - ਉੱਤਰੀ; ਸ਼੍ਰੀ ਪੀ. ਬਿਨਯ ਕੁਮਾਰ, ਐਨ ਐਸ ਐਮ- ਕੇਂਦਰੀ ਖੇਤਰ; ਸ਼੍ਰੀ ਸ਼ਿਵ ਸਵਰੂਪ ਜਵੈਲਰ, ਏ ਐਮ- ਪੰਜਾਬ; ਅਤੇ ਸ੍ਰੀ ਸਚੇਤ ਤਿਆਗੀ, ਏ.ਐਸ.ਐਮ.- ਪੰਜਾਬ, ਨੇ ਵੀ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ। ਉਸਦੀ ਮੌਜੂਦਗੀ ਨੇ ਆਪਣੇ ਡੀਲਰ ਨੈਟਵਰਕ ਨੂੰ ਮਜ਼ਬੂਤ ਕਰਨ ਅਤੇ ਗਾਹਕਾਂ ਦੀ ਸੰਤੁਸ਼ਟੀ ਵਧਾਉਣ ਲਈ ਕੰਪਨੀ ਦੀ ਵਚਨਬੱਧਤਾ ਨੂੰ ਰੇਖਾਂਕਿਤ ਕੀਤਾ ਨਵੇਂ ਸ਼ੋਰੂਮ ਵਿੱਚ ਇੱਕ ਵਿਸ਼ਾਲ ਡਿਸਪਲੇ ਖੇਤਰ ਹੈ, ਜੋ ਕਿ ਟੀ ਵੀ ਐਸ ਦੋਪਹੀਆ ਵਾਹਨਾਂ ਦੀ ਨਵੀਨਤਮ ਰੇਂਜ ਨੂੰ ਪ੍ਰਦਰਸ਼ਿਤ ਕਰਦਾ ਹੈ ਜਿਸ ਵਿੱਚ ਕਮਿਊਟਰ ਬਾਈਕ, ਪ੍ਰੀਮੀਅਮ ਮੋਟਰਸਾਈਕਲ ਅਤੇ ਸਕੂਟਰ ਸ਼ਾਮਲ ਹਨ। ਨੇੜਲੇ ਸੇਵਾ ਕੇਂਦਰ ਵਿਕਰੀ ਸਹਾਇਤਾ ਤੋਂ ਬਾਅਦ ਉੱਚ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਉੱਨਤ ਡਾਇਗਨੌਸਟਿਕ ਉਪਕਰਣਾਂ ਅਤੇ ਹੁਨਰਮੰਦ ਤਕਨੀਸ਼ੀਅਨਾਂ ਨਾਲ ਲੈਸ ਹੈ ਇਸ ਮੌਕੇ 'ਤੇ ਬੋਲਦਿਆਂ, ਸ਼੍ਰੀ ਲਵਤੇਸ਼ ਸਿੰਘ ਸਚਦੇਵ ਨੇ ਟੀਵੀਐਸ ਮੋਟਰ ਦੇ ਨਵੀਨਤਾ ਅਤੇ ਗਾਹਕ-ਕੇਂਦ੍ਰਿਤ ਸੇਵਾਵਾਂ 'ਤੇ ਧਿਆਨ ਦੇਣ 'ਤੇ ਜ਼ੋਰ ਦਿੱਤਾ। "ਇਹ ਨਵੀਂ ਸਹੂਲਤ ਅੰਮ੍ਰਿਤਸਰ ਅਤੇ ਆਸ ਪਾਸ ਦੇ ਖੇਤਰਾਂ ਵਿੱਚ ਸਾਡੇ ਗਾਹਕਾਂ ਨੂੰ ਬੇਮਿਸਾਲ ਖਰੀਦਦਾਰੀ ਅਤੇ ਸੇਵਾ ਅਨੁਭਵ ਪ੍ਰਦਾਨ ਕਰਨ ਦੀ ਸਾਡੀ ਵਚਨਬੱਧਤਾ ਨੂੰ ਦਰਸਾਉਂਦੀ ਹੈ," ਉਸਨੇ ਕਿਹਾ ਨਵੀਨਤਾ ਵਾਲਾ ਟੀ ਵੀ ਐਸ ਸ਼ੋਰੂਮ ਆਧੁਨਿਕ ਗਾਹਕਾਂ ਦੀਆਂ ਵਧਦੀਆਂ ਗਤੀਸ਼ੀਲਤਾ ਲੋੜਾਂ ਨੂੰ ਪੂਰਾ ਕਰਦੇ ਹੋਏ ਸ਼ੈਲੀ, ਤਕਨਾਲੋਜੀ ਅਤੇ ਪ੍ਰਦਰਸ਼ਨ ਦੇ ਸਹਿਜ ਸੁਮੇਲ ਦਾ ਵਾਅਦਾ ਕਰਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# 'ਆਪ' ਦੀਆਂ ਨੀਤੀਆਂ ਕਾਰਨ ਨਿਗਮ ਚੋਣਾਂ ਹਾਰੀ: ਅਨਮੋਲ ਛਾਪਾ



**ਚੌਂਕ ਮਹਿਤਾ, 24 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਹਾਲ ਹੀ ਵਿੱਚ ਹੋਈਆਂ ਨਿਗਮ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਹੋਈ ਵੱਡੀ ਹਾਰ 'ਤੇ ਬੋਲਦਿਆਂ 'ਆਪ' ਦੇ ਬੀਸੀ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਅਨਮੋਲ ਸਿੰਘ ਛਾਪਾ ਨੇ ਕਿਹਾ ਕਿ ਲੋਕਤੰਤਰ ਪ੍ਰਣਾਲੀ ਵਿੱਚ ਜਨਤਾ ਹੀ ਮਾਲਕ ਹੁੰਦੀ ਹੈ। ਜਿਸ ਦਾ ਨਤੀਜਾ ਸਾਹਮਣੇ ਹੈ। ਚੱਪਾ ਨੇ ਕਿਹਾ ਕਿ ਸ਼ਹਿਰ ਵਿੱਚ ਸਾਰੇ ਵਿਧਾਇਕ ਆਮ ਆਦਮੀ ਪਾਰਟੀ ਦੇ ਹਨ। ਇਸ ਦੇ ਬਾਵਜੂਦ ਬੁਰੀ ਤਰ੍ਹਾਂ ਹਾਰ ਗਿਆ ਜਿਸ ਦਾ ਮੁੱਖ ਕਾਰਨ ਵਲੰਟੀਅਰਾਂ ਦੀ ਨਾਰਾਜ਼ਗੀ ਅਤੇ ਕਿਸੇ ਵੀ ਜ਼ਿਲ੍ਹਾ ਪ੍ਰਧਾਨ, ਸਕੱਤਰ ਆਦਿ ਨੂੰ ਭਰੋਸੇ ਵਿੱਚ ਨਾ ਲੈਣ ਤੋਂ ਇਲਾਵਾ ਅਜਨਬੀਆਂ ਨੂੰ ਟਿਕਟਾਂ ਨਾ ਦੇਣਾ ਹੈ ਛਾਪਾ ਨੇ ਦਿੱਲੀ ਹਾਈਕਮਾਂਡ ਬਾਰੇ ਕਿਹਾ ਕਿ ਉੱਥੇ ਕਿਸੇ ਦੀ ਸੁਣਵਾਈ ਨਹੀਂ ਹੁੰਦੀ ਹਲਕਾ ਉਤਰੀ ਦੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਦੀ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਵੀਡੀਓ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਸੀ ਕਿ ਉਨ੍ਹਾਂ ਦਾ ਇਹ ਬਿਆਨ ਸੱਚ ਹੈ ਕਿ ਜੇਕਰ ਆਮ ਚੋਣਾਂ ਹੋਈਆਂ ਤਾਂ 'ਆਪ' ਨੂੰ 92 'ਚੋਂ ਇਕ ਵੀ ਸੀਟ ਨਹੀਂ ਮਿਲੇਗੀ ਛਾਪਾ ਨੇ ਕਿਹਾ ਕਿ ਵਾਅਦੇ ਪੂਰੇ ਨਾ ਕਰਨਾ ਹੀ ਹਾਰ ਦਾ ਮੁੱਖ ਕਾਰਨ ਹੈ, ਜਿਨ੍ਹਾਂ ਵਿੱਚੋਂ ਬਹਿਬਲ ਕਲਾਂ ਬਰਗਾੜੀ ਕਾਂਡ, ਭ੍ਰਿਸ਼ਟਾਚਾਰ ਅਤੇ ਨਸ਼ਾਖੋਰੀ ਮੁੱਖ ਹਨ, ਜਿਨ੍ਹਾਂ ਨੂੰ ਪੂਰਾ ਕਰਨ ਵਿੱਚ ਆਮ ਆਦਮੀ ਪਾਰਟੀ ਨਾਕਾਮ ਰਹੀ ਹੈ। ਇਸ ਦਾ ਨਤੀਜਾ ਤੁਸੀਂ ਭੁਗਤ ਰਹੇ ਹੋ ਦਿੱਲੀ ਹਾਈਕਮਾਂਡ ਨੂੰ ਪੰਜਾਬ ਦੇ ਵਰਕਰਾਂ ਅਤੇ ਆਗੂਆਂ ਨੂੰ ਨਾਲ ਲੈ ਕੇ ਚੱਲਣਾ ਚਾਹੀਦਾ ਹੈ ਅਤੇ ਉਨ੍ਹਾਂ ਲੋਕਾਂ ਨੂੰ ਬਣਦਾ ਮਾਣ ਸਤਿਕਾਰ ਦੇਣਾ ਚਾਹੀਦਾ ਹੈ, ਜਿਨ੍ਹਾਂ ਨੇ ਸਰਕਾਰ ਬਣਾਉਣ ਸਮੇਂ ਆਪਣੀ ਪੂਰੀ ਵਾਹ ਲਾ ਦਿੱਤੀ ਹੈ। ਜੇਕਰ ਹਾਈਕਮਾਂਡ ਇਸੇ ਤਰ੍ਹਾਂ ਜਥੇਬੰਦੀ ਦੀ ਅਣਦੇਖੀ ਕਰਦੀ ਰਹੀ ਤਾਂ ਪਾਰਟੀ ਦੀ ਹੋਂਦ ਖ਼ਤਰੇ ਵਿੱਚ ਪੈ ਜਾਵੇਗੀ। ਇਸ ਮੌਕੇ ਸਤਨਾਮ ਸਿੰਘ ਵੇਰਕਾ, ਬਖਤਾਵਰ ਸਿੰਘ, ਅਮਰੀਕ ਸਿੰਘ, ਜਸਬੀਰ ਸਿੰਘ, ਬੰਟੀ ਆਟੋ ਵਾਲਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਡੇਅਰੀ ਵਿਕਾਸ ਵਿਭਾਗ ਨੇ ਪਿੰਡ ਰੰਗੜ-ਨੰਗਲ ਵਿਖੇ

# ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 24 ਦਸੰਬਰ (ਕੁਲਜੀਤ ਸਿੰਘ ਖੋਖਰ)**-ਪੰਜਾਬ ਡੇਅਰੀ ਵਿਭਾਗ ਅਤੇ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਡਾਇਰੈਕਟਰ ਕੁਲਦੀਪ ਸਿੰਘ ਜੱਸੋਵਖਾਲ ,ਡਿਪਟੀ ਡਾਇਰੈਕਟਰ ਡੇਅਰੀ ਵਰਿਆਮ ਸਿੰਘ ਦੀ ਯੋਗ ਅਗਵਾਈ ਹੇਠ ਡੀ.ਡੀ-6 ਸਕੀਮ ਅਧੀਨ ਅੱਜ ਮਿਤੀ ਪਿੰਡ ਰੰਗੜ ਨੰਗਲ ਵਿਖੇ ਇੱਕ ਦਿਨਾ ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ ਗਿਆ। ਜਿਸ ਵਿੱਚ ਦੁੱਧ ਉਤਪਾਦਕਾਂ ਨੂੰ ਪਸ਼ੂਆਂ ਦੀਆਂ ਬਿਮਾਰੀਆਂ, ਇਹਨਾਂ ਦੇ ਇਲਾਜ ਅਤੇ ਹਰੇ ਚਾਰੇ ਸਬੰਧੀ ਮਾਹਿਰਾਂ ਵੱਲੋਂ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਡੇਅਰੀ ਵਿਕਾਸ ਵਿਭਾਗ ਵੱਲੋਂ ਪਸ਼ੂ ਪਾਲਕਾਂ ਵਾਸਤੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ,ਸਬਸਿਡੀਆਂ ਅਤੇ ਬੀਮਾ ਸਕੀਮ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਇਸ ਕੈਂਪ ਵਿੱਚ ਪਿੰਡ ਅਤੇ ਇਲਾਕੇ ਦੇ ਅਗਾਂਹਵਧੂ ਕਿਸਾਨਾਂ ਦੁੱਧ ਉਤਪਾਦਕਾਂ ਨੇ ਸ਼ਾਮਲ ਹੋ ਕੇ ਲਾਭ ਲਿਆ।

ਇਸ ਮੌਕੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਵਰਿਆਮ ਸਿੰਘ, ਡਾ. ਅਸ਼ੋਕ ਸਿੰਘ ਬਸਰਾ ਅਸਿਸਟੈਂਟ ਡਾਇਰੈਕਟਰ, ਬਲਕਾਰ ਸਿੰਘ ਮਿਲਕਫੈੱਡ, ਕਮਲ ਕਿਸ਼ੋਰ ਅਦਵੰਤਾ ਕੰਪਨੀ, ਬਰਜਿੰਦਰ ਸਿੰਘ, ਡੇਅਰੀ ਵਿਕਾਸ ਇੰਸਪੈਕਟਰ, ਮਿਸ ਅੰਨੂ ਡੇਅਰੀ ਵਿਕਾਸ ਇੰਸਪੈਕਟਰ ਅਤੇ ਸਤਨਾਮ ਸਿੰਘ ਵੇਰਕਾ ਮਿਲਕ ਚੀਲਿੰਗ ਸੈਂਟਰ ਬਟਾਲਾ ਸਮੇਤ ਵੱਡੀ ਗਿਣਤੀ ਵਿੱਚ ਅਗਾਂਹਵਧੂ ਕਿਸ਼ਾਨ ਦੁੱਧ ਉਤਪਾਦਕ ਵੀ ਹਾਜ਼ਰ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਨਾਨ ਗਜ਼ਟਿਡ ਫੋਰੈਸਟ ਆਫਿਸ ਯੂਨੀਅਨ ਦੇ ਕਰਵਾਇਆ ਸਨਮਾਨ ਸਮਾਰੋਹ



**ਫ਼ਿਰੋਜ਼ਪੁਰ, 24 ਦਸੰਬਰ (ਮਨੋਹਰ ਲਾਲ)** :— ਪੰਜਾਬ ਨਾਨ ਗਜ਼ਿਟਡ ਫੋਰੈਸਟ ਆਫਿਸ ਯੂਨੀਅਨ ਦੇ ਸਾਬਕਾ ਆਗੂ ਅਤੇ ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸਰਗਰਮ ਵਰਕਰ ਸਾਥੀ ਦਲੀਪ ਸਿੰਘ ਸਾਬਕਾ ਫਾਰੈਸਟ ਦੇ 80 ਸਾਲ ਦੀ ਉਮਰ ਹੋਣ ਤੇ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਵਲੋਂ ਵਣ ਰੇਂਜ ਫ਼ਾਜ਼ਿਲਕਾ ਵਿੱਚ ਕਰਵਾਏ ਸਮਾਗਮ ਦੌਰਾਨ ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਸੰਧੂ ਅਤੇ ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਰਾਮ ਪ੍ਰਕਾਸ਼ ਸ਼ਰਮਾ ਅਤੇ ਮੇਜਰ ਸਿੰਘ ਮੂਗਰਾ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਇਸ ਮੌਕੇ ਮੋਹਿੰਦਰ ਸਿੰਘ ਧਾਲੀਵਾਲ, ਬਲਵਿੰਦਰ ਸਿੰਘ ਸੰਧੂ, ਸੁਰਜੀਤ ਸਿੰਘ, ਚਮਨ ਲਾਲ, ਸਾਜ਼ਾਦਾ ਰਾਮ, ਪ੍ਰਿਥੀ ਰਾਜ, ਨਿਸ਼ਾਨ ਸਿੰਘ, ਮਲਕੀਤ ਸਿੰਘ, ਮੋਹਿੰਦਰ ਸਿੰਘ ਮੀਤ ਆਦਿ ਨੇ ਸ਼੍ਰੀ ਦਲੀਪ ਸਿੰਘ ਦੇ ਵਿਭਾਗੀ ਕਮਾਂ ਕਾਰਾ ਅਤੇ ਜਥੇਬੰਦਕ ਸਰਗਰਮੀਆਂ ਬਾਰੇ ਚਾਨਣਾ ਪਾਇਆ। ਇਸ ਮੌਕੇ ਸ੍ਰੀ ਉਂਕਾਰ ਸਿੰਘ ਪੁੱਤਰ ਸ਼੍ਰੀ ਦਲੀਪ ਸਿੰਘ, ਬਚਿਤਰ ਸਿੰਘ ਸਾਬਕਾ ਫੋਰੈਸਟਰ ਮੋਗਾ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਹਾਜਰ ਸਾਥੀਆਂ ਨੇ ਸ਼੍ਰੀ ਦਲੀਪ ਸਿੰਘ ਨੂੰ ਕੀਮਤੀ ਗਿਫ਼ਟ ਅਤੇ ਮੋਮੈਂਟੋ ਦਿੱਤੇ ਗਏ। ਇਸ ਮੌਕੇ ਹਾਜਰ ਸਾਥੀਆਂ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਸ਼ੰਘਰਸ਼ ਕਰ ਰਹੇ ਕਿਸਾਨਾਂ ਦੇ ਗੱਲਬਾਤ ਰਾਹੀਂ ਮਸਲੇ ਹਲ ਕਰਾਉਣ ਲਈ ਸਰਬਸੰਮਤੀ ਨਾਲ਼ ਮਤਾ ਪੇਸ਼ ਕੀਤਾ, ਜਿਸ ਨੂੰ ਹਾਜਰ ਸਾਥੀਆਂ ਨੇ ਪ੍ਰਵਾਨਗੀ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਭੋਗ ਤੇ ਵਿਸ਼ੇਸ਼—ਹੌਲਦਾਰ ਜ਼ਸਵੰਤ ਸਿੰਘ

ਫ਼ਿਰੋਜ਼ਪੁਰ, 24 ਦਸੰਬਰ (ਮਨੋਹਰ ਲਾਲ) :— ਮਾਤਾ ਸੁਰਜੀਤ ਕੌਰ ਦੀ ਕੁਖੋਂ ਪਿਤਾ ਸਰਜਣ ਸਿੰਘ ਦੇ ਘਰ ਜਨਮੇ ਜ਼ਸਵੰਤ ਸਿੰਘ 8 ਭੈਣ—ਭਰਾਵਾਂ ਵਿਚੋਂ ਸਭ ਤੋਂ ਛੋਟੇ ਸਨ। ਲੇਟ ਹੌਲਦਾਰ ਜ਼ਸਵੰਤ ਸਿੰਘ ਨੇ ਆਪਣੀ ਪੜਾਈ ਪੂਰੀ ਕਰਕੇ 23.07.1987 ਵਿਚ ਫੌਜ਼ ਵਿਚ ਭਰਤੀ ਹੋ ਗਏ ਸਨ ਤੇ ਟਰੇਨਿੰਗ ਪੂਰੀ ਕਰਨ ਬਾਅਦ ਫੌਜ਼ ਵਿਚ ਲੰਬਾ ਅਰਸਾ ਨੌਕਰੀ ਕੀਤੀ ਅਤੇ ਆਪਣੀ ਮਿਹਨਤ ਨਾਲ ਹੌਲਦਾਰ ਤੱਕ ਦਾ ਅਹੁਦਾ ਪ੍ਰਾਪਤ ਕੀਤਾ। ਹੌਲਦਾਰ ਜ਼ਸਵੰਤ ਸਿੰਘ ਦਾ ਮਿਤੀ 20 ਅਪ੍ਰੈਲ 1972 ਨੂੰ ਸ੍ਰੀਮਤੀ ਨਿਰਮਲ ਕੌਰ ਦਾ ਵਿਆਹ ਹੋਇਆ ਅਤੇ ਇਸ ਵਿਆਹੁਤਾ ਜੀਵਨ ਵਿਚੋਂ ਦੋ ਪੱਤਰਾਂ ਨੇ ਜਨਮ ਲਿਆ, ਵੱਡੇ ਦਵਿੰਦਰ ਸਿੰਘ ਤੇ ਛੋਟੇ ਜਤਿੰਦਰ ਸਿੰਘ ਨੂੰ ਆਪ ਨੇ ਉੱਚੀ ਪੜ੍ਹਾਈ ਕਰਵਾਈ, ਜਿਸ ਦੇ ਚਲਦਿਆਂ ਦਵਿੰਦਰ ਸਿੰਘ ਸਰਕਾਰੀ ਨੌਕਰੀ ਤੇ ਲੱਗ ਗਿਆ, ਜਦੋਂ ਕਿ ਜਤਿੰਦਰ ਸਿੰਘ ਕੈਨੇਡਾ ਵਿਖੇ ਸੈਂਟਲ ਹੈ। ਪਿਛਲੇ ਕਾਫੀ ਲੰਮੇ ਸਮੇਂ ਤੋਂ ਬਿਮਾਰ ਚਲੇ ਆ ਰਹੇ ਹੌਲਦਾਰ ਜ਼ਸਵੰਤ ਸਿੰਘ ਮਿਤੀ 17 ਦਸੰਬਰ 2024 ਨੂੰ ਅਚਾਨਕ ਗੁਰੂ ਚਰਨਾਂ ਵਿਚ ਜਾ ਬਿਰਾਜੇ ਹਨ, ਜਿਨ੍ਹਾਂ ਦਾ ਅੰਤਿਮ ਅਰਦਾਸ 26 ਦਸੰਬਰ 2024 ਦਿਨ ਵੀਰਵਾਰ 12 ਤੋਂ ਇਕ ਵਜੇ ਤੱਕ ਗੁਰੂ ਤੇਗ ਬਹਾਦਰ ਗੁਰਦੁਆਰਾ ਪ੍ਰਤਾਪ ਨਗਰ ਵਿਖੇ ਪਾਏ ਜਾਣਗੇ, ਜਿਥੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਸਮੇਤ ਸਾਕ—ਸਬੰਧੀ ਸ਼ਰਧਾ ਦੇ ਫੁੱਲ ਭੇਂਟ ਕਰਨਗੇ।



ਆਵਾਜ਼ਿ ਕੌਮ AWAZE QAUM International Newspaper & WEB TV

# 9 ਫਰਵਰੀ ਸ਼ੋਭਾ ਯਾਤਰਾ ਨੂੰ ਲੈ ਕੇ ਕੀਤਾ ਪੋਸਟਰ ਰਿਲੀਜ਼ :ਸੰਤ ਗਿਰਧਾਰੀ ਨਾਥ



**ਚੌਂਕ ਮਹਿਤਾ, 24ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰੀ ਰਾਮ ਤੀਰਥ ਵਾਲਮੀਕ ਤੀਰਥ ਗਿਆਨ ਆਸ਼ਰਮ ਤੋਂ ਬੜੀ ਸ਼ਰਧਾ ਅਤੇ ਭਾਵਨਾ ਨਾਲ ਇਤਿਹਾਸਿਕ ਮੇਲੇ ਨੂੰ ਸਮਰਪਿਤ ਸ਼ੋਭਾ ਯਾਤਰਾ ਰਵਾਨਾ ਹੋਵੇਗੀ ਧਾਰਮਿਕ ਪ੍ਰੋਗਰਾਮ ਦੀ ਜਾਣਕਾਰੀ ਦਿੰਦਿਆਂ ਮੀਟਿੰਗ ਦੌਰਾਨ ਪੋਸਟਰ ਰਿਲੀਜ਼ ਕਰਦਿਆਂ ਸੰਤ ਗਿਰਧਾਰੀ ਨਾਥ ਪ੍ਰੈਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੂਜਾ ਅਰਚਨਾ ਕਰਨ ਉਪਰੰਤ ਸਵੇਰੇ 11 ਵਜੇ ਗਿਆਨ ਆਸ਼ਰਮ ਤੋਂ ਸੰਤ ਮਹਾਂਪੁਰਖ ਦੀ ਅਗਵਾਈ ਹੇਠ ਸੰਗਤਾਂ ਵੱਲੋਂ ਇਲਾਹੀ ਬਾਣੀ ਪੜਦਿਆਂ ਸ਼ੋਭਾ ਯਾਤਰਾ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਵੱਖ ਵੱਖ ਪੜਾਵਾਂ ਦੌਰਾਨ ਯਾਤਰਾ ਕਰੇਗੀ ਜਿਸ ਵਿੱਚ ਵੱਖ-ਵੱਖ ਵਾਲਮੀਕ ਧਾਰਮਿਕ ਸਮਾਜ ਦੀਆਂ ਜਥੇਬੰਦੀਆਂ ਅਤੇ ਮੰਦਰਾਂ ਵੱਲੋਂ ਸੰਤ ਮਹਾਂਪੁਰਖਾਂ ਦੀ ਅਗਵਾਈ ਹੇਠ ਭਰਮਾਂ ਸਵਾਗਤ ਕੀਤਾ ਜਾਵੇਗਾ ਅਤੇ ਅਤੁੱਟ ਲੰਗਰ ਵੀ ਵਰਤਾਏ ਜਾਣਗੇ ਜਿਸ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਵੱਖ ਵੱਖ ਪਿੰਡਾਂ ਵਿੱਚ ਸ਼ੋਭਾ ਯਾਤਰਾ ਦੇ ਪ੍ਰਤੀ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਨੇ

# ਸਿੱਖਿਆ ਤੇ ਕਲਾ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੀਆਂ ਧੀਆਂ ਦਾ ਵਿਸ਼ੇਸ਼ ਸਨਮਾਨ ਕੀਤਾ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 24 ਦਸੰਬਰ (ਕੁਲਜੀਤ ਸਿੰਘ ਖੋਖਰ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਚਲਾਈ ਜਾ ਰਹੀ ਬੇਟੀ ਬਚਾਓ , ਬੇਟੀ ਪੜ੍ਹਾਓ ਮੁਹਿੰਮ ਤਹਿਤ ਅੱਜ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਐੱਸ.ਐੱਸ.ਐੱਮ. ਕਾਲਜ ਦੀਨਾਨਗਰ ਵਿਖੇ ਵਿਸ਼ੇਸ਼ ਸਮਾਗਮ ਕਰਕੇ ਜ਼ਿਲ੍ਹੇ ਦੀਆਂ ਹੋਣ-ਹਾਰ ਧੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਨਮਾਨ ਸਮਾਰੋਹ ਦੀ ਪ੍ਰਧਾਨਗੀ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਕੀਤੀ ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ. ਹਰਜਿੰਦਰ ਸਿੰਘ, ਐੱਸ.ਡੀ.ਐੱਮ. ਦੀਨਾਨਗਰ ਸ. ਜਸਪਿੰਦਰ ਸਿੰਘ ਸ਼ਾਮਲ ਹੋਏ। ਸਨਮਾਨ ਸਮਾਰੋਹ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ 19 ਸਿੱਖਿਆ ਬਲਾਕਾਂ ਦੀਆਂ 100 ਹੋਣ-ਹਾਰ ਧੀਆਂ ਨੂੰ ਸਿੱਖਿਆ ਅਤੇ ਕਲਾ ਦੇ ਖੇਤਰ ਵਿੱਚ ਵਡਮੁੱਲੀਆਂ ਪ੍ਰਾਪਤੀਆਂ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸਨਮਾਨ ਦੌਰਾਨ ਮੱਲਾਂ ਮਾਰਨ ਵਾਲੀਆਂ ਧੀਆਂ ਨੂੰ ਪ੍ਰਸੰਸਾ ਸਰਟੀਫਿਕੇਟ ਅਤੇ ਕਿੱਟਾਂ ਦਿੱਤੀਆਂ ਗਈਆਂ। ਇਸ ਮੌਕੇ ਸਿੱਖਿਆ ਅਤੇ ਕਲਾ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੀਆਂ ਧੀਆਂ ਨੂੰ ਮੁਬਾਰਕਬਾਦ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਧੀਆਂ ਨੇ ਆਪਣੀ ਕਾਬਲੀਅਤ ਅਤੇ ਮਿਹਨਤ ਨਾਲ ਇਹ ਸਾਬਤ ਕਰ ਦਿੱਤਾ ਹੈ ਕਿ ਉਹ ਹਰ ਖੇਤਰ ਵਿੱਚ ਲੜਕਿਆਂ ਨਾਲੋਂ ਅੱਗੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਲੜਕੀਆਂ ਨੂੰ ਲੈ ਕੇ ਸਮਾਜ ਦੀ ਸੋਚ ਵਿੱਚ ਵੱਡਾ ਫ਼ਰਕ ਵੀ ਆਇਆ ਹੈ ਪਰ ਫਿਰ ਵੀ ਸਮਾਜ ਵਿੱਚ ਕੁਝ ਲੋਕ ਅਜੇ ਵੀ ਮੌਜੂਦ ਹਨ ਜੋ ਲੜਕੇ ਤੇ ਲੜਕੀ ਵਿੱਚ ਫ਼ਰਕ ਕਰਦੇ ਹਨ। ਉਨ੍ਹਾਂ ਕਿਹਾ ਕਿ ਧੀਆਂ ਨੂੰ ਅੱਗੇ ਵਧਣ ਲਈ ਵੱਧ ਤੋਂ ਵੱਧ ਮੌਕੇ ਦੇਣੇ ਚਾਹੀਦੇ ਹਨ ਤਾਂ ਜੋ ਉਹ ਆਪਣੀ ਪਰਵਾਜ਼ ਨਾਲ ਉੱਚੇ ਮੁਕਾਮ ਹਾਸਲ ਕਰ ਸਕਣ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਆਪਣੀਆਂ ਧੀਆਂ ਦੇ ਅੱਗੇ ਵਧਣ ਲਈ ਹਰ ਤਰ੍ਹਾਂ ਦੇ ਉਪਰਾਲੇ ਕਰਨ ਲਈ ਵਚਨਬੱਧ ਹੈ। ਇਸ ਮੌਕੇ ਉਨ੍ਹਾਂ ਧੀਆਂ ਦੇ ਬੇਹਤਰ ਅਤੇ ਰੌਸ਼ਨ ਭਵਿੱਖ ਦੀ ਕਾਮਨਾ ਵੀ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸ. ਹਰਜਿੰਦਰ ਸਿੰਘ ਨੇ ਕਿਹਾ ਕਿ ਧੀਆਂ ਤੋਂ ਬਿਨਾਂ ਮਨੁੱਖੀ ਸਮਾਜ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਵੀ ਆਪਣੀ ਬਾਣੀ ਵਿੱਚ ਧੀਆਂ ਨੂੰ ਵਡਿਆਇਆ ਹੈ। ਉਨ੍ਹਾਂ ਕਿਹਾ ਕਿ ਸਮਾਜ ਨੂੰ ਲੜਕੇ ਅਤੇ ਲੜਕੀ ਵਿੱਚ ਕੋਈ ਫ਼ਰਕ ਨਹੀਂ ਕਰਨਾ ਚਾਹੀਦਾ, ਇਹੀ ਸਭਿਅਕ ਸਮਾਜ ਦੀ ਨਿਸ਼ਾਨੀ ਹੈ। ਉਨ੍ਹਾਂ ਕਿਹਾ ਕਿ ਮਾਣਯੋਗ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਚਲਾਈ ਜਾ ਰਹੀ ਹੈ ਜਿਸ ਤਹਿਤ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੀਆਂ ਧੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਲੋਹੜੀ ਮੌਕੇ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਨ ਵਾਲੀਆਂ ਹੋਰ ਧੀਆਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ। ਇਸ ਦੌਰਾਨ ਸ. ਜਸਪਿੰਦਰ ਸਿੰਘ, ਆਈ.ਏ.ਐੱਸ. ਐੱਸ.ਡੀ.ਐੱਮ. ਦੀਨਾਨਗਰ ਨੇ ਮੁੱਖ ਮਹਿਮਾਨ ਸਮੇਤ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਸ਼੍ਰੀਮਤੀ ਜਸਮੀਤ ਕੌਰ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ, ਸ਼੍ਰੀ ਲਖਵਿੰਦਰ ਸਿੰਘ, ਪ੍ਰਿੰਸੀਪਲ ਡਾ. ਆਰ.ਕੇ. ਤੁਲੀ, ਪ੍ਰੋ. ਪ੍ਰਬੋਧ ਗਰੋਵਰ, ਪ੍ਰੋ. ਸੋਨੂੰ, ਪ੍ਰੋ. ਨੀਲਮ, ਪ੍ਰੋ. ਸੁਧੀਰ, ਪ੍ਰੋ. ਸੱਜਣ, ਸ਼੍ਰੀਮਤੀ ਸੁਦੇਸ਼ ਕੁਮਾਰੀ, ਸੀਡੀਪੀਓ. ਦੋਰਾਂਗਲਾਂ, ਸੁਨੀਲ ਕੁਮਾਰ, ਮੰਨਤ ਮਹਾਜਨ, ਧੀਰਜ ਸ਼ਰਮਾ, ਅੰਕੁਸ਼ ਸ਼ਰਮਾ ਅਤੇ ਪਰਮਿੰਦਰ ਸਿੰਘ, ਜ਼ਿਲ੍ਹਾ ਗਾਈਡੈਂਸ ਕਾਊਂਸਲਰ ਸਮੇਤ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਅਤੇ ਨਾਰੀ ਸ਼ਕਤੀ ਕੇਂਦਰ ਦੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

**ਧੀਆਂ ਨੇ ਆਪਣੀ ਮਿਹਨਤ ਤੇ ਕਾਬਲੀਅਤ ਨਾਲ ਹਰ ਖੇਤਰ ਵਿੱਚ ਆਪਣਾ ਲੋਹਾ ਮਨਵਾਇਆ - ਡਿਪਟੀ ਕਮਿਸ਼ਨਰ**

### ਸ਼੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ ਵਿਖੇ

# ਸਾਲਾਨਾ ਖੇਡ ਮੁਕਾਬਲੇ ਕਰਵਾਏ



**ਚੌਕ ਮਹਿਤਾ, 24 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਸ਼੍ਰੀ ਗੁਰੂ ਰਾਮਦਾਸ ਸੀਨੀ. ਸੈਕੰ.ਸਕੂਲ ਨਾਥ ਦੀ ਖੂਹੀ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦੇ ਤੇ ਮਾਤਾ ਗੁਜਰੀ ਜੀ ਦੀ ਸ਼ਹੀਦੀ ਨੂੰ ਸਮਰਪਿਤ 19, 20, 21 ਤੇ 23 ਦਸੰਬਰ ਨੂੰ ਚਾਰ ਦਿਨ ਇੰਟਰ ਹਾਊਸ ਖੇਡ ਮੁਕਾਬਲੇ ਕਰਵਾਏ ਗਏ ! ਜਿਸ ਵਿੱਚ ਵਿਦਿਆਰਥੀਆਂ ਨੇ ਵੱਖ - ਵੱਖ ਖੇਡਾਂ ਵਿੱਚ ਬੜੇ ਉਤਸ਼ਾਹ ਨਾਲ ਹਿੱਸਾ ਲਿਆ, ਪਹਿਲੇ ਦਿਨ ਨਰਸਰੀ ਵਿੰਗ ਤੇ ਪ੍ਰਾਇਮਰੀ ਵਿੰਗ ਦੀਆਂ ਹੁੱਲਾ ਹੂਪ ਗੇਮ, ਡੱਕ ਵਾਲਕ ਰੇਸ, ਬਾਲ ਪਾਸਿੰਗ, ਬਾਲ ਪਿਕ ਡ੍ਰੌਪ ਰੇਸ, ਮਲਟੀਡਰਿੱਲ, ਕੁਲੈਕਟ ਦਾ ਕੋਨ, ਜੰਪਿਗ ਰੇਸ,ਫਰੋਗ ਰੇਸ, ਥ੍ਰੀ ਲੈਗ ਰੇਸ, ਲੈਮਨ ਰੇਸ,50 ਮੀਟਰ ਰੇਸ ਤੇ ਰਿਲੇਅ ਰੇਸ ਆਦਿ ਕਰਵਾਈਆਂ ਗਈਆਂ, ਅਗਲੇ ਤਿੰਨ ਦਿਨਾਂ ਦੌਰਾਨ ਮਿਡਲ ਤੇ ਸੀਨੀਅਰ ਕਲਾਸਾਂ ਦੇ ਚਾਰ ਹਾਊਸਾਂ ਦੇ ਵਿਦਿਆਰਥੀਆਂ ਚ 100 ਮੀਟਰ ਰੇਸ, 200 ਮੀਟਰ ਰੇਸ, ਰਿਲੇਅ ਰੇਸ,ਉੱਚੀ ਛਾਲ, ਲੰਮੀ ਛਾਲ, ਖੋ-ਖੋ, ਬੈਡਮਿੰਟਨ, ਵਾਲੀਬਾਲ ਤੇ ਫੁੱਟਬਾਲ ਮੁਕਾਬਲੇ ਕਰਵਾਏ ਗਏ, ਜਿਸ ਦੌਰਾਨ ਰਿਲੇਅ ਰੇਸ ਸੀਨੀਅਰ ਵਿੱਚ ਸਾਹਿਬਜ਼ਾਦਾ ਅਜੀਤ ਸਿੰਘ ਹਾਊਸ , 100 ਮੀਟਰ ਅਤੇ 200 ਮੀਟਰ ਰੇਸ ਵਿੱਚ ਜੋਰਾਵਰ ਸਿੰਘ ਹਾਊਸ ਜੇਤੂ ਰਿਹਾ, ਲੰਮੀ ਛਾਲ ਮੁਕਾਬਲੇ ਵਿੱਚ ਜੂਨੀਅਰ ਵਰਗ ਲੜਕੇ ਯਹੋਸ਼ਆ ਗਿੱਲ, ਗੁਰਪਾਲ ਸਿੰਘ, ਗੁਰਸਿਮਰਨ ਸਿੰਘ, ਹੁਸਨਪ੍ਰੀਤ ਸਿੰਘ ਅਤੇ ਸੀਨੀਅਰ ਲੜਕੀਆਂ ਮਨਪ੍ਰੀਤ ਕੌਰ , ਪਲਕ , ਸਤਕਾਰ ਕੌਰ ਅਤੇ ਸੀਨੀਅਰ ਵਰਗ ਲੜਕੇ ਸ਼ਿਵਪ੍ਰਤਾਪ ਸਿੰਘ, ਜਸਕਰਨ ਸਿੰਘ ਤੇ ਸ਼ੁਬਮਦੀਪ ਸਿੰਘ ਕ੍ਰਮਵਾਰ ਪਹਿਲੇ, ਦੂਜੇ ਤੇ ਤੀਜੇ ਸਥਾਨ ਤੇ ਰਹੇ, ਵਾਲੀਬਾਲ ਮੁਕਾਬਲੇ ਵਿੱਚ ਸਾਹਿਬਜਾਦਾ ਜ਼ੋਰਾਵਰ ਸਿੰਘ ਹਾਊਸ ਦੇ ਸ਼ਿਵਪ੍ਰਤਾਪ ਸਿੰਘ ਤੇ ਟੀਮ ਜੇਤੂ ਰਹੇ, ਫੁੱਟਬਾਲ ਮੁਕਾਬਲੇ ਵਿੱਚ ਸਾਹਿਬਜ਼ਾਦਾ ਜੁਝਾਰ ਸਿੰਘ ਹਾਊਸ ਦੇ ਮਾਨਵਦੀਪ ਸਿੰਘ ਤੇ ਟੀਮ ਜੇਤੂ ਰਹੇ, ਖੋ-ਖੋ ਮੁਕਾਬਲਿਆਂ ਵਿੱਚ ਜੂਨੀਅਰ ਵਰਗ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਹਾਊਸ ਦੇ ਲੜਕੇ ਸੁਖਵਿੰਦਰ ਸਿੰਘ ਤੇ ਟੀਮ, ਲੜਕੀਆਂ ਵਿੱਚੋਂ ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਦਵਿੰਦਰ ਕੌਰ ਤੇ ਟੀਮ ਜੇਤੂ ਰਹੇ, ਸੀਨੀਅਰ ਵਰਗ ਖੋ -ਖੋ ਵਿੱਚੋਂ ਸਾਹਿਬਜਾਦਾ ਅਜੀਤ ਸਿੰਘ ਹਾਊਸ ਦੇ ਦਿਲਦਾਰ ਸਿੰਘ ਤੇ ਟੀਮ, ਲੜਕੀਆਂ ਵਿਚੋਂ ਸਾਹਿਬਜਾਦਾ ਜੁਝਾਰ ਸਿੰਘ ਹਾਊਸ ਮਨਪ੍ਰੀਤ ਕੌਰ ਤੇ ਟੀਮ ਜੇਤੂ ਰਹੇ, ਬੈਡਮਿੰਟਨ ਲੜਕੀਆਂ ਵਿੱਚੋਂ ਸਿਮਰਨਪ੍ਰੀਤ ਕੌਰ ਤੇ ਜੈਸਮੀਨ ਕੌਰ ਸਾਹਿਬਜਾਦਾ ਜ਼ੋਰਾਵਰ ਸਿੰਘ ਹਾਊਸ,ਜੇਤੂ ਰਹੇ, ਸੀਨੀਅਰ ਵਰਗ ਲੜਕੀਆਂ ਟਗ ਆਫ ਵਾਰ ਵਿੱਚੋਂ ਸਾਹਿਬਜ਼ਾਦਾ ਫ਼ਤਹਿ ਸਿੰਘ ਹਾਊਸ ਜੈਸਮੀਨ ਕੌਰ ਤੇ ਟੀਮ, ਤੇ ਲੜਕਿਆਂ ਵਿਚੋਂ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਹਾਊਸ ਗੁਰਸੇਵਕ ਸਿੰਘ ਤੇ ਟੀਮ ਜੇਤੂ ਰਹੇ ।ਸਪੋਰਟਸ ਦੌਰਾਨ ਡੀ ਪੀ ਮੈਡਮ ਕੰਵਲਜੀਤ ਕੌਰ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਸਕੂਲ ਪ੍ਰਬੰਧਕ ਸ. ਸ਼ਿਵਚਰਨ ਸਿੰਘ, ਪ੍ਰਿੰ. ਸ਼੍ਰੀਮਤੀ ਗੁਰਦੀਪ ਕੌਰ ਅਤੇ ਸਮੂਹ ਸਟਾਫ਼ ਵੱਲੋਂ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

# ਪਰਾਲੀ ਨਾ ਸਾੜਨ ਵਾਲੇ ਕਿਸਾਨਾਂ ਨੂੰ "ਕਿਸਾਨ ਹੀਰੋ" ਸਨਮਾਨ ਨਾਲ ਨਿਵਾਜਣਾ ਸ਼ਲਾਘਾਯੋਗ ਫ਼ੈਸਲਾ : ਮੱਟੂ



**ਚੌਕ ਮਹਿਤਾ, 24 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਜਿਲ੍ਹਾ ਅੰਮ੍ਰਿਤਸਰ ਦੇ ਪ੍ਰਸਿੱਧ ਖੇਡ ਪ੍ਰੋਮੋਟਰ ਅਤੇ ਸਮਾਜ ਸੇਵਕ ਗੁਰਿੰਦਰ ਸਿੰਘ ਮੱਟੂ ਨੇ ਕਿਹਾ ਮਾਝੇ ਦੇ ਜਰਨੈਲ ਕੈਬਿਨਟ ਮੰਤਰੀ ਪੰਜਾਬ ਸ੍ਰ ਕੁਲਦੀਪ ਸਿੰਘ ਧਾਲੀਵਾਲ ਨੇ ਸ਼੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਹਾਲ ਵਿਖੇ ਜਿਲ੍ਹਾ ਪ੍ਰਸਾਸ਼ਨ ਵੱਲੋਂ ਇਕ ਨਿਵੇਕਲੀ ਪਹਿਲ ਕਦਮੀ ਕਰਦੇ ਯੂਨੀਵਰਸਿਟੀ ਦੇ ਹਾਲ ਵਿਖੇ ਹੋਏ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ ਅੰਮ੍ਰਿਤਸਰ ਜਿਲ੍ਹੇ ਦੇ 100 ਕਿਸਾਨਾਂ ਨੂੰ "ਕਿਸਾਨ ਹੀਰੋ" ਸਨਮਾਨ ਪੱਤਰ ਤੇ 1000 ਰੁਪਏ ਇਨਾਮੀ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ। ਪ੍ਰਧਾਨ ਮੱਟੂ ਨੇ ਅੱਗੇ ਕਿਹਾ ਕੇ ਜਿਲ੍ਹਾ ਪ੍ਰਸਾਸ਼ਨ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ ਅਤੇ ਅੱਗੇ ਤੋਂ ਹੋਰ ਕਿਸਾਨ ਵੀ ਇਸ ਤੋਂ ਪ੍ਰੇਰਨਾ ਲੈ ਕੇ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਲਈ ਝੋਨੇ ਦੀ ਪਰਾਲੀ ਨੂੰ ਅੱਗ ਨਹੀਂ ਲਗਾਉਣਗੇ।

# ਕੀ ਸਰਕਾਰਾਂ ਵਲੋਂ ਇਸ਼ਿਤਹਾਰ ਦੇਣਾ ਜਾਇਜ਼ ਹੈ ?

**ਜਿਸ ਢੰਗ ਨਾਲ ਸਰਕਾਰਾਂ ਅਪਣੀਆਂ ਅਪਣੀਆਂ ਪਾਰਟੀਆਂ ਅਤੇ ਨੇਤਾਵਾਂ ਦੀਆਂ ਫੋਟੋਆਂ/ ਨਾਵਾਂ ਨਾਲ ਮੀਡੀਆ ਵਿਚ ਟੈਕਸ ਦੇ ਪੈਸੇ ਨਾਲ ਇਸ਼ਿਤਹਾਰ ਦਿੰਦੀਆਂ ਉਹ ਨਾਜਾਇਜ਼ ਹੀ ਨਹੀਂ ਸਗੋਂ ਟੈਕਸ ਦੇ ਪੈਸੇ ਦੀ ਬਰਬਾਦੀ ਵੀ ਹੈ ਜਦੋਂ ਕਿ ਸਰਕਾਰਾਂ ਕਰਜ਼ੇ ਥੱਲੇ ਪਹਿਲਾਂ ਹੀ ਦੱਬੀਆਂ ਪਈਆਂ।**



ਚੌਕ ਮਹਿਤਾ 24 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) -ਭਾਰਤ ਸਰਕਾਰ ਹੋਵੇ ਜਾਂ ਸਟੇਟ ਸਰਕਾਰਾਂ ਇਸ ਵਿਚ ਇਕ ਲੋਕ ਸੰਪਰਕ ਵਿਭਾਗ ਹੈ ਜਿਸ ਦਾ ਕੰਮ ਕਿ ਸਰਕਾਰੀ ਸਕੀਮਾਂ / ਸਹੂਲਤਾਂ ਨੂੰ ਮੀਡੀਆ ਰਾਹੀਂ ਜਾਂ ਹੋਰ ਸਾਧਨਾਂ ਰਾਹੀਂ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ । ਪਰ ਇਸ ਵਿਭਾਗ ਦੀ ਦੁਰਵਰਤੋਂ ਕਰਕੇ ਆਮ ਲੋਕਾਂ ਨੂੰ ਝੂਠੇ ਸਰਕਾਰੀ ਇਸ਼ਿਤਹਾਰਾਂ ਨਾਲ ਗੁੰਮਰਾਹ ਕੀਤਾ ਜਾਂਦਾ ਤੇ ਸਕੀਮਾਂ ਦੀ ਜਾਣਕਾਰੀ ਘੱਟ ਤੇ ਪਾਰਟੀਆਂ/ ਨੇਤਾਵਾਂ ਦੀਆਂ ਫੋਟੋਆਂ/ ਨਾਮਾਂ ਨੂੰ ਜ਼ਿਆਦਾ ਉਭਾਰਿਆ ਜਾਂਦਾ ਜੋ ਕਿ ਸਰਾਸਰ ਗ਼ਲਤ ਹੈ । ਸੈਂਟਰ ਹੋਵੇ ਭਾਵੇਂ ਸਟੇਟ ਸਾਰੀਆਂ ਹੀ ਸਿਆਸੀ ਪਾਰਟੀਆਂ / ਸਰਕਾਰਾਂ ਟੈਕਸ ਦੇ ਪੈਸੇ ਦੀ ਨਾਜਾਇਜ਼ ਵਰਤੋਂ ਕਰ ਰਹੀਆਂ । ਦੁੱਖ ਦੀ ਗੱਲ ਕਿ ਕੋਰਟਾਂ ਨੇ ਵੀ ਕਈ ਵਾਰ ਇਹਨਾਂ ਇਸ਼ਿਤਹਾਰਾਂ ਬਾਰੇ ਜ਼ਿਕਰ ਤਾਂ ਕੀਤਾ ਪਰ ਕਾਰਵਾਈ/ ਸਜ਼ਾ ਕਿਸੇ ਵੀ ਪਾਰਟੀ/ ਸਰਕਾਰ ਵਿਰੁੱਧ ਨਹੀਂ ਹੋਈ ਜਦੋਂ ਕਿ ਟੈਕਸ ਦੇ ਪੈਸੇ ਦੀ ਹੋ ਰਹੀ ਬਰਬਾਦੀ ਤੇ ਕੋਰਟ ਵੱਲੋਂ ਲੋਕ ਹਿਤ ਵਿੱਚ ਸਖ਼ਤ ਕਾਰਵਾਈ ਹੋਣੀ ਚਾਹੀਦੀ। ਦੋਸਤੋ ਤੁਸੀ ਦੇਖਿਆ ਹੋਣਾ ਕਿ ਚੋਣਾਂ ਤੋਂ ਪਹਿਲਾਂ ਇਸ਼ਿਤਹਾਰ ਦੇਣ ਦਾ ਰਿਵਾਜ ਤਾਂ ਪਹਿਲਾਂ ਵੀ ਸੀ ਪਰ ਜਦੋਂ ਤੋਂ ਇਹ ਆਮ ਆਦਮੀ ਪਾਰਟੀ ਆਈ , ਇਸ ਨੇ ਝੂਠੇ ਇਸ਼ਿਤਹਾਰਾਂ ਦੇ ਸਾਰੇ ਰਿਕਾਰਡ ਆਪ ਹੀ ਨਹੀਂ ਤੋੜੇ ਸਗੋਂ ਬਾਕੀ ਪਾਰਟੀਆਂ/ ਸਰਕਾਰਾਂ ਨੂੰ ਵੀ ਉਸੇ ਰਸਤੇ ਤੋਰ ਦਿੱਤਾ । ਅੱਜ ਹਾਲਾਤ ਇਹ ਹਨ ਕਿ ਬੱਚਾ ਮਾਂ ਦੇ ਪੇਟ ਵਿੱਚ ਹੁੰਦਾ ਤੇ ਉਸ ਦੀ ਪੀ ਐਚ ਡੀ ਦੀਆਂ ਪ੍ਰਾਪਤੀਆਂ ਦੀਆਂ ਕਹਾਣੀਆਂ ਪਹਿਲਾਂ ਹੀ ਛਪਣ ਲੱਗ ਜਾਂਦੀਆਂ , ਮਤਲਬ ਕਿਸੇ ਵੀ ਸਕੀਮ ਦਾ ਨਾਮ ਲੈ ਕਿ ਉਸ ਨੂੰ ਚਾਲੂ ਕਰਨ ਅਤੇ ਫ਼ਾਇਦੇ ਹੋ ਵੀ ਗਏ ਬਾਰੇ ਐਡਾਂ ਕਰਨ ਲੱਗ ਜਾਂਦੇ ਜਦੋਂ ਕਿ ਸਕੀਮ ਗਰਾਊਂਡ ਤੇ ਕਿਤੇ ਦਿਖਾਈ ਵੀ ਨਹੀਂ ਦਿੰਦੀ ਹੁੰਦੀ । ਯਾਦ ਕਰੋ 2023 ਵਿੱਚ ਜਦੋਂ ਆਮ ਆਦਮੀ ਕਲੀਨਿਕਾਂ ਦੀ ਐਡ ਦੇ ਪੈਸੇ ਸਕੱਤਰ ਸਿਹਤ ਨੇ ਦੇਣ ਤੋਂ ਨਾਂਹ ਕਰ ਦਿੱਤੀ ਤਾਂ ਸਕੱਤਰ ਸਿਹਤ ਬਦਲ ਦਿੱਤਾ ਗਿਆ। ਸਿਰਫ ਇੱਥੇ ਤੱਕ ਹੀ ਨਹੀਂ ਜਦੋਂ ਤੋਂ ਆਪ ਸਰਕਾਰ ਬਣੀ ਜਿਹਨਾਂ ਮੀਡੀਆ ਹਾਉਸਜ ਅਤੇ ਪੱਤਰਕਾਰਾਂ ਨੇ ਆਮ ਆਦਮੀ ਪਾਰਟੀ ਦੇ ਝੂਠੇ ਇਸ਼ਿਤਹਾਰ ਲੈਣ ਤੋਂ ਨਾਂਹ ਕੀਤੀ ਜਾਂ ਸਰਕਾਰ ਦੇ ਘਪਲੇ ਉਜਾਗਰ ਕੀਤੇ, ਉਹਨਾਂ ਤੇ ਅੱਤਿਆਚਾਰ ਕੀਤੇ ਤੇ ਕਈ ਜੇਲ੍ਹਾਂ ਵਿੱਚ ਬੰਦ ਕਰ ਦਿੱਤੇ ਗਏ । ਮੁਲਾਜ਼ਮਾਂ ਦੇ ਤਨਖਾਹ ਅਤੇ ਪੈਨਸ਼ਨਾਂ ਦੇ ਕੇਸ ਵਿੱਚ ਪੰਜਾਬ ਸਰਕਾਰ ਵੱਲੋਂ ਕੀਤੀਆਂ ਐਡਾਂ ਦਾ ਹਿਸਾਬ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਨੇ ਮੰਗਿਆ ਹੋਇਆ ਕਿਉਂਕਿ ਕੋਰਟ ਦੇ ਧਿਆਨ ਵਿੱਚ ਹੈ ਕਿ ਸਰਕਾਰ ਐਡਾਂ ਤੇ ਜ਼ਿਆਦਾ ਪੈਸੇ ਖਰਚ ਕਰ ਰਹੀ ਪਰ ਮੁਲਾਜ਼ਮਾਂ ਦੇ ਤਨਖਾਹ ਅਤੇ ਪੈਨਸ਼ਨ ਦੇ ਬਕਾਏ 2016 ਤੋਂ ਦੱਬੀ ਬੈਠੀ ਜੋ ਆਪ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਅਤੇ ਸਰਕਾਰ ਬਣਨ ਤੋਂ ਬਾਅਦ ਵੀ ਦੇਣ ਦਾ ਵਾਅਦਾ ਕੀਤਾ ਸੀ । ਇੱਥੋਂ ਤੱਕ ਕਿ ਮੁਲਾਜ਼ਮਾਂ ਦੇ ਹਰ ਛੇ ਮਹੀਨੇ ਬਾਅਦ ਮਿਲਣ ਵਾਲੇ ਮਹਿੰਗਾਈ ਭੱਤੇ ਵੀ ਨਹੀਂ ਦੇ ਪਾ ਰਹੀ ਜੋ ਦਰਸਾਉਂਦਾ ਹੈ ਕਿ ਆਪ ਸਰਕਾਰ ਦੀਆਂ ਐਡਾਂ ਝੂਠੀਆਂ ਹਨ ਤੇ ਸਿਰਫ ਲੋਕਾਂ ਨੂੰ ਗੁੰਮਰਾਹ ਕਰਨ ਵਾਲੀਆਂ ਹਨ ਜਿਹਨਾਂ ਦਾ ਗਰਾਊਂਡ ਤੇ ਨਾਮੋ ਨਿਸ਼ਾਨ ਵੀ ਨਹੀਂ ਦੋਸਤੋ ਸਰਕਾਰੀ ਸਕੀਮਾਂ ਬਾਰੇ ਅਖਬਾਰਾਂ ਜਾਂ ਟੀਵੀ ਤੇ ਲੋਕ ਸੰਪਰਕ ਵਿਭਾਗ ਵਲੋਂ ਸਰਕਾਰੀ ਖ਼ਬਰਾਂ / ਐਡਾਂ ਦੇਣ ਦਾ ਮਤਲਬ ਹੁੰਦਾ ਕਿ ਸਰਕਾਰੀ ਸਕੀਮਾਂ ਜ਼ਿਆਦਾ ਲੋਕਾਂ ਤੱਕ ਪਹੁੰਚ ਜਾਣ ਤੇ ਲੋਕ ਉਹਨਾਂ ਸਕੀਮਾਂ ਦਾ ਫ਼ਾਇਦਾ ਉਠਾ ਸਕਣ , ਨਾ ਕਿ ਲੋਕ ਸੰਪਰਕ ਵਿਭਾਗ ਕਿਸੇ ਪਾਰਟੀ ਜਾਂ ਮੁੱਖ ਮੰਤਰੀ / ਮੰਤਰੀ ਸੰਤਰੀ ਦੀ ਮਸ਼ਹੂਰੀ ਕਰੇ ਫਿਰ ਵੀ ਜੇਕਰ ਕੋਈ ਵੀ ਵਿਭਾਗ ਸਰਕਾਰੀ ਖ਼ਜ਼ਾਨੇ ਦੀ ਵਰਤੋਂ ਕਰਕੇ ਪਾਰਟੀ ਜਾਂ ਨੇਤਾ ਦਾ ਪ੍ਰਚਾਰ ਕਰਦਾ ਤਾਂ ਕਨੂੰਨੀ ਤੌਰ ਤੇ ਗਲਤ ਹੋ ਰਿਹਾ ਜਿਸ ਤੇ ਨਿਯਮਾਂ ਮੁਤਾਬਕ ਸਖਤ ਕਾਰਵਾਈ ਹੋਣੀ ਚਾਹੀਦੀ

**-ਡਾ ਦਲੇਰ ਸਿੰਘ ਮੁਲਤਾਨੀ, ਸਿਵਲ ਸਰਜਨ ( ਰਿਟਾ), 9814127296**

## ✵ ਫੋਟੋ ਗੈਲਰੀ ✵




ਦਮਦਮੀ ਟਕਸਾਲ ਦੇ 15 ਵੇਂ ਮੁੱਖੀ ਸ੍ਰੀ ਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ 20 ਵੀ ਬਰਸੀ ਤੇ ਸਿੱਖ ਅਨਮੋਲ ਸੈਂਟਰ ਚੌਕ ਮਹਿਤਾ ਦੇ ਐਮ ਡੀ ਸ, ਰਾਜਵਿੰਦਰ ਸਿੰਘ ਰੰਧਾਵਾ ਉਨ੍ਹਾਂ ਦੀ ਧਰਮ ਸਪੁੱਤਨੀ ਸ੍ਰੀ ਮਤੀ ਸੁੱਖ ਰੰਧਾਵਾ ਅਤੇ ਸ, ਅਮਿੰਦਰ ਸਿੰਘ ਰੰਧਾਵਾ ਨਾਥ ਦੀ ਖੂੱਹੀ ,ਅਤੇ ਉਨ੍ਹਾਂ ਦਾ ਸਮੂਹ ਸਟਾਫ ਸਮਾਜ ਸੇਵੀ ਪੱਤਰਕਾਰ ਬਾਬਾ ਸੁਖਵੰਤ ਸਿੰਘ ਚੰਨਣਕੇ ਨੂੰ ਸਨਮਾਨਿਤ ਕਰਦੇ ਹੋਏ। **(ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿ**

### ਵਰਲਡ ਸਿੱਖ ਪਾਰਲੀਮੈਂਟ ਵੱਲੋਂ ਪੀਲੀਭੀਤ ਵਿੱਚ ਸਿੱਖ ਨੌਜਵਾਨਾਂ ਦੇ

# ਗੈਰ-ਨਿਆਇਕ ਕਤਲਾਂ ਦੀ ਕੀਤੀ ਨਿੰਦਾ ਅਤੇ ਦੋਸ਼ੀਆਂ ਨੂੰ ਕਟਿਹਰੇ ਵਿੱਚ ਖੜ੍ਹਾ ਕਰਨ ਦੀ ਕੀਤੀ ਮੰਗ

**ਨਵੀਂ ਦਿੱਲੀ 24 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):** - ਵਰਲਡ ਸਿੱਖ ਪਾਰਲੀਮੈਂਟ ਤਿੰਨ ਸਿੱਖ ਨੌਜਵਾਨਾਂ-ਗੁਰਵਿੰਦਰ ਸਿੰਘ (25), ਵਰਿੰਦਰ ਸਿੰਘ ਉਰਫ਼ ਰਵੀ (23), ਅਤੇ ਜਸਪ੍ਰੀਤ ਸਿੰਘ (17) - ਦੇ ਪੰਜਾਬ ਪੁਲਿਸ ਅਤੇ ਯੂ ਪੀ ਪੁਲਿਸ ਵੱਲੋਂ ਮਿਲ ਕੇ ਕੀਤੇ ਗਏ ਇੱਕ ਝੂਠੇ ਪੁਲਿਸ ਮੁਕਾਬਲੇ ਵਿੱਚ ਕੀਤੇ ਗਏ ਗੈਰ-ਨਿਆਇਕ ਕਤਲਾਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ । ਉੱਤਰ ਪ੍ਰਦੇਸ਼ ਦੇ ਪੀਲੀਭੀਤ ਵਿੱਚ ਵਾਪਰੀ ਇਹ ਘਿਨਾਉਣੀ ਕਾਰਵਾਈ ਮਨੁੱਖੀ ਅਧਿਕਾਰਾਂ ਦੇ ਘੋਰ ਉਲੰਘਣਾ ਨੂੰ ਦਰਸਾਉਂਦੀ ਹੈ ਅਤੇ ਸਿੱਖਾਂ ਦਾ ਘਾਣ ਕਰਨ ਲਈ ਭਾਰਤ ਸਰਕਾਰ ਵੱਲੋਂ ਵਰਤੀ ਜਾਂਦੀ ਰਾਜਕੀ ਹਿੰਸਾ ਦੇ ਇਤਿਹਾਸਕ ਨਮੂਨੇ ਨੂੰ ਦਰਸਾਉਂਦੀ ਹੈ। ਵਰਲਡ ਸਿੱਖ ਪਾਰਲੀਮੈਂਟ ਦੇ ਆਗੂਆਂ ਕੋਆਰਡੀਨੇਟਰ ਭਾਈ ਹਿੰਮਤ ਸਿੰਘ ਅਮਰੀਕਾ, ਕੋ-ਕੋਅਰਡੀਨੇਟਰ ਭਾਈ ਗੁਰਚਰਨ ਸਿੰਘ ਗੁਰਾਇਆ ਜਰਮਨੀ, ਮੁੱਖ ਬੁਲਾਰੇ ਭਾਈ ਜੋਗਾ ਸਿੰਘ, ਜਨਰਲ ਸਕੱਤਰ ਭਾਈ ਮਨਪ੍ਰੀਤ ਸਿੰਘ ਇੰਗਲੈਂਡ, ਭਾਈ ਜਤਿੰਦਰ ਸਿੰਘ ਜਰਮਨੀ, ਭਾਈ ਜਸਵਿੰਦਰ ਸਿੰਘ,ਹਰਜੋਤ ਸਿੰਘ ਸੰਧੂ ਹਾਲੈਂਡ,ਭਾਈ ਪ੍ਰਿਤਪਾਲ ਸਿੰਘ ਸਵਿਟਜ਼ਰਲੈਂਡ ਨੇ ਪ੍ਰੈੱਸ ਦੇ ਨਾਂ ਜਾਰੀ ਬਿਆਨ ਕਰਦਿਆਂ ਹੋਇਆਂ ਕਿਹਾ ਕਿ ਪ੍ਰਾਪਤ ਜਾਣਕਾਰੀ ਅਨੁਸਾਰ ਇਹਨਾਂ ਨੌਜਵਾਨਾਂ ਨੂੰ ਕੁਝ ਦਿਨ ਪਹਿਲਾਂ ਪੰਜਾਬ ਤੋਂ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਬਾਅਦ ਵਿੱਚ ਪੀਲੀਭੀਤ ਦੇ ਪੂਰਨਪੁਰ ਲਿਜਾਇਆ ਗਿਆ , ਜਿੱਥੇ ਉਹਨਾਂ ਨੂੰ ਤਸੀਹੇ ਦੇਣ ਤੋਂ ਬਾਅਦ ਇੱਕ ਝੂਠੇ ਪੁਲਿਸ ਮੁਕਾਬਲੇ ਦੀ ਆੜ ਵਿੱਚ ਗੋਲੀਆਂ ਮਾਰ ਦਿੱਤੀਆਂ ਗਈਆਂ । ਪੰਜਾਬ ਪੁਲਿਸ ਦੁਆਰਾ ਜਾਰੀ ਕੀਤੀਆਂ ਗਈਆਂ ਤਸਵੀਰਾਂ ਵਿੱਚ ਤਿੰਨ ਨੌਜਵਾਨਾਂ ਨੂੰ ਮੌਤ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੱਕੋ ਜਿਹੇ ਕੱਪੜਿਆਂ ਵਿੱਚ ਦਿਖਾਇਆ ਗਿਆ ਹੈ, ਜੋ ਇਹ ਦਰਸਾਉਂਦਾ ਹੈ ਕਿ ਉਹ ਕਥਿਤ ਮੁਕਾਬਲੇ ਤੋਂ ਪਹਿਲਾਂ ਹੀ ਇਹ ਨੌਜਵਾਨ ਪੁਲਿਸ ਹਿਰਾਸਤ ਵਿੱਚ ਸਨ।



ਪੀਲੀਭੀਤ ਵਿੱਚ ਸਿੱਖ ਨੌਜਵਾਨਾਂ ਦੇ ਗੈਰਕਾਨੂੰਨੀ ਕਤਲਾਂ ਦੀ ਇਹ ਘਟਨਾ 1980 ਅਤੇ 1990 ਦੇ ਦਹਾਕੇ ਦੀਆਂ ਦਰਦਨਾਕ ਯਾਦਾਂ ਨੂੰ ਤਾਜ਼ਾ ਕਰਦੀ ਹੈ, ਜਦੋਂ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਸਿੱਖ ਨੌਜਵਾਨਾਂ ਨੂੰ ਲੱਖਾਂ ਦੀ ਤਾਦਾਦ ਵਿੱਚ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਕਤਲ ਕਰਕੇ ਸਰਕਾਰੀ ਅੱਤਵਾਦ ਦਾ ਨਿਸ਼ਾਨਾ ਬਣਾਇਆ ਗਿਆ ।ਚੜ੍ਹਦੀ ਉਮਰ ਦੇ ਨੌਜਵਾਨ ਗੁਰਵਿੰਦਰ ਸਿੰਘ, ਵਰਿੰਦਰ ਸਿੰਘ ਅਤੇ ਜਸਪ੍ਰੀਤ ਸਿੰਘ ਦਾ ਗੈਰ-ਨਿਆਇਕ ਕਤਲ ਇਹ ਦਰਸਾਉਂਦਾ ਹੈ ਕਿ ਭਾਰਤੀ ਸਰਕਾਰ ਆਪਣੇ ਹੱਕਾਂ ਦੀ ਮੰਗ ਕਰਦੇ ਸਿੱਖਾਂ ਦੀ ਅਵਾਜ਼ ਨੂੰ ਸਰਕਾਰੀ ਹਿੰਸਾ ਨਾਲ ਦਬਾਉਣ ਦੀ ਪੁਰਾਣੀ ਨੀਤੀ ਉੱਤੇ ਹੀ ਚੱਲ ਰਹੀ ਹੈ ਅਤੇ ਸਿੱਖਾਂ ਨੂੰ ਅੱਤਵਾਦੀ ਅਤੇ ਅਪਰਾਧੀ ਦਰਸਾ ਕੇ ਸਿੱਖ ਵਿਰੋਧੀ ਬਿਰਤਾਂਤ ਨੂੰ ਹਵਾ ਦੇ ਰਹੀ ਹੈ ।

ਵਰਲਡ ਸਿੱਖ ਪਾਰਲੀਮੈਂਟ ਮ੍ਰਿਤਕ ਨੌਜਵਾਨਾਂ ਵਿਰੁੱਧ ਪੁਲਿਸ ਵੱਲੋਂ ਲਗਾਏ ਜਾ ਰਹੇ ਬੇਬੁਨਿਆਦ ਦੋਸ਼ਾਂ ਨੂੰ ਪੂਰੀ ਤਰ੍ਹਾਂ ਰੱਦ ਕਰਦੀ ਹੈ। ਅਜਿਹੇ ਇਲਜ਼ਾਮ ਅਕਸਰ ਪੁਲਿਸ ਦੀਆਂ ਗੈਰ-ਕਾਨੂੰਨੀ ਕਾਰਵਾਈਆਂ ਨੂੰ ਜਾਇਜ਼ ਠਹਿਰਾਉਣ ਲਈ ਲਗਾਏ ਜਾਂਦੇ ਹਨ ।ਪੰਜਾਬ ਪੁਲਿਸ ਦੇ ਨਾਲ ਨਾਲ ਯੂ ਪੀ ਪੁਲਿਸ ਵੀ ਝੂਠੇ ਪੁਲਿਸ ਮੁਕਾਬਲੇ ਕਰਨ ਲਈ ਬਦਨਾਮ ਹੈ । ਪਿੱਛੇ ਜਿਹੇ ਜਾਰੀ ਇੱਕ ਰਿਪੋਰਟ ਅਨੁਸਾਰ ਪਿਛਲੇ ਸੱਤ ਸਾਲਾਂ ਵਿੱਚ ਉੱਤਰ ਪ੍ਰਦੇਸ਼ ਵਿੱਚ 12,964 ਤੋਂ ਵੱਧ ਪੁਲਿਸ ਮੁਕਾਬਲਿਆਂ ਦੇ ਚਿੰਤਾਜਨਕ ਅੰਕੜੇ ਸਾਹਮਣੇ ਆਏ ਜਿਸ ਤੋਂ ਸਬੂਤ ਮਿਲਦਾ ਹੈ ਕਿ ਪੁਲਿਸ ਨੂੰ ਮਨਮਾਨੀ ਕਰਨ ਦੀ ਪੂਰੀ ਖੁੱਲ੍ਹ ਮਿਲੀ ਹੋਈ ਹੈ ਤੇ ਉਹਨਾਂ ਦੀਆਂ ਗੈਰ ਕਾਨੂੰਨੀ ਹਰਕਤਾਂ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ । ਤਿੰਨ ਸਿੱਖ ਨੌਜਵਾਨਾਂ ਦਾ ਇਹ ਤਾਜ਼ਾ ਕਤਲ ਇਸ ਗੱਲ ਦੀ ਇੱਕ ਉੱਘੜਵੀਂ ਮਿਸਾਲ ਹੈ ਕਿ ਕਿਵੇਂ ਹਿੰਦੂਤਵੀ ਨੀਤੀਆਂ ਦੁਆਰਾ ਉਤਸ਼ਾਹਿਤ ਭਾਰਤ ਸਰਕਾਰ ਦੀਆਂ ਏਜੰਸੀਆਂ, ਡਰ ਪੈਦਾ ਕਰਨ ਅਤੇ ਹੱਕੀ ਆਵਾਜ਼ਾਂ ਨੂੰ ਦਬਾਉਣ ਲਈ ਘੱਟ ਗਿਣਤੀਆਂ ਨੂੰ ਨਿਸ਼ਾਨਾ ਬਣਾਉਂਦੀਆਂ ਹਨ ।ਇਸ ਮਾਮਲੇ ਵਿੱਚ ਪੰਜਾਬ ਪੁਲਿਸ ਦਾ ਸਰਕਾਰੀ ਜਬਰ ਦੇ ਕੁਹਾੜੇ ਦਾ ਦਸਤਾ ਬਣਨ ਦਾ ਇੱਕ ਲੰਮਾਂ ਤੇ ਦੁਖਦਾਈ ਇਤਿਹਾਸ ਹੈ । ਅਸੀਂ ਅੰਤਰਰਾਸ਼ਟਰੀ ਭਾਈਚਾਰੇ, ਮਨੁੱਖੀ ਅਧਿਕਾਰ ਸੰਗਠਨਾਂ ਅਤੇ ਵਿਦੇਸ਼ੀ ਵਸਦੇ ਸਿੱਖਾਂ ਨੂੰ ਭਾਰਤ ਸਰਕਾਰ ਅਤੇ ਪੰਜਾਬ ਪੁਲਿਸ ਦੀਆਂ ਇਨ੍ਹਾਂ ਗੈਰ ਕਾਨੂੰਨੀ ਹਿੰਸਾ ਦੀਆਂ ਕਾਰਵਾਈਆਂ ਵਿਰੁੱਧ ਇਕਜੁੱਟਤਾ ਵਿੱਚ ਖੜ੍ਹੇ ਹੋਣ ਅਤੇ ਹੱਕ ਅਤੇ ਇਨਸਾਫ ਦੀ ਆਵਾਜ਼ ਨੂੰ ਬੁਲੰਦ ਕਰਨ ਦਾ ਸੱਦਾ ਦਿੰਦੇ ਹਾਂ ।ਅਸੀਂ ਇਹ ਸੰਦੇਸ਼ ਭਾਰਤ ਦੇ ਜ਼ਾਲਮ ਹਾਕਮਾਂ ਨੂੰ ਦੇਣਾ ਚਾਹੁੰਦੇ ਹਾਂ ਕਿ ਸਿੱਖ ਕੌਮ ਨੂੰ ਜ਼ੁਲਮ ਕਰਕੇ ਚੁੱਪ ਨਹੀਂ ਕਰਵਾਇਆ ਜਾ ਸਕਦਾ, ਅਤੇ ਅਸੀਂ ਨਿਆਂ ਦੀ ਪ੍ਰਾਪਤੀ ਨੂੰ ਯਕੀਨੀ ਬਣਾਉਣ ਲਈ ਹਰ ਕਦਮ ਚੁੱਕਾਂਗੇ । ਵਰਲਡ ਸਿੱਖ ਪਾਰਲੀਮੈਂਟ ਸਪੱਸ਼ਟ ਕਰਦੀ ਹੈ ਕਿ ਸਿੱਖਾਂ ਦੇ ਕਾਤਲ ਅਤੇ ਮਨੁੱਖਤਾ ਵਿਰੁੱਧ ਅਪਰਾਧ ਕਰਨ ਵਾਲਿਆਂ ਦੀ ਜਵਾਬਦੇਹੀ ਯਕੀਨੀ ਬਣਾਈ ਜਾਵੇਗੀ । ਸਿੱਖ ਨੌਜਵਾਨਾਂ ਤੇ ਤਸ਼ੱਦਦ ਅਤੇ ਉਨ੍ਹਾਂ ਨੂੰ ਕਤਲ ਕਰਨ ਲਈ ਜਿੰਮੇਵਾਰ ਅਫਸਰ, ਅਤੇ ਉਹਨਾਂ ਨੂੰ ਹੁਕਮ ਦੇਣ ਵਾਲਿਆਂ ਦੀ ਪਛਾਣ ਕੀਤੀ ਜਾਵੇਗੀ ਅਤੇ ਉਹਨਾਂ ਨੂੰ ਨਿਆਂ ਦੇ ਘੇਰੇ ਵਿੱਚ ਲਿਆਂਦਾ ਜਾਵੇਗਾ। ਇਹ ਸਿਰਫ਼ ਸਿੱਖ ਕੌਮ ਦੀ ਲੜਾਈ ਨਹੀਂ ਹੈ, ਸਗੋਂ ਮਨੁੱਖੀ ਸਨਮਾਨ, ਨਿਆਂ ਅਤੇ ਕਾਨੂੰਨ ਦੇ ਰਾਜ ਦੀ ਲੜਾਈ ਹੈ ਜੋ ਕਿ ਜਿੱਤ ਦੀ ਪਰਾਪਤੀ ਤੱਕ ਜਾਰੀ ਰਹੇਗੀ ।

### ਐਨਕਾਊਂਟਰ ਦੇ ਨਾਂ 'ਤੇ ਮਾਰੇ ਪੰਜਾਬੀ ਨੌਜਵਾਨਾਂ ਬਾਰੇ

# 'ਪੁਲਿਸੀਆ ਝੂਠ' ਦਾ ਪਰਦਾਫਾਸ਼

ਯੂ.ਪੀ ਵਿੱਚ ਪੰਜਾਬ ਦੇ ਤਿੰਨ ਨੌਜਵਾਨਾਂ ਨੂੰ ਪੁਲਸ ਵੱਲੋਂ "ਮੁਕਾਬਲੇ" ਵਿੱਚ ਮਾਰੇ ਜਾਣ ਅਤੇ ਉਹਨਾਂ ਦੇ ਕਿਸੇ ਖਾਲਿਸਤਾਨੀ ਫੋਰਸ ਦੇ ਮੈਂਬਰ ਹੋਣ ਦੇ ਦਾਅਵੇ ਸਰਾਸਰ ਝੂਠੇ ਹਨ ।ਇਸ ਗੱਲ ਨੂੰ ਸਾਬਤ ਕਰਨ ਲਈ ਪ੍ਰੈਸ ਵਿੱਚ ਛਪੀਆਂ ਖ਼ਬਰਾਂ ਅਤੇ ਪੁਲਸ ਵੱਲੋਂ ਜਾਰੀ ਇਹਨਾਂ ਨੌਜਵਾਨਾਂ ਦੀਆਂ ਫੋਟੋਆਂ ਹੀ ਕਾਫੀ ਹਨ ।ਲਾਸ਼ਾਂ ਵਿੱਚ ਦਿਖਾਏ ਕਪੜੇ ਅਤੇ ਪੁਲਸ ਵੱਲੋਂ ਜਾਰੀ ਕੀਤੀਆਂ ਪਾਸਪੋਰਟ ਸ਼ਾਇਜ ਫੋਟੋਆਂ ਵਿੱਚ ਨੌਜਵਾਨਾਂ ਦੇ ਹੂਬਹੂ ਉਹੋ ਕੱਪੜੇ ਪਹਿਨੇ ਹਨ ,ਜੋ ਸਾਬਤ ਕਰਦਾ ਕਿ ਇਹ ਫੋਟੋਆਂ ਉਹਨਾਂਦਾ ਝੂਠਾ ਮੁਕਾਬਲਾ ਬਣਾਉਣ ਤੋਂ ਕੁੱਝ ਮਿੰਟ ਪਹਿਲਾਂ ਖਿੱਚੀਆਂ ਗਈਆਂ ਹਨ ।



ਜੇ ਮੈਂ ਇਹ ਵੀ ਕਹਾਂ ਕਿ ਪੰਜਾਬ ਪੁਲਸ ਵਰਦੀਧਾਰੀ ਗੁੰਡਿਆਂ ਦਾ ਗ੍ਰੋਹ ਹੈ ਤਾਂ ਵੀ ਮੈਂ ਇਸ ਫੋਰਸ ਵੱਲੋਂ ਅੱਸੀਵਿਆਂ ਤੋਂ ਲਗਾਤਾਰ ਪੰਜਾਬ ਦੀ ਬਰਬਾਦੀ ਵਿੱਚ ਪਾਏ ਯੋਗਦਾਨ ਨਾਲ ਇਨਸਾਫ਼ ਨਹੀਂ ਕਰ ਰਿਹਾ ਹੋਵਾਂਗਾ ।ਮੈ ਪੰਜਾਬ ਪੁਲਸ ਵੱਲੋਂ ਝੂਠੇ ਪੁਲਸ ਮੁਕਾਬਲਿਆਂ ,ਗੈਰ ਕਾਨੂੰਨੀ ਹਿਰਾਸਤ ਅਤੇ ਅਣਮਨੁੱਖੀ ਤਸ਼ੱਦਦ ਦੇ ਹਜ਼ਾਰਾਂ ਮਾਮਲਿਆਂ ਦੀ ਜਾਂਚ ਵਿੱਚ ਆਪਣੀ ਜ਼ਿੰਦਗੀ ਦੇ ਕਰੀਬ ਦੱਸ ਸਾਲ ਲਾਏ ਹਨ ਅਤੇ ਅਜਿਹੇ ਕੇਸਾਂ ਦੀ ਕਾਨੂੰਨੀ ਪੈਰਵੀ ਦੀਆਂ ਚਾਰਾ-ਜੋਈਆਂ ਵੀ ਕੀਤੀਆਂ ਹਨ ।ਮੇਰਾ ਤਜਰਬਾ ਇਹੀ ਕਹਿੰਦਾ ਕਿ ਪੰਜਾਬ ਵਿੱਚ ਹਿੰਸਾ ਦੀ ਖੇਡ ਭਾਰਤ ਸਰਕਾਰ ਦੀਆਂ ਏਜੰਸੀਆਂ ਦੀ ਇੱਕ ਯੋਜਨਾ ਬੱਧ ਸ਼ਾਜਿਸ਼ ਹੈ ।ਪੰਜਾਬ ਵਿੱਚ Organized ਖਾੜਕੂਵਾਦ 1994 ਦੇ ਅੱਧ ਤੱਕ ਖਤਮ ਹੋ ਗਿਆ ਸੀ ।ਪਰ ਉਸ ਤੋ ਬਾਅਦ ਅੱਜ ਤੱਕ ਖਾੜਕੂਵਾਦ ਦੇ ਡਰ ਨੂੰ ਜਿਉਂਦਾ ਰੱਖਣ ਭਾਰਤੀ ਏਜੰਸੀਆਂ ਵੱਲੋਂ ਵਿਸ਼ੇਸ਼ ਯਤਨ ਲਗਾਤਾਰ ਜਾਰੀ ਹਨ ।

ਜੇ ਮੈਂ ਇਹ ਕਹਾਂ ਕਿ ਪੰਜਾਬ ਵਿੱਚ ਖਾੜਕੂਵਾਦ ਅਤੇ ਉਸਦਾ ਡਰ ਦਹਾਕਿਆਂ ਤੋਂ ਇੱਕ ਵੱਡੇ ਉਦਯੋਗ ਦਾ ਰੂਪ ਧਾਰ ਚੁੱਕਾ ।ਜਿਸ ਨੂੰ ਬਣਾਈ ਰੱਖਣ ਵਿੱਚ ਪੁਲਸ ,ਸਿਆਸਤਦਾਨਾਂ ਵਿਦਵਾਨਾਂ ਅਤੇ ਪੱਤਰਕਾਰਾਂ ਦੇ ਵਿਸ਼ੇਸ਼ ਗੁੱਟਾਂ ਦੇ ਸਵਾਰਥੀ ਅਤੇ ਮਾਇਕ ਹਿੱਤ ਜੁੜੇ ਹੋਏ ਹਨ ।ਪਰ ਇਸ ਸਭ ਕੁੱਝ ਦੀ ਸ੍ਰਪ੍ਰਸਤੀ ਭਾਰਤੀ ਏਜੰਸੀਆਂ ਵੱਲੋਂ ਕੀਤੀ ਜਾ ਰਹੀ ਹੈ ।ਇਸ ਉਦਯੋਗ ਨਾਲ ਜੁੜੀਆਂ ਇਹਨਾਂ ਧਿਰਾਂ ਦੇ ਲਾਲਚਾਂ ਨੂੰ ਪੂਰਾ ਕਰਨ ਅਤੇ ਪੰਜਾਬ ਵਿੱਚਲੀ ਨੌਜਵਾਨੀ ਨੂੰ ਬਰਬਾਦ ਕਰਨ ਲਈ ਇਸ ਵਿੱਚ ਡਰੱਗ ਦੇ ਧੰਦੇ ਨੂੰ ਵੀ ਸ਼ਾਮਲ ਕੀਤਾ ਗਿਆ ਸੀ ।ਹੁਣ ਪਿਛਲੇ ਕੁੱਝ ਸਾਲਾਂ ਤੋਂ ਇਸ ਗਠਜੋੜ ਵਿੱਚ ਗੈਂਗਸਟਾਰਾਂ ਨੂੰ ਵੀ ਸ਼ਾਮਲ ਕਰ ਲਿਆ ਗਿਆ ।ਸੰਸਾਰ ਭਰ ਵਿੱਚ ਜਿੱਥੇ ਜਿੱਥੇ ਵੀ ਸਿੱਖ ਭਾਈਚਾਰਾ ਵੱਸਿਆ ਹੈ ,ਉੱਥੇ ਉੱਥੇ ਸਿੱਖ ਸਿਆਸਤਦਾਨਾਂ ,ਏਜੰਸੀਆਂ ,ਡਰੱਗ ਡੀਲਰਾਂ ਅਤੇ ਗੈਂਗਸਟਾਰਾਂ ਦੇ ਇਸ ਗਠਜੋੜ ਦੇ ਵੱਖੋ-ਵੱਖਰੇ ਰੂਪ ਨਜ਼ਰ ਆ ਜਾਂਦੇ ਹਨ ।ਇਸ ਨਾਪਾਕ ਗਠਜੋੜ ਆਸਰੇ ਇੱਕਠੇ ਕੀਤੇ ਕ੍ਰੋੜਾਂ ਅਰਬਾਂ ਦੇ ਧਨ ਨੂੰ ਵਿਦੇਸ਼ਾਂ ਵਿੱਚ ਕੀਮਤੀ ਜਾਇਦਾਦਾਂ ਅਤੇ ਵੱਡੇ ਵਪਾਰ ਸਥਾਪਤ ਕਰਨ ਲਈ ਇਸਤੇਮਾਲ ਕੀਤਾ ਜਾ ਰਿਹਾ ।ਵਿਦੇਸ਼ਾਂ ਵਿੱਚ ਪੰਜਾਬ ਦੇ ਸਿਆਸਤਦਾਨਾਂ ,ਸਾਬਕਾ ਪੁਲਸ ਅਫਸਰਾਂ ਅਤੇ ਡਰੱਗ ਡੀਲਰਾਂ ਦੇ ਸਾਂਝੇ ਵਪਾਰ ਅਤੇ ਜਾਇਦਾਦਾਂ ਹਨ ।ਭਾਰਤੀ ਏਜੰਸੀਆਂ ਇਹਨਾਂ ਦੀ ਬਲੈਕ ਮਨੀ ਨੂੰ ਵਿਦੇਸ਼ਾਂ ਵਿੱਚ ਪਹੁੰਚਾਉਣ ਵਿੱਚ ਮਦਦਗਾਰ ਸਾਬਤ ਹੁੰਦੀਆਂ ਹਨ ਅਤੇ ਇਹ ਬਦਲੇ ਵਿੱਚ ਭਾਰਤੀ ਏਜੰਸੀਆਂ ਲਈ ਸਿੱਖ ਭਾਈਚਾਰੇ ਵਿੱਚ ਇੱਕ ਨੈਟਵਰਕ ਪੈਦਾ ਕਰਦੇ ਹਨ ।ਮਤਲਬ ਇਹ ਕਿ ਸਿੱਖ ਭਾਰਤੀ ਏਜੰਸੀਆਂ ਦੀ ਫੈਲਾਈ ਵਿਸ਼ਵ ਵਿਆਪੀ ਬਹੁਤ ਗਹਿਰੀ ਸ਼ਾਜਿਸ ਵਿੱਚ ਫਸ ਚੁੱਕੇ ਹਨ ,ਜਿਸ ਵਿੱਚੋ ਨਿਕਲਣ ਲਈ ਨਾ ਤਾਂ ਸਾਡੇ ਕੋਲ ਕੋਈ ਬੱਝਵੀ ਨੀਤੀ ਹੈ ਅਤੇ ਨਾ ਹੀ ਇਸ ਦੇ ਟਾਕਰੇ ਦੇ ਹਾਣ ਦੀ ਸਿਆਸਤ ਹੈ ।

**-ਅਮਰੀਕ ਸਿੰਘ ਮੁਕਤਸਰ**

## ਮਹੇਸ਼ ਇੰਦਰ ਸਿੰਘ ਗਰੇਵਾਲ ਵਿਰੁੱਧ ਸਖ਼ਤ ਕਾਰਵਾਈ ਕਰਨ ਜਥੇਦਾਰ ਰਘਬੀਰ ਸਿੰਘ, ਬਾਦਲ ਦਲ ਨੂੰ ਪੁੱਛਣ ਕਿ ਬੀਬੀ ਸਤਵੰਤ ਕੌਰ ਨਾਲ ਕੀ ਦੁਸ਼ਮਣੀ ਹੈ ? : ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ

ਅੰਮ੍ਰਿਤਸਰ, 24 ਦਸੰਬਰ ( ): ਅਕਾਲੀ ਦਲ ਬਾਦਲ ਦੇ ਆਗੂ ਮਹੇਸ਼ ਇੰਦਰ ਸਿੰਘ ਗਰੇਵਾਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਪੱਤਰ ਲਿਖ ਕੇ ਮਾਫ਼ੀ ਮੰਗੀ ਹੈ ਕਿ ਪੀ.ਟੀ.ਸੀ. ਚੈੱਨਲ ਉੱਤੇ ਡਿਬੇਟ ਦੌਰਾਨ ਉਸ ਪਾਸੋਂ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਸਪੁੱਤਰੀ ਬੀਬੀ ਸਤਵੰਤ ਕੌਰ ਖ਼ਿਲਾਫ਼ ਗ.ਲਤ ਸ਼ਬਦ ਬੋਲੇ ਗਏ ਸਨ ਜਿਸ ਨਾਲ ਪੰਥਕ ਸੋਚ ਦੇ ਧਾਰਨੀ ਗੁਰਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ। ਇਸ ਮਾਫ਼ੀਨਾਮੇ ਉੱਤੇ ਸਖ਼ਤ ਪ੍ਰਤੀਕਿਰਿਆ ਕਰਦਿਆਂ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਸਾਬਕਾ ਪ੍ਰਧਾਨ ਭਾਈ ਬਲਵੰਤ ਸਿੰਘ ਗੋਪਾਲਾ ਅਤੇ ਮੌਜੂਦਾ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਜਥੇਦਾਰ ਗਿਆਨੀ ਰਘਬੀਰ ਸਿੰਘ ਤੁਰੰਤ ਕਾਰਵਾਈ ਕਰਦਿਆਂ ਮਹੇਸ਼ ਇੰਦਰ ਸਿੰਘ ਗਰੇਵਾਲ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਤਲਬ ਕਰਨ ਅਤੇ ਖ਼ਾਲਸਾਈ ਪ੍ਰੰਪਰਾਵਾਂ ਅਨੁਸਾਰ ਇਸ ਉੱਤੇ ਬਣਦੀ ਸਖ਼ਤ ਕਾਰਵਾਈ ਕਰਨ। ਉਹਨਾਂ ਕਿਹਾ ਕਿ ਮਹੇਸ਼ ਇੰਦਰ ਸਿੰਘ ਗਰੇਵਾਲ ਦੇ ਮਨ ਵਿੱਚ ਸਾਡੀ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਦੇ ਪਰਿਵਾਰਾਂ ਪ੍ਰਤੀ ਕਿੰਨੀ ਨਫ਼ਰਤ ਭਰੀ ਹੋਈ ਹੈ, ਇਹ ਲੋਕ ਸਿੱਖ ਅਤੇ ਅਕਾਲੀ ਅਖਵਾਉਣ ਦੇ ਹੱਕਦਾਰ ਨਹੀਂ ਹਨ। ਉਹਨਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਚਾਪਲੂਸੀ ਕਰਨ ਅਤੇ ਹੰਕਾਰ ਵਿੱਚ ਇਹ ਇੱਕ ਸਾਜ਼ਿਸ਼ ਤਹਿਤ ਬੀਬੀ ਸਤਵੰਤ ਕੌਰ ਨੂੰ ਨਿਸ਼ਾਨਾ ਬਣਾ ਰਿਹਾ ਸੀ। ਇਸ ਕੋਲੋਂ ਪੁੱਛਿਆ ਜਾਣਾ ਚਾਹੀਦਾ ਹੈ ਕਿ ਦਮਦਮੀ ਟਕਸਾਲ ਦੇ ਤੇਰ੍ਹਵੇਂ ਮੁਖੀ ਸੰਤ ਗਿਆਨੀ ਕਰਤਾਰ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੀ ਪੋਤਰੀ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਅਮਰ ਸ਼ਹੀਦ ਭਾਈ ਸਾਹਿਬ ਭਾਈ ਅਮਰੀਕ ਸਿੰਘ ਜੀ ਦੀ ਹੋਣਹਾਰ ਸਪੁੱਤਰੀ ਬੀਬੀ ਸਤਵੰਤ ਕੌਰ ਦੇ ਨਾਲ ਤੇਰੀ ਅਤੇ ਸਮੁੱਚੇ ਬਾਦਲ ਦਲ ਦੀ ਕੀ ਦੁਸ਼ਮਣੀ ਹੈ ? ਉਹਨਾਂ ਕਿਹਾ ਕਿ ਇੱਕ ਪਾਸੇ ਤਾਂ ਪੰਜਾਬ ਪੁਲਿਸ ਜੋ ਬੀਬੀ ਸਤਵੰਤ ਕੌਰ ਨੂੰ ਥਾਣੇ ਬੁਲਾ ਕੇ ਪੁੱਛਗਿਛ ਕਰ ਰਹੀ ਹੈ, ਸਰਕਾਰ ਦੀ ਇਹ ਘਟੀਆ ਕਾਰਵਾਈ ਸਿੱਖ ਕੌਮ ਲਈ ਬਰਦਾਸ਼ਤਯੋਗ ਨਹੀਂ ਹੈ, ਪਰ ਦੂਜੇ ਪਾਸੇ ਅਖੌਤੀ ਅਕਾਲੀ ਆਗੂ ਵੀ ਬੀਬੀ ਸਤਵੰਤ ਕੌਰ ਨੂੰ ਸ਼ੱਕੀ ਨਿਗ੍ਹਾ ਨਾਲ ਦੇਖ ਰਹੇ ਹਨ ਤੇ ਜਾਂਚ ਕਰਵਾਉਣ ਦੀਆਂ ਗੱਲਾਂ ਕਰ ਰਹੇ ਹਨ। ਬਾਦਲਾਂ ਦੇ ਚੈਨਲ ਪੀ.ਟੀ.ਸੀ. ਉੱਤੇ ਬੀਬੀ ਸਤਵੰਤ ਕੌਰ ਖ਼ਿਲਾਫ਼ ਮਾਹੌਲ ਸਿਰਜਿਆ ਗਿਆ। ਓਦੋਂ ਹੋਰ ਵੀ ਹੈਰਾਨੀ ਹੋਈ ਜਦੋਂ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਇਸ ਮਾਮਲੇ ਉੱਤੇ ਚੁੱਪ ਰਹੇ, ਜਦ ਕਿ ਸਮੁੱਚਾ ਖ਼ਾਲਸਾ ਪੰਥ ਅਤੇ ਪੰਥਕ ਜਥੇਬੰਦੀਆਂ ਤੇ ਕੁਝ ਹੋਰ ਆਗੂ ਲਗਾਤਾਰ ਬੀਬੀ ਸਤਵੰਤ ਕੌਰ ਦੇ ਹੱਕ 'ਚ ਨਿੱਤਰ ਆਏ ਹਨ ਜਿਨ੍ਹਾਂ ਦੀ ਅਸੀਂ ਸ਼ਲਾਘਾ ਅਤੇ ਧੰਨਵਾਦ ਕਰਦੇ ਹਾਂ। ਉਹਨਾਂ ਕਿਹਾ ਕਿ ਭਾਈ ਨਰਾਇਣ ਸਿੰਘ ਚੌੜਾ ਤੇ ਸਮੁੱਚੇ ਸੰਘਰਸ਼ਸ਼ੀਲ ਯੋਧੇ ਜੋ ਬੀਬੀ ਸਤਵੰਤ ਕੌਰ ਦਾ ਸ਼ਹੀਦ ਪਰਿਵਾਰ ਹੋਣ ਦੇ ਨਾਤੇ ਅਥਾਹ ਸਤਿਕਾਰ ਕਰਦੇ ਹਨ। ਜਦੋਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਅਗਵਾਈ ਲਈ ਬਣਾਈ ਸੱਤ ਮੈਂਬਰੀ ਕਮੇਟੀ ਵਿੱਚ ਬੀਬਾ ਸਤਵੰਤ ਕੌਰ ਦਾ ਨਾਮ ਵੀ ਸ਼ਾਮਲ ਹੋਇਆ ਤਾਂ 3 ਦਸੰਬਰ 2024 ਨੂੰ ਭਾਈ ਨਰਾਇਣ ਸਿੰਘ ਉਹਨਾਂ ਨੂੰ ਵਧਾਈ ਦੇਣ ਗਏ ਸਨ। ਪਰ ਸੁਖਬੀਰ ਬਾਦਲ ਉੱਤੇ ਹਮਲੇ 'ਚ ਮਹੇਸ਼ ਇੰਦਰ ਸਿੰਘ ਗਰੇਵਾਲ ਵੱਲੋਂ ਬੇਵਜ੍ਹਾ ਬੀਬਾ ਸਤਵੰਤ ਕੌਰ ਨੂੰ ਉਲਝਾਉਣ ਦੀ ਗੱਲ ਬਾਦਲਕਿਆਂ ਦੀ ਘਟੀਆ ਸੋਚ ਦਾ ਪ੍ਰਗਟਾਵਾ ਹੈ। ਉਹਨਾਂ ਕਿਹਾ ਕਿ ਅਸਲ ਵਿੱਚ ਇਹ ਬਾਦਲਕਿਆਂ ਦੀ ਪੰਥਕ ਅਤੇ ਸ਼ਹੀਦਾਂ ਦੇ ਪਰਿਵਾਰਾਂ ਪ੍ਰਤੀ ਬੁਖਲਾਹਟ ਹੈ, ਬਾਦਲਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਹੋਈ ਫ਼ਸੀਲ ਦੇ ਫੈਸਲੇ ਨੂੰ ਮੰਨਣ ਤੋਂ ਇਨਕਾਰੀ ਹਨ, ਉਹ ਨਹੀਂ ਚਾਹੁੰਦੇ ਕਿ ਅਕਾਲੀ ਦਲ ਦੀ ਅਗਵਾਈ ਪੰਥਕ ਸੋਚ ਦੇ ਧਾਰਨੀ ਗੁਰਸਿੱਖਾਂ ਦੇ ਹੱਥ ਵਿੱਚ ਆਵੇ। ਉਹਨਾਂ ਕਿਹਾ ਕਿ ਬੀਬੀ ਸਤਵੰਤ ਕੌਰ ਨੂੰ ਆਧਾਰ ਬਣਾ ਕੇ ਮਹੇਸ਼ ਇੰਦਰ ਸਿੰਘ ਗਰੇਵਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਦੋ ਦਸੰਬਰ ਵਾਲੇ ਸੰਦੇਸ਼ ਵਿਰੁੱਧ ਭੁਗਤਿਆ ਹੈ। ਉਹਨਾਂ ਕਿਹਾ ਕਿ ਬਾਦਲ ਦਲ ਦੇ ਆਗੂਆਂ ਦੀ ਚੁੱਪੀ ਨੇ ਵੀ ਇਹ ਸਾਬਤ ਕਰ ਦਿੱਤਾ ਕਿ ਉਹ ਮਹੇਸ਼ ਇੰਦਰ ਸਿੰਘ ਗਰੇਵਾਲ ਨਾਲ਼ ਸਹਿਮਤ ਹਨ। ਉਹਨਾਂ ਕਿਹਾ ਕਿ ਕਿੰਨੀ ਗਿਰਾਵਟ ਆ ਚੁੱਕੀ ਹੈ ਕਿ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਸਪੁੱਤਰੀ ਬੀਬੀ ਸਤਵੰਤ ਕੌਰ ਦੇ ਹੱਕ ਵਿੱਚ ਬੋਲਣ ਤੋਂ ਵੀ ਕੁੱਝ ਆਗੂ ਝਿਜਕ ਰਹੇ ਹਨ ਤਾਂ ਕਿ ਸੁਖਬੀਰ ਸਿੰਘ ਬਾਦਲ ਕਿਤੇ ਨਰਾਜ ਨਾ ਹੋ ਜਾਵੇ।



## ਬਹੁਜਨ ਧਾਰਮਿਕ, ਸਮਾਜਿਕ ਸੰਗਠਨਾਂ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਜਲਾਇਆ ਪੁਤਲਾ

### ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਖਿਲਾਫ਼ ਰਾਜ ਸਭਾ ਵਿੱਚ ਕੀਤੀ ਗਈ ਟਿੱਪਣੀ 'ਤੇ ਮਾਫ਼ੀ ਮੰਗਣ ਦੀ ਕੀਤੀ ਮੰਗ



**ਪਠਾਨਕੋਟ, 24 ਦਸੰਬਰ ( ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਪਠਾਨਕੋਟ ਦੇ ਸਾਰੇ ਬਹੁਜਨ ਧਾਰਮਿਕ, ਸਮਾਜਿਕ ਸੰਗਠਨਾਂ ਵੱਲੋਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਖਿਲਾਫ਼ ਸੰਸਦ ਵਿੱਚ ਅਪਮਾਨਜਨਕ ਟਿੱਪਣੀ ਦੇ ਵਿਰੁੱਧ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਅਮਿਤ ਸ਼ਾਹ ਦਾ ਪੁਤਲਾ ਵੀ ਸਾੜਿਆ ਗਿਆ। ਰੋਸ ਪ੍ਰਦਰਸ਼ਨ ਸੰਬੰਧੀ ਵੱਖ-ਵੱਖ ਸੰਗਠਨਾਂ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਭਾਰੀ ਸੰਖਿਆ ਵਿੱਚ ਭਗਵਾਨ ਵਾਲਮੀਕਿ ਚੌਂਕ ਵਿੱਚ ਇਕੱਠੇ ਹੋਏ ਅਤੇ ਸਟੇਜ ਤੋਂ ਅਮਿਤ ਸ਼ਾਹ ਖਿਲਾਫ਼ ਜ਼ਬਰਦਸਤ ਨਾਅਰੇਬਾਜ਼ੀ ਅਤੇ ਮੁਖ਼ਾਲਫ਼ਤ ਕਰਕੇ ਆਪਣੀ ਭੜਾਸ ਕੱਢੀ। ਇਸ ਦੌਰਾਨ ਅਹੁਦੇਦਾਰ ਮੰਗ ਕਰ ਰਹੇ ਸਨ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਆਪਣੇ ਪਦ ਤੋਂ ਅਸਤੀਫ਼ਾ ਦੇਵੇ, ਨਹੀਂ ਤਾਂ ਉਸ ਨੂੰ ਸੰਸਦ ਤੋਂ ਬਰਖਾਸਤ ਕੀਤਾ ਜਾਵੇ। ਜੇਕਰ ਅਮਿਤ ਸ਼ਾਹ ਨੂੰ ਬਰਖਾਸਤ ਨਹੀਂ ਕੀਤਾ ਜਾਂਦਾ ਤਾਂ ਸੰਘਰਸ਼ ਜਾਰੀ ਰਹੇਗਾ, ਜੋ ਪਿੰਡਾਂ ਤੱਕ ਜਾਵੇਗਾ। ਉਸ ਤੋਂ ਬਾਅਦ ਰੋਸ ਮਾਰਚ ਕਰਕੇ ਲਾਈਟਾਂ ਵਾਲੇ ਚੌਰਸਤਾ ਚੌਂਕ ਵਿੱਚ ਅਮਿਤ ਸ਼ਾਹ ਦਾ ਪੁਤਲਾ ਜਲਾ ਕੇ ਜ਼ਬਰਦਸਤ ਨਾਅਰੇਬਾਜ਼ੀ ਕੀਤੀ। ਇਸ ਰੋਸ ਪ੍ਰਦਰਸ਼ਨ ਵਿੱਚ ਵਿਭਿੰਨ ਸੰਗਠਨਾਂ ਨੇ ਡਾਕਟਰ ਅੰਬੇਡਕਰ ਮਿਸ਼ਨ ਪਠਾਨਕੋਟ ਇਕਾਈ ਦੀ ਅਗਵਾਈ ਹੇਠ ਉਕਤ ਰੋਸ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨ ਵਿੱਚ ਆਲ ਇੰਡੀਆ ਭਗਤ ਮਹਾਂਸਭਾ, ਦਲਿਤ ਮਹਾਂਸੰਗਠਨ, ਐਸਸੀ ਬੀਸੀ ਕਰਮਚਾਰੀ ਫ਼ੈਡਰੇਸ਼ਨ ਪੰਜਾਬ, ਭੀਮ ਆਰਮੀ, ਸਤਿਗੁਰੂ ਕਬੀਰ ਸਭਾਵਾਂ, ਗੁਰੂ ਰਵਿਦਾਸ ਸਭਾਵਾਂ, ਗੁਰੂ ਨਾਭਾਦਾਸ ਸਭਾਵਾਂ, ਭਗਵਾਨ ਵਾਲਮੀਕਿ ਸਭਾਵਾਂ ਸਹਿਤ ਕਈ ਹੋਰ ਸਭਾਵਾਂ ਨੇ ਭਾਗ ਲਿਆ। ਇਸ ਮੌਕੇ 'ਤੇ ਸ਼ਿਵ ਕੁਮਾਰ, ਰੋਸ਼ਨ ਭਗਤ, ਪ੍ਰੇਮ ਮਜੋਤਰਾ, ਚਮਨ ਲਾਲ ਬੈਂਸ,ਕੇਵਲ ਕ੍ਰਿਸ਼ਨ, ਭਾਗੂ ਰਾਮ, ਸੋਹਣ ਲਾਲ, ਲਖਵਿੰਦਰ ਸਿੰਘ, ਰਵੀ ਕੁਮਾਰ, ਵਿਜੇ ਭਗਤ, ਅਸ਼ੋਕ ਭਗਤ, ਨਰੇਸ਼ ਭਗਤ, ਕੈਪਟਨ ਤਿਲਕ ਭਗਤ, ਸ਼ੰਕਰ ਅੰਬੇਡਕਰੀ, ਸੋਨੂੰ ਮਲਿਕ, ਮੋਹਣ ਸਿੰਘ, ਧਰਮ ਪਾਲ ਭਗਤ, ਸਾਗਰ ਬੈਂਸ, ਕਾਂਸੀ ਰਾਮ ਤਰਸੇਮ ਕੁਮਾਰ, ਕੁਲਦੀਪ ਕੁਮਾਰ, ਸੁਰੇਸ਼ ਸੁਜਾਨਪੁਰ, ਸੋਮ ਰਾਜ, ਮਨੋਹਰ ਭੋਆ, ਮੁਕੇਸ਼ ਭਗਤ, ਰਾਮਧੰਨ ਭਗਤ, ਦਰਸ਼ਨ ਭਗਤ, ਧਰਮਿੰਦਰ ਭਗਤ, ਰਾਮਪਾਲ ਭਗਤ, ਕਰਤਾਰ ਸਰਪੰਚ, ਕਰਨੈਲ ਸਰਪੰਚ, ਸੁਰਿੰਦਰ ਸਰਪੰਚ, ਰਵਿੰਦਰ ਬੋਬੀ ਹਾਜ਼ਰ ਸਨ।

# THE DEATH OF THE AKALI DAL

## Can a new Panthic Party emerge from the ashes?

**Here is a follow up piece on the ongoing political drama surrounding the Akali Dal. In it I have would to offer some suggestions on how in a phoenix like manner how a new party can emerge out of the ashes of the Badal Akali Dal.**

------------------------

**MARKED** a watershed moment in Punjab's political and religious history. On this day, the Akal Takht, the supreme temporal authority of the Sikhs, decisively intervened in the affairs of the Shiromani Akali Dal (SAD), symbolically ending the decades-long dominance of the Badal family over the party and its ideology. The Takht's five Jathedars, in an extraordinary move, summoned SAD's leadership and demanded public atonement for the party's alleged "gunaah" (crimes) committed during its time in power.

At the heart of these accusations lay the party's inability to prevent the sacrilege of the Guru Granth Sahib during its tenure—a failure that deeply hurt Sikh sentiments. Former SAD President Sukhbir Singh Badal bore the brunt of the criticism, but the late patriarch, Parkash Singh Badal, was not spared. The withdrawal of the prestigious Panth Rattan Fakhr-e-Quam title previously conferred upon him underscored the gravity of the Akal Takht's stance.

This public reprimand, coupled with the SAD's years of political mismanagement, corruption allegations, and detachment from grassroots Sikh concerns, has brought the party to the brink of irrelevance. Once the bastion of Panthic values and Punjabi nationalism, the Akali Dal today finds itself at a crossroads.



### The Challenges to Revival

For SAD or any reformed Panthic party to regain its lost stature, it must confront several formidable challenges:

First, there is the issue of erosion of trust amongst the Sikh masses: The Badal family's hold over SAD transformed the party from a movement representing Sikh interests to a power-centric entity embroiled in controversies. The sacrilege incidents, coupled with poor governance, created a chasm between the party and its traditional voter base. Restoring trust will require more than apologies—it demands tangible action and visionary leadership.

Secondly the new party faces intense competition from AAP and Congress. The emergence of the Aam Aadmi Party (AAP) as a dominant political force in Punjab, combined with the Congress's renewed focus on Sikh issues under leaders like Rahul Gandhi, has dramatically reshaped the state's political landscape. Both parties are already capitalizing on the vacuum created by SAD's decline.

ਆਵਾਜ਼ਿ ਕੌਮ AWAZE QAUM International Newspaper & WEB TV

And perhaps the greatest challenge is unifying the many factions that have emerged in the chaos left by the Akali Dal. Internal divisions within Sikh religious and political factions have further weakened the Akali Dal's ability to unify the community. The lack of a cohesive Panthic agenda makes any revival effort significantly harder.

Last, given the shifting demographics, there is the question of how to inculcate broader Punjabi sentiments. SAD's traditional focus on Sikh-centric issues may no longer suffice in a state where non-Sikh voters, particularly Hindus, Dalits and the increasing number of Christian converts, play a crucial role. A narrow Panthic approach risks alienating these key demographics.

### The Path Forward: A New Vision for Punjab

While the odds are stacked against SAD, a resurgence is not entirely out of the question. For this to happen, however, the party—or a new formation—must reinvent itself.

The first priority will be to establish a new leader for a new era. The Akali Dal desperately needs a charismatic leader untainted by past controversies, and one that can hold their own on an international stage. This individual must bridge the generational gap, embody integrity, and inspire both Sikh and non-Sikh voters.

Another challenge is to reconstitute the political project of the new party which must be rooted in a broader nationalism. Building on the widespread alienation with the centrist policies of the BJP, The new party's future lies in championing a Panjabi nationalist agenda that resonates across communities. Given the inclusive and broadly secular nature of Sikh philosophy, combining a Panthic agenda and a Panjabi nationalist agenda is perfectly possible. A modernized version of the Anandpur Sahib Resolution, focusing on religious freedom, federalism, human rights, social justice, and anti-Hindutva sentiment, could provide a fresh ideological framework.

The now defunct Akali Dal always prided itself as being a pro-farmer party. The issue of rights and economic justice for Punjab's farmers remain at the heart of the state's socio-economic fabric. Building on the momentum of the 2020-21 farmers' protests, a Panthic party could reclaim relevance by advocating for agrarian reforms, fair pricing, and environmental sustainability.

If there is one issue that united the people, that is governance and corruption. A new party will need to institute social and institutional reforms on a radical scale. Indeed, one of the many failures of the AAP has been on the issue of corruption, which was one of their main manifesto pledges. To regain moral authority, any future Panthic party must prioritize transparency, accountability, and democratic functioning within its ranks. Partnering with civil society organizations to address issues like drug addiction, unemployment, and caste discrimination could help rebuild public trust.

### The Road Ahead

The fall of the Badal dynasty offers a unique opportunity for introspection and reinvention. The Akali Dal, once a torchbearer of Sikh and Punjabi aspirations, can either fade into obscurity or rise phoenix-like from the ashes of its past mistakes. Whether this resurgence comes from a reformed Akali Dal or a completely new Panthic movement, one thing is clear: it must move beyond narrow sectarianism and embrace a broader, inclusive vision for Punjab. This vision must honor the state's pluralistic heritage while addressing the socio-economic challenges of the present.

The call for forgiveness issued by the Akal Takht is both a rebuke and a chance for redemption.

Only time will tell if Punjab's Panthic leadership has the humility to seek forgiveness and the courage to rebuild.

**GURNAM SINGH is an academic activist dedicated to human rights, liberty, equality, social and environmental justice. He is an Associate Professor of Sociology at University of Warwick, UK. He can be contacted at Gurnam.singh.1@warwick.ac.uk**



**-Dr. Gurnam Singh**

# ਬਾਬਾ ਸ਼੍ਰੀ ਚੰਦ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਚੂਹੜ ਚੱਕ ਵਿਖੇ ਮਨਾਇਆ ਗਿਆ ਸਲਾਨਾ ਸਮਾਗਮ





**ਪਠਾਨਕੋਟ, 24 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਬਾਬਾ ਸ਼੍ਰੀ ਚੰਦ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਚੂਹੜ ਚੱਕ ਲੋਧਾ ਦੀਨਾਨਗਰ ਵਿਖੇ ਸਲਾਨਾ ਅਤੇ ਇਨਾਮ ਵੰਡ ਸਮਾਗਮ ਪ੍ਰਿੰਸੀਪਲ ਮੈਡਮ ਰੀਨਾ ਸਰਮਾਲ ਦੀ ਅਗਵਾਈ ਹੇਠ ਹੋਇਆ। ਜਿਸ ਵਿੱਚ ਜ਼ਿਲ੍ਹਾ ਮੈਨੇਜਰ ਪੰਜਾਬ ਸਕੂਲ ਸਿੱਖਿਆ ਬੋਰਡ ਗੁਰਦਾਸਪੁਰ ਡਾਕਟਰ ਸਕੱਤਰ ਸਿੰਘ ਧਾਲੀਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਿਤ ਕੀਤੀ। ਇਸ ਸਮਾਗਮ ਦੌਰਾਨ ਸਕੂਲੀ ਬੱਚਿਆਂ ਵੱਲੋਂ ਰੰਗਾ ਰੰਗ ਪ੍ਰੋਗਰਾਮ ਪੇਸ਼ ਕਰਕੇ ਸਰੋਤਿਆਂ ਦਾ ਮਨ ਮੋਹ ਲਿਆ। ਪ੍ਰਿੰਸੀਪਲ ਮੈਡਮ ਰੀਨਾ ਸਰਮਾਲ ਜੀ ਨੇ ਆਪਣੇ ਸਕੂਲ ਦਾ ਸਾਲਾਨਾ ਰਿਪੋਰਟ ਪੇਸ਼ ਕੀਤਾ ਉਹਨਾਂ ਦੱਸਿਆ ਕਿ ਸਕੂਲ ਦੀਆਂ ਬੋਰਡ ਕਲਾਸਾਂ ਦਾ ਨਤੀਜਾ 100 ਫਸੀਦੀ ਰਹਿੰਦਾ ਹੈ।ਜਦ ਕਿ ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੁੰਦੇ ਹਨ।ਮੁੱਖ ਮਹਿਮਾਨ ਡਾਕਟਰ ਸਕੱਤਰ ਸਿੰਘ ਨੇ ਕਿਹਾ ਕਿ ਇਹ ਸਕੂਲ ਵਿਦਿਆਰਥੀ ਇਸ ਇਲਾਕੇ ਅੰਦਰ ਸਭ ਤੋਂ ਘੱਟ ਖਰਚੇ ਅਤੇ ਚੰਗੀ ਪੜ੍ਹਾਈ ਕਰਵਾਉਣ ਤੋਂ ਇਲਾਵਾ ਨੈਤਿਕ ਸਿੱਖਿਆ ਸਮੇਤ ਵੱਖ ਵੱਖ ਖੇਤਰਾਂ ਵਿੱਚ ਵੱਡੀਆਂ ਉਪਲੱਬਧੀਆਂ ਹਾਸਲ ਕਰਦੇ ਆ ਰਹੇ ਹਨ। ਇਹ ਸਕੂਲ ਸਿੱਖਿਆ ਦੇ ਖੇਤਰ ਵਿਚ ਆਪਣੀ ਵਿਲੱਖਣ ਪਛਾਣ ਬਣਾ ਰਿਹਾ ਹੈ ਉਹਨਾਂ ਤੋਂ ਇਲਾਵਾ ਅਦਰਸ਼ ਬਿਰਧ ਆਸ਼ਰਮ ਝਾਖੋਲਾੜੀ ਤੋਂ ਸੁਪਰਡੈਂਟ ਅੰਜਲੀ ਸ਼ਰਮਾ ਨੇ ਸੰਬੋਧਨ ਕੀਤਾ ਅਤੇ ਵਿਦਿਆਰਥੀਆਂ ਨੂੰ ਆਪਣੇ ਮਾਤਾ ਪਿਤਾ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ ਇਸ ਤੋਂ ਇਲਾਵਾ ਐਮ.ਡੀ ਸਰਦਾਰ ਸਤਨਾਮ ਸਿੰਘ ਨੇ ਆਪਣੇ ਕੁਝ ਵਿਚਾਰ ਸਾਂਝੇ ਕੀਤੇ।ਜਿਸ ਵਿੱਚ ਫੋਨ ਦੀ ਦੁਰਵਰਤੋਂ ਬਾਰੇ ਦੱਸਿਆ। ਫਿਰ ਉਪ ਪ੍ਰਿੰਸੀਪਲ ਅਸ਼ਵਨੀ ਕੁਮਾਰ ਜੀ ਨੇ ਸਾਰੇ ਆਏ ਹੋਏ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਹਨਾਂ ਤੋਂ ਇਲਾਵਾ ਅਦਰਸ਼ ਸੋਸ਼ਲ ਵੈਲਫੇਅਰ ਐਂਡ ਐਜੂਕੇਸ਼ਨਲ ਸੁਸਾਇਟੀ ਦੇ ਕੋਆਰਡੀਨੇਟਰ ਮੈਡਮ ਇੰਦਰਜੀਤ ਕੌਰ ਵੱਲੋਂ ਆਪਣੀ ਸੋਸਾਇਟੀ ਵੱਲੋਂ ਕਰਵਾਏ ਜਾ ਰਹੇ ਕੰਮਾਂ ਬਾਰੇ ਦੱਸਿਆ ਇਸ ਸਮੁੱਚੇ ਸਮਾਗਮ ਦੌਰਾਨ ਸਟੇਜ ਭੂਮਿਕਾ ਸ਼ਾਲਣੀ ਮੈਡਮ ਵਲੋ ਬੇਖੂਬੀ ਨਿਭਾਈ ਗਈ। ਇਸ ਮੌਕੇ ਤੇ ਡੀ.ਐਸ.ਪੀ ਸਰਦਾਰ ਗੁਰਦੀਪ ਸਿੰਘ ਮੌਜੂਦਾ ਸਰਪੰਚ ਚੂਹੜ ਚੱਕ, ਨਿਆਮਤਾ ਸਰਪੰਚ ਵਿਜੇ ਲਕਸ਼ਮੀ, ਸਮਾਜ ਸੇਵੀ ਬੱਬੀ ਨਿਆਮਤਾ, ਸਰਦਾਰ ਕਰਨੈਲ ਸਿੰਘ, ਸ਼੍ਰੀਮਤੀ ਸਰਬਜੀਤ ਕੌਰ, ਅਮਨਦੀਪ , ਵਿਕਾਸ ਬੈਂਸ, ਗੁਰਜਿੰਦਰ ਕੌਰ, ਕ੍ਰਿਸ਼ਨਾ ਦੇਵੀ, ਕਮਲਜੀਤ, ਕਾਜਲ ਸਲਾਰੀਆ, ਸੁਰੇਖਾ, ਪਲਵੀ, ਕਾਜਲ, ਨੇਹਾ, ਵਿਜੇ ਕੁਮਾਰ, ਸ੍ਰਿਸ਼ਟਾ, ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਬ੍ਰਹਮ ਗਿਆਨੀ ਮਹਾਪੁਰਸ਼ ਸ੍ਰੀਮਾਨ

# ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਦੀ 20 ਵੀਂ ਬਰਸੀ ਮਨਾਈ

## ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਮਹਾਪੁਰਸ਼ਾਂ ਨੇ ਆਪ ਸੰਗਤਾਂ ਨੂੰ ਆਏ ਹੋਏ ਹੁਕਮਨਾਮੇ ਅਤੇ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਜੀਵਨੀ ਬਾਰੇ ਕਥਾ ਵਿਚਾਰਾਂ ਸਰਵਣ ਕਰਵਾਈਆਂ

























**ਚੌਕ ਮਹਿਤਾ, 24 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )-** ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪਰਕਾਸ਼ ਮਹਿਤਾ ਵਿੱਖੇ, ਦਮਦਮੀ ਟਕਸਾਲ ਦੇ 15 ਵੇਂ ਮੁੱਖੀ ਬ੍ਰਹਮ ਗਿਆਨੀ ਮਹਾਪੁਰਸ਼ ਸ੍ਰੀ ਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ 20 ਵੀਂ ਬਰਸੀ ਅੱਜ 24 ਦਸੰਬਰ 2024 ਦਿਨ ਮੰਗਲਵਾਰ ਨੂੰ ਬੜੀ ਸਰਧਾ ਭਾਵਨਾ ਨਾਲ ਮਨਾਈ ਗਈ ਜਿਸ ਦੌਰਾਨ ਆਰੰਭ ਕੀਤੇ ਗਏ ਸ੍ਰੀ ਆਖੰਡ ਸਾਹਿਬ ਜੀ ਦੀ ਲੜੀ ਦੇ ਭੋਗ ਪਾਏਗੇ, ਉਪਰੰਤ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਮਹਾਪੁਰਸ਼ਾਂ ਨੇ ਆਪ ਸੰਗਤਾਂ ਨੂੰ ਆਏ ਹੋਏ ਹੁਕਮਨਾਮੇ ਅਤੇ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਜੀਵਨੀ ਬਾਰੇ ਕਥਾ ਵਿਚਾਰਾਂ ਸਰਵਣ ਕਰਵਾਈਆਂ ਗਈਆਂ ।ਇਸ ਮੌਕੇ ਤੇ ਵਿਸੇਸ਼ ਤੌਰ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦਰਬਾਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਪਲਵਿੰਦਰਪਾਲ ਸਿੰਘ ਬੁੱਟਰ ਜੀ ਨੇ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਦੀ ਜੀਵਨੀ ਬਾਰੇ ਚਾਨਣਾ ਪਾਇਆ ਗਿਆ ।ਉਪਰੰਤ ਦਮਦਮੀ ਟਕਸਾਲ ਦੇ ਹਜੂਰੀ ਰਾਗੀ ਭਾਈ ਲਵਪਰੀਤ ਸਿੰਘ, ਰਾਗੀ ਭਾਈ ਗੁਰਲਾਲ ਸਿੰਘ, ਰਾਗੀ ਸਤਿਨਾਮ ਸਿੰਘ, ਰਾਗੀ ਭਾਈ ਅੰਮ੍ਰਿਤਪਾਲ ਸਿੰਘ ਜਥਿਆਂ ਨੇ ਗੁਰਬਾਣੀ ਦੇ ਪਵਿੱਤਰ ਪਾਵਨ ਕੀਰਤਨ ਸੰਗਤਾਂ ਨੂੰ ਸਰਵਨ ਕਰਵਾਇਆ। ਇਸ ਮੌਕੇ ਤੇ ਹਜੂਰੀ ਜੱਥਾ ਸ੍ਰੀ ਅਕਾਲ ਤਖਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਦੇ ਇੰਟਰਨੈਸ਼ਨਲ ਢਾਡੀ ਜੱਥਾ ਭਾਈ ਜਸਬੀਰ ਸਿੰਘ ਮੋਹਲੇਕੇ ਵਾਲਿਆਂ ਨੇ ਗੁਰੂ ਇਤਿਹਾਸ ਸੰਗਤਾਂ ਨੂੰ ਸਰਵਨ ਕਰਵਾਇਆ ਗਿਆ। ਇਸ ਮੌਕੇ ਤੇ ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ ਟਾਹਲੀ ਸਾਹਿਬ ਵਾਲੇ ਸੰਤ ਬਾਬਾ ਲਖਬੀਰ ਸਿੰਘ ਭੰਗਾਲੀ ਟਾਹਲੀ ਸਾਹਿਬ ਵਾਲੇ, ਗਿਆਨੀ ਮਲਕੀਅਤ ਸਿੰਘ ਜੱਬੋਵਾਲ,ਸੰਤ ਬਾਬਾ ਮੇਜਰ ਸਿੰਘ ਸੋਢੀ ਦਸਮੇਸ਼ ਤਰਨਾ ਦੱਲ ਵਾਲੇ ਭਾਈ ਅਜੈਬ ਸਿੰਘ ਅਭਿਆਸੀ, ਦਮਦਮੀ ਟਕਸਾਲ ਦੇ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ ਸ੍ਰੀ ਆਨੰਦਪੁਰ ਸਾਹਿਬ ਵਾਲੇ, ਜਥੇਦਾਰ ਅਜੀਤ ਸਿੰਘ ਕਰਨਾ ਦੱਲ ਮਹਿਤਾ ਵਾਲੇ, ਜਥੇਦਾਰ ਭਾਈ ਬੋਹੜ ਸਿੰਘ, ਡਾ, ਅਵਤਾਰ ਸਿੰਘ ਬੁੱਟਰ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ਦਮਦਮੀ ਟਕਸਾਲ ਦੇ ਹੈਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ, ਭਾਈ ਗੁਰਕਿਰਪਾ ਸਿੰਘ,ਜਥੇਦਾਰ ਗੁਰਪ੍ਰੀਤ ਸਿੰਘ ਵੈਦ, ਜਥੇਦਾਰ ਤਿਰਲੋਚਨ ਸਿੰਘ,ਭਾਈ ਸਤਨਾਮ ਸਿੰਘ,ਸਾਬਕਾ ਚੇਅਰਮੈਨ ਕਸ਼ਮੀਰ ਸਿੰਘ ਸਰਪੰਚ,ਪੂਰਨ ਸਿੰਘ ਜਲਾਲਾਬਾਦ ,ਭਾਈ ਤਰਸੇਮ ਸਿੰਘ ਭਿੰਡਰ ਕਲਾ, ਭਾਈ ਸੁਖਰਾਜ ਸਿੰਘ ਇੰਗਲੈਂਡ,ਜਥੇਦਾਰ ਨਿਰਵੈਰ ਸਿੰਘ ਭਾਈ ਦਿਲਜੀਤ ਸਿੰਘ ਇੰਗਲੈਂਡ,ਬਾਬਾ ਕਿਰਪਾ ਸਿੰਘ,ਬਾਬਾ ਸੁਲਖਣ ਸਿੰਘ ਮੁਰਾਦਪੁਰ,ਜਥੇਦਾਰ ਬਸੰਤ ਸਿੰਘ ਵਡਾਲਾ ਗਰੰਥੀਆਂ, ਜਥੇਦਾਰ ਭੁਪਿੰਦਰ ਸਿੰਘ ਕਾਹਲਵਾਂ,ਭਾਈ ਸੁਰਜੀਤ ਸਿੰਘ ਢੱਪਈ,ਭਾਈ ਗੁਰਦੇਵ ਸਿੰਘ ਬਡਾਣਾ, ਸੰਤ ਬਾਬਾ ਸਤਿੰਦਰ ਸਿੰਘ ਮੁਕੇਰੀਆਂ, ਸਾਬਕਾ ਡੀ ਪੀ ਐਸ ਪੀ ਕੁਲਵੰਤ ਸਿੰਘ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ, ਸਮਸੇਰ ਸਿੰਘ ਜੇਠੂਵਾਲ,ਬਾਬਾ ਮੋਹਨ ਸਿੰਘ,ਅਤੇ ਬੇਅੰਤ ਮਹਾਪੁਰਸ਼, ਨਿਹੰਗ ਸਿੰਘ, ਦੇਸਾ ਵਿਦੇਸਾ ਦੀਆਂ ਸੰਗਤਾਂ ਹਾਜਰੀ ਭਰੀਆਂ ।ਇਸ ਮੌਕੇ ਤੇ ਕੇ ਡੀ ਹਸਪਤਾਲ ਅੰਮ੍ਰਿਤਸਰ ਵੱਲੋਂ ਖ਼ੂਨ ਦਾਨ ਕੈਂਪ ਵੀ ਲਾਇਆ ਗਿਆ। ••

ਆਵਾਜ਼ਿ ਕੌਮ AWAZE QAUM International Newspaper & WEB TV

ਦਿੱਲੀ ਕਮੇਟੀ ਅਧੀਨ ਚਲਦੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਵਿਦਿਆਰਥੀਆਂ 'ਤੇ ਸਟਾਫ ਨੇ

# ਮਾਤਾ ਗੁਜਰੀ ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਭੇਂਟ ਕੀਤੀ ਸ਼ਰਧਾਂਜਲੀ




ਨਵੀਂ ਦਿੱਲੀ, 24 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚਲਦੇ 13 ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਵਿਦਿਆਰਥੀਆਂ ਤੇ ਸਟਾਫ ਨੇ ਮਾਤਾ ਗੁਜਰੀ ਜੀ ਤੇ ਛੋਟੇ ਸਾਹਿਬਜ਼ਾਦਿਆਂ ਨੂੰ ਇਕੋ ਸਮੇਂ ਸ਼ਰਧਾ ਦੇ ਫੁੱਲ ਭੇਂਟ ਕਰ ਕੇ ਨਵਾਂ ਰਿਕਾਰਡ ਸਥਾਪਿਤ ਕੀਤਾ। ਇਸ ਬਾਰੇ ਜਾਣਕਾਰੀ ਦਿੰਦਿਆਂ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਤੇ ਧਰਮ ਪ੍ਰਚਾਰ ਕਮੇਟੀ ਦੇ ਮੁਖੀ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਇਹ ਪ੍ਰੋਗਰਾਮ ਸਾਰੇ ਸਕੂਲਾਂ ਵਿਚ ਸਵੇਰੇ 11.00 ਵਜੇ ਇਕੋ ਸਮੇਂ ਰੱਖਿਆ ਗਿਆ ਸੀ ਜਿਸਦਾ ਇੰਚਾਰਜ ਕਮੇਟੀ ਮੈਂਬਰ ਸਰਦਾਰ ਪਰਵਿੰਦਰ ਸਿੰਘ ਲੱਕੀ ਨੂੰ ਬਣਾਇਆ ਗਿਆ ਸੀ। ਉਹਨਾਂ ਕਿਹਾ ਕਿ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਤੇ ਸਟਾਫ ਨੇ ਸ਼ਬਦ 'ਵਾਟਾ ਲੰਮੀਆਂ ਤੇ ਰਸਤਾ ਪਹਾੜ ਦਾ' ਦਾ ਇਕੋ ਸਮੇਂ ਗਾਇਨ ਕੀਤਾ। ਉਹਨਾਂ ਕਿਹਾ ਕਿ ਇਸ ਪ੍ਰੋਗਰਾਮ ਦਾ ਮਕਸਦ ਵਿਦਿਆਰਥੀਆਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੇ ਅਮੀਰ ਇਤਿਹਾਸ ਤੋਂ ਜਾਣੂ ਕਰਵਾਉਣਾ ਤੇ ਵਿਦਿਆਰਥੀਆਂ ਵਿਚ ਪ੍ਰੇਰਨਾ, ਉਤਸ਼ਾਹ, ਹੌਂਸਲਾ, ਦਲੇਰੀ ਤੇ ਬਹਾਦਰੀ ਦੀ ਭਾਵਨਾ ਪੈਦਾ ਕਰਨਾ ਸੀ। ਉਹਨਾਂ ਕਿਹਾ ਕਿ ਇਹ ਪ੍ਰੋਗਰਾਮ ਬਹੁਤ ਹੀ ਸਫਲ ਸਾਬਤ ਹੋਇਆ ਹੈ ਜੋ ਦਿੱਲੀ ਗੁਰਦੁਆਰਾ ਕਮੇਟੀ ਤੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਇਤਿਹਾਸ ਵਿਚ ਪਹਿਲੀ ਵਾਰ ਹੋਇਆ ਹੈ। ਉਹਨਾਂ ਕਿਹਾ ਕਿ ਭਵਿੱਖ ਵਿਚ ਵੀ ਅਜਿਹੇ ਉਪਰਾਲੇ ਜਾਰੀ ਰੱਖੇ ਜਾਣਗੇ।

ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਚੌਂਕ ਦਰਬਾਰ ਸਾਹਿਬ ਵਲੋਂ

# ਹਫਤਾਵਾਰੀ ਦੀਵਾਨ ਗੁਰਦੁਆਰਾ ਪੂਹਲਾ ਸਾਹਿਬ ਵਿਖੇ ਸਜਾਏ ਗਏ

ਚੌਂਕ ਮਹਿਤਾ 24 ਦਸੰਬਰ( ਬਾਬਾ ਸੁਖਵੰਤ ਸਿੰਘ ਚੰਨਣਕੇ) ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਚੌਂਕ ਦਰਬਾਰ ਸਾਹਿਬ ਵਲੋਂ ਹਫਤਾਵਾਰੀ ਧਾਰਮਿਕ ਦੀਵਾਨ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਗੁਰਦੁਆਰਾ ਪੂਹਲਾ ਸਾਹਿਬ ਵਿਖੇ ਸਜਾਏ ਗਏ। ਭਾਈ ਰਮਿੰਦਰ ਸਿੰਘ ਚੋਪੜਾ ਤੋਂ ਪ੍ਰਾਪਤ ਜਾਣਕਾਰੀ ਸੁਸਾਇਟੀ ਦੇ ਸੰਮੂਹ ਮੈਂਬਰਾਂ ਦਾ ਜੱਥਾ ਵਿਸ਼ੇਸ਼ ਬੱਸ ਰਾਹੀਂ ਗੁਰਦੁਆਰਾ ਸ੍ਰੀ ਗੁਰੂ ਨਾਨਕ ਸਿੰਘ ਸਭਾ ਸੁਲਤਾਨ ਵਿੰਡ ਰੋਡ ਤੋਂ ਬਾਬਾ ਦੀਪ ਸਿੰਘ ਜੀ ਦੇ ਜਨਮ ਅਸਥਾਨ ਗੁਰਦੁਆਰਾ ਪਹੂਵਿੰਡ ਦੇ ਨਾਲ ਲਗਦੇ ਇਤਿਹਾਸਿਕ ਅਸਥਾਨਾਂ ਦੇ ਦਰਸ਼ਣਾਂ ਸਿੰਘ ਲਈ ਅਕਾਸ਼ ਗੁੰਜਾਊ ਜੈਕਾਰਿਆਂ ਨਾਲ ਸ਼ਬਦ ਕੀਰਤਨ, ਸਤਿਨਾਮ ਸ਼੍ਰੀ ਵਾਹਿਗੁਰੂ ਜੀ, ਸਤਿਨਾਮ ਸ਼੍ਰੀ ਵਾਹਿਗੁਰੂ ਜੀ ਦੇ ਜਾਪ ਕਰਦਾਂ ਹੋਇਆ ਰਵਾਨਾ-ਵੱਖ ਜੱਥਿਆਂ ਨੇ ਗੁਰਬਾਣੀ ਦੇ ਰਸਭਿੰਨੇ ਕੀਰਤਨ ਦੀ ਛਹਿਬਰਰ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਉਪਰੰਤ ਨੇੜਲੇ ਵੱਖ-ਵੱਖ ਅਸਥਾਨਾਂ ਦੇ ਦਰਸ਼ਨ ਕਰਨ ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਪੁੱਜਾ।



ਨੰਗਲੀ ਅਕੈਡਮਿਕ ਪਬਲਿਕ ਸਕੂਲ ਗੁਰਦਾਸਪੁਰ ਵਿਖੇ

# ਵਿਦਿਆਰਥੀਆਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਅਤੇ ਟਰੈਫ਼ਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 24 ਦਸੰਬਰ ਕੁਲਜੀਤ ਸਿੰਘ ਖੋਖਰ** -ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ ਦੀ ਸਕੱਤਰ ਸ੍ਰੀਮਤੀ ਰਮਨੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਦੇ ਪੈਨਲ ਐਡਵੋਕੇਟ ਅਤੇ ਜ਼ਿਲ੍ਹਾ ਪੁਲਿਸ ਗੁਰਦਾਸਪੁਰ ਦੇ ਟਰੈਫ਼ਿਕ ਐਜੂਕੇਸ਼ਨ ਸੈੱਲ ਵੱਲੋਂ ਅੱਜ ਨੰਗਲੀ ਅਕੈਡਮਿਕ ਪਬਲਿਕ ਸਕੂਲ, ਗੁਰਦਾਸਪੁਰ ਵਿਖੇ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ।

ਸੈਮੀਨਾਰ ਦੌਰਾਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ ਦੇ ਪੈਨਲਿਸਟ ਵਕੀਲਾਂ ਵੱਲੋਂ ਵਿਦਿਆਰਥੀਆਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਅਤੇ ਲੋਕ ਅਦਾਲਤਾਂ ਬਾਰੇ ਵਿਸਥਾਰ ਵਿੱਚ ਦੱਸਿਆ ਗਿਆ। ਇਸ ਮੌਕੇ ਟਰੈਫ਼ਿਕ ਐਜੂਕੇਸ਼ਨ ਸੈੱਲ ਦੇ ਨੁਮਾਇੰਦੇ ਏ.ਐੱਸ.ਆਈ ਅਮਨਦੀਪ ਸਿੰਘ ਅਤੇ ਏ.ਐੱਸ.ਆਈ. ਸੰਜੀਵ ਕੁਮਾਰ ਨੇ ਵਿਦਿਆਰਥੀਆਂ ਨੂੰ ਆਵਾਜਾਈ ਨਿਯਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਵਾਹਨਾਂ ਦੇ ਸਾਰੇ ਕਾਗ.ਜ਼ਾਤ ਪੂਰੇ ਰੱਖਣੇ ਚਾਹੀਦੇ ਹਨ ਅਤੇ ਬਿਨਾਂ ਡਰਾਈਵਿੰਗ ਲਾਇਸੈਂਸ ਤੋਂ ਕੋਈ ਵਾਹਨ ਨਾ ਚਲਾਇਆ ਜਾਵੇ। ਉਨ੍ਹਾਂ ਕਿਹਾ ਦੋ ਪਹੀਆ ਵਾਹਨ ਚਲਾਉਣ ਸਮੇਂ ਹੈਲਮਟ ਜ਼ਰੂਰ ਪਹਿਨਿਆ ਜਾਵੇ ਅਤੇ ਚਾਰ ਪਹੀਆ ਵਾਹਨ ਵਿੱਚ ਸੀਟ ਬੈਲਟ ਜ਼ਰੂਰ ਲਗਾਈ ਜਾਵੇ। ਉਨ੍ਹਾਂ ਕਿਹਾ ਕਿ ਨਸ਼ਾ ਕਰਕੇ ਡਰਾਈਵਿੰਗ ਬਿਲਕੁਲ ਨਹੀਂ ਕਰਨੀ ਚਾਹੀਦੀ ਅਤੇ ਨਾ ਹੀ ਵਾਹਨ ਚਲਾਉਂਦੇ ਸਮੇਂ ਮੋਬਾਈਲ ਫ਼ੋਨ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਧੁੰਦ ਦੌਰਾਨ ਵਾਹਨ ਚਲਾਉਂਦੇ ਸਮੇਂ ਹੋਰ ਵੀ ਸਾਵਧਾਨੀ ਵਰਤੀ ਜਾਵੇ। ਇਸ ਦੌਰਾਨ ਉਨ੍ਹਾਂ ਪੰਜਾਬ ਪੁਲਿਸ ਦੀ ਹੈਲਪ ਲਾਈਨ ਨੰਬਰ 112 ਅਤੇ ਸਾਈਬਰ ਕ੍ਰਾਈਮ ਸਬੰਧੀ ਹੈਲਪ ਲਾਈਨ ਨੰਬਰ 1930 ਬਾਰੇ ਵੀ ਦੱਸਿਆ। ਉਨ੍ਹਾਂ ਵਿਦਿਆਰਥੀਆਂ ਨੂੰ ਇਸ ਗੱਲ ਲਈ ਵੀ ਪ੍ਰੇਰਿਤ ਕੀਤਾ ਕਿ ਉਹ ਪਤੰਗਬਾਜ਼ੀ ਲਈ ਸਿੰਥੈਟਿਕ ਡੋਰ (ਚਾਈਨਾ ਡੋਰ) ਦੀ ਵਰਤੋਂ ਬਿਲਕੁਲ ਨਾ ਕਰਨ।

ਇਸ ਮੌਕੇ ਨੰਗਲੀ ਅਕੈਡਮਿਕ ਪਬਲਿਕ ਸਕੂਲ ਗੁਰਦਾਸਪੁਰ ਦੀ ਪ੍ਰਿੰਸੀਪਲ ਸ੍ਰੀਮਤੀ ਸ਼ਿਖਾ ਮਦਨ ਨੇ ਇਹ ਸੈਮੀਨਾਰ ਲਗਾਉਣ ਲਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਅਤੇ ਟਰੈਫ਼ਿਕ ਐਜੂਕੇਸ਼ਨ ਸੈੱਲ ਗੁਰਦਾਸਪੁਰ ਦਾ ਧੰਨਵਾਦ ਕੀਤਾ।

# ਜਾਰਜੀਆ ਹਾਦਸੇ 'ਚ ਮਰਨ ਵਾਲਿਆਂ 'ਚੋਂ 4 ਦੇ ਮ੍ਰਿਤਕ ਸਰੀਰ ਭਾਰਤ ਪੁੱਜੇ, ਸਰਬੱਤ ਦਾ ਭਲਾ ਟਰੱਸਟ ਨੇ ਆਪਣੀਆਂ ਐਂਬੂਲੈਂਸਾਂ ਰਾਹੀਂ ਮ੍ਰਿਤਕ ਸਰੀਰ ਘਰਾਂ ਤੱਕ ਭੇਜੇ



**ਚੌਂਕ ਮਹਿਤਾ, 24 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ ਦਿਨੀਂ ਜਾਰਜੀਆ 'ਚ ਹੋਏ ਇੱਕ ਦਰਦਨਾਕ ਹਾਦਸੇ 'ਚ ਮਾਰੇ ਗਏ 11 ਪੰਜਾਬੀ ਨੌਜਵਾਨਾਂ 'ਚੋਂ 4 ਦੇ ਮ੍ਰਿਤਕ ਸਰੀਰ ਅੱਜ ਗੁਰੂ ਰਾਮਦਾਸ ਕੌਮਾਂਤਰੀ ਹਵਾਈ ਅੱਡਾ ਰਾਜਾਸਾਂਸੀ ਵਿਖੇ ਪਹੁੰਚੇ। ਜਿਨ੍ਹਾਂ ਨੂੰ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾ.ਐਸ.ਪੀ.ਸਿੰਘ ਉਬਰਾਏ ਵੱਲੋਂ ਭੇਜੀਆਂ ਗਈਆਂ ਐਂਬੂਲੈਂਸਾਂ ਰਾਹੀਂ ਉਨ੍ਹਾਂ ਦੇ ਘਰਾਂ ਨੂੰ ਭੇਜਿਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਉੱਘੇ ਸਮਾਜ ਸੇਵੀ ਡਾ.ਐਸ.ਪੀ.ਸਿੰਘ ਉਬਰਾਏ ਨੇ ਦੱਸਿਆ ਕਿ ਕੇਂਦਰ ਸਰਕਾਰ ਦੇ ਵਿਦੇਸ਼ ਮੰਤਰਾਲੇ ਦੇ ਯਤਨਾਂ ਸਦਕਾ ਜਾਰਜੀਆ ਹਾਦਸੇ 'ਚ ਮਾਰੇ ਗਏ 11 ਪੰਜਾਬੀ ਨੌਜਵਾਨਾਂ 'ਚੋਂ 4 ਨੌਜਵਾਨ ਜਿਨ੍ਹਾਂ 'ਚ ਨਨਾਣ/ਭਰਜਾਈ ਅਮਰਿੰਦਰ ਕੌਰ ਤੇ ਮਨਿੰਦਰ ਕੌਰ ਤੋਂ ਇਲਾਵਾ ਗਗਨਦੀਪ ਸਿੰਘ ਤੇ ਵਰਿੰਦਰ ਸਿੰਘ ਸ਼ਾਮਲ ਸਨ ਦੇ ਮ੍ਰਿਤਕ ਸਰੀਰ ਹਵਾਈ ਅੱਡਾ ਰਾਜਾਸਾਂਸੀ ਵਿਖੇ ਪਹੁੰਚੇ ਹਨ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਉਨ੍ਹਾਂ ਵੱਲੋਂ ਭੇਜੇ ਗਏ ਟਰੱਸਟ ਦੇ ਪੰਜਾਬ ਪ੍ਰਧਾਨ ਸੁਖਜਿੰਦਰ ਸਿੰਘ ਹੇਰ, ਜਲ੍ਹਿਾ ਪ੍ਰਧਾਨ ਸਿਸ਼ਪਾਲ ਸਿੰਘ ਲਾਡੀ, ਜਲ੍ਹਿਾ ਜਨਰਲ ਸਕੱਤਰ ਮਨਪ੍ਰੀਤ ਸਿੰਘ ਸੰਧੂ ਤੇ ਖ਼ਜ਼ਾਨਚੀ ਨਵਜੀਤ ਸਿੰਘ ਘਈ ਅਤੇ ਪ੍ਰਧਾਨ ਗੋਕਲ ਚੰਦ ਮੋਗਾ ਵੱਲੋਂ ਜਿੱਥੇ ਹਵਾਈ ਅੱਡੇ ਤੇ ਜਾ ਕੇ ਜਿੱਥੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ ਉੱਥੇ ਹੀ ਟਰੱਸਟ ਵੱਲੋਂ ਭੇਜੀਆਂ ਗਈਆਂ ਐਂਬੂਲੈਂਸਾਂ ਰਾਹੀਂ ਸਾਰੇ ਮ੍ਰਿਤਕ ਸਰੀਰ ਉਨ੍ਹਾਂ ਦੇ ਘਰਾਂ ਤੱਕ ਭੇਜੇ ਗਏ ਹਨ। ਡਾ. ਐਸ.ਪੀ.ਸਿੰਘ ਉਬਰਾਏ ਨੇ ਮੁੜ ਦੱਸਿਆ ਕਿ ਉਨ੍ਹਾਂ ਆਪਣੀਆਂ ਜਲ੍ਹਿਾ ਟੀਮਾਂ ਰਾਹੀਂ ਸਬੰਧਿਤ ਪੀੜ੍ਹਤ ਪਰਿਵਾਰਾਂ ਨਾਲ ਲਗਾਤਾਰ ਰਾਬਤਾ ਰੱਖਿਆ ਹੋਇਆ ਹੈ ਅਤੇ ਜਲਦ ਹੀ ਪੀੜ੍ਹਤ ਪਰਿਵਾਰਾਂ ਦੀ ਆਰਥਿਕ ਸਥਿਤੀ ਮੁਤਾਬਕ ਉਨ੍ਹਾਂ ਲਈ ਢੁੱਕਵੀਂ ਮਹੀਨੇਵਾਰ ਪੈਨਸ਼ਨ ਤੋਂ ਇਲਾਵਾ ਉਨ੍ਹਾਂ ਦੇ ਖਸਤਾ ਹਾਲ ਘਰਾਂ ਨੂੰ ਮੌਕੇ ਅਨੁਸਾਰ ਨਵੇਂ ਬਣਾਉਣ ਜਾਂ ਮੁਰੰਮਤ ਕਰਨ ਆਦਿ ਲਈ ਮਦਦ ਕੀਤੀ ਜਾਵੇਗੀ।

# ਜਥੇਦਾਰ ਦਾਦੂਵਾਲ ਜੀ ਗੁਰੂ ਕੇ ਵਜ਼ੀਰਾਂ, ਰਾਗੀ, ਢਾਡੀ ਤੇ ਕਥਾਵਾਚਕਾ ਦਾ ਦਿਲੋਂ ਕਰਦੇ ਨੇ ਸਤਿਕਾਰ -ਢਾਡੀ ਮਾਨ ਪੰਥ ਬੁੱਢਾ ਦਲ 96 ਕਰੋੜੀ

## ਜਥੇਦਾਰ ਦਾਦੂਵਾਲ ਜੀ ਨੂੰ ਹਮੇਸ਼ਾ ਗੁਰੂ ਕੇ ਵਜ਼ੀਰਾਂ ਨਾਲ ਹਲੀਮੀ ਚ ਗੱਲ ਕਰਦੇ ਵੇਖਿਆ

ਅੱਜ (ਢਾਡੀ ਜਸਵੀਰ ਸਿੰਘ ਮਾਨ) ਢਾਡੀ ਮਾਨ ਪੰਥ ਬੁੱਢਾ ਦਲ 96 ਕਰੋੜੀ ਜੀ ਨੇ ਦਾਸ ਨਾਲ ਫੋਨ ਤੇ ਗੱਲ ਬਾਤ ਕਰਦੇ ਹੋਏ ਦੱਸਿਆ ਕਿ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਹਲੀਮੀ ਦੀ ਮਿਸਾਲ ਨੇ । ਢਾਡੀ ਮਾਨ ਜੀ ਨੇ ਦੱਸਿਆ ਕਿ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸਾਨੂੰ ਕਈ ਵਾਰ ਹਰਿਆਣਾ ਸ਼੍ਰੋਮਣੀ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਬਹੁਤ ਸਾਰੇ ਪ੍ਰੋਗਰਾਮਾਂ ਦੇ ਵਿੱਚ ਸੰਗਤਾਂ ਦੇ ਜੋੜੇ ਝਾੜਨ ਦਾ ਮੌਕਾ ਦਿੱਤਾ ਭਾਵ ਗੁਰੂ ਕੀਆਂ ਸੰਗਤਾਂ ਨੂੰ ਹਰਿ ਜਸ ਨਾਲ ਜੋੜਨ ਵਾਸਤੇ ਬੁਲਾਇਆ ।ਫੋਨ ਤੇ ਗੱਲ ਕਰਦੇ ਹੋਏ ਢਾਡੀ ਜਸਬੀਰ ਸਿੰਘ ਮਾਨ ਜੀ ਨੇ ਦੱਸਿਆ ਕਿ ਜਥੇਦਾਰ ਬਲਜੀਤ ਸਿੰਘ ਜੀ ਦੀ ਹਲੀਮੀ ਬਾ::ਮਿਸਾਲ ਹੈ । ਢਾਡੀ ਜਸਵੀਰ ਸਿੰਘ ਮਾਨ ਜੀ ਨੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਲਈ ਸ਼ਬਦ ਵਰਤੇ ਕਿ " ਪਰਗਟ ਸਿਆ ਬੰਦੇ ਚ ਭੋਰਾ ਵੀ ਹੰਕਾਰ ਨੀ " । ਇਥੇ ਤਾਂ ਜੇ ਕੋਈ ਪਿੰਡ ਦਾ ਪੰਚਾਇਤ ਮੈਂਬਰ ਬਣ ਜਾਵੇ ਨਾ ਤਾਂ ਬੰਦੇ ਨੂੰ ਬੰਦਾ ਸਮਝਣੋ ਹਟ ਜਾਂਦੈ । ਢਾਡੀ ਮਾਨ ਜੀ ਨੇ ਕਿਹਾ ਕਿ ਇਕੱਲਾ ਮੈਂ ਸਿਰਫ ਆਪਣੇ ਸਤਿਕਾਰ ਕਰਨ ਦੀ ਗੱਲ ਨਹੀਂ ਕਰਦਾ ਉਨਾਂ ਕਿਹਾ ਕਿ ਬਹੁਤ ਸਾਰੇ ਪ੍ਰੋਗਰਾਮਾਂ ਦੇ ਵਿੱਚ ਜਿੱਥੇ ਅਸੀਂ ਵੀ ਆਪਣੀ ਢਾਡੀ ਕਲਾ ਸੰਗਤਾਂ ਦੇ ਸਾਹਮਣੇ ਪੇਸ਼ ਕਰਨ ਲਈ ਪਹੁੰਚੇ ਸਾਂ ਉੱਥੇ ਹੋਰ ਵੀ ਬਹੁਤ ਸਾਰੇ ਕਥਾਵਾਚਕ, ਰਾਗੀ ਸਿੰਘ, ਢਾਡੀ ਸਿੰਘ, ਗੁਰੂ ਕੇ ਵਜ਼ੀਰ ਸੰਗਤਾਂ ਨੂੰ ਹਰਿ ਜਸ ਨਾਲ ਜੋੜਨ ਲਈ ਬੁਲਾਏ ਗਏ ਸਨ । ਉਹਨਾਂ ਕਿਹਾ ਕਿ ਸਾਰੇ ਕਥਾਵਾਚਕਾਂ ਢਾਡੀ ਸਿੰਘਾਂ ਰਾਗੀ ਸਿੰਘਾਂ, ਗੁਰੂ ਕੇ ਵਜ਼ੀਰਾਂ ਦਾ ਜਿਸ ਤਰੀਕੇ ਨਾਲ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਸਤਿਕਾਰ ਕਰ ਰਹੇ ਸਨ ਕਿਸੇ ਪਾਸਿਓਂ ਵੀ ਇਹ ਮਹਿਸੂਸ ਨਹੀਂ ਸੀ ਹੋ ਰਿਹਾ ਕਿ ਇਹ ਸਤਿਕਾਰਿਤ ਰੂਹ (ਭਾਵ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ) ਹਰਿਆਣਾ ਸ਼੍ਰੋਮਣੀ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਬੰਧਕ ਨੇ ? ਢਾਡੀ ਮਾਨ ਪੰਥ ਬੁੱਢਾ ਦਲ 96 ਕਰੋੜੀ ਜੀ ਨੇ ਕਿਹਾ ਕਿ ਸੱਚਮੁੱਚ ਇਨੀ ਹਲੀਮੀ ਕਿਸੇ ਸਤਿਕਾਰਿਤ ਰੂਹ ਵਿੱਚ ਉਦੋਂ ਹੀ ਆ ਸਕਦੀ ਹੈ ਜਦੋਂ ਬੰਦਾ ਗੁਰੂ ਦੇ ਰੰਗ ਵਿੱਚ ਰੰਗਿਆ ਹੋਵੇ।





**-ਪਰਗਟ ਸਿੰਘ ਬਲਬੇੜਾ, 9022000070**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
International Newspaper & WEB TV

ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਅਤੇ ਸਿੰਘਾਂ ਸ਼ਹੀਦਾਂ ਦੀ ਸ਼ਹਾਦਤ ਨੂੰ ਸਮਰਪਿਤ ਕੀਤੇ ਜਾ ਰਹੇ ਲੜੀਵਾਰ

# ਮਹਾਨ 'ਸ਼ਫਰ - ਏ - ਸ਼ਹਾਦਤ' ਸਮਾਗਮ ਗੁਰਦੁਆਰਾ ਨਿੰਮ ਸਾਹਿਬ ਕੈਂਥਲ ਵਿਖੇ ਕਰਵਾਏ ਗਏ

## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਨੇ ਸੰਗਤਾਂ ਨਾਲ ਗੁਰਮਤਿ ਵਿਚਾਰ ਸਾਂਝੇ ਕੀਤੇ
















ਕੈਥਲ, 24 ਦਸੰਬਰ (ਆਵਾਜ਼ਿ ਕੌਮ ਬਿਊਰੋ)-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਅਤੇ ਸਿੰਘਾਂ ਸ਼ਹੀਦਾਂ ਦੀ ਸ਼ਹਾਦਤ ਨੂੰ ਸਮਰਪਿਤ ਕੀਤੇ ਜਾ ਰਹੇ ਲੜੀਵਾਰ ਮਹਾਨ 'ਸ਼ਫਰ - ਏ- ਸ਼ਹਾਦਤ' ਸਮਾਗਮ ਗੁਰਦੁਆਰਾ ਨਿੰਮ ਸਾਹਿਬ ਕੈਂਥਲ ਵਿਖੇ 23 ਦਸੰਬਰ ਨੂੰ ਕਰਵਾਏ ਗਏ ਜਿਸ ਵਿੱਚ ਪੰਥ ਪ੍ਰਸਿੱਧ ਕੀਰਤਨੀਏ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ,ਗਿ: ਇੰਦਰਪਾਲ ਸਿੰਘ ਪ੍ਰਚਾਰਕ HSGMC,ਗਿ: ਸਾਹਿਬ ਸਿੰਘ ਜੀ ਚੱਕੂ ਮੁੱਖ ਗ੍ਰੰਥੀ ਗੁਰਦੁਆਰਾ ਮੰਜੀ ਸਾਹਿਬ ਕੈਂਥਲ,ਪੰਥ ਪ੍ਰਸਿੱਧ ਢਾਡੀ ਗਿ: ਸਰੂਪ ਸਿੰਘ ਕੜਿਆਣਾ ਨੇ ਸੰਗਤਾਂ ਨੂੰ ਗੁਰਬਾਣੀ ਗੁਰਇਤਿਹਾਸ ਨਾਲ ਜੋੜਿਆ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਨੇ ਸੰਗਤਾਂ ਨਾਲ ਗੁਰਮਤਿ ਵਿਚਾਰ ਸਾਂਝੇ ਕੀਤੇ ਹਰਿਆਣਾ ਕਮੇਟੀ ਦੇ ਸੀਨੀਅਰ ਮੈਂਬਰ ਸ: ਹਰਪਾਲ ਸਿੰਘ ਕੰਬੋਜ ਅੰਬਾਲਾ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ,ਮੈਂਬਰ ਸ: ਸਤਿੰਦਰ ਸਿੰਘ ਮੰਟਾ ਰਸੀਦਾਂ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਆਜ਼ਾਦ,ਮੈਂਬਰ ਸ: ਕਾਬਲ ਸਿੰਘ ਹਿੰਮਤਪੁਰਾ,ਮੈਂਬਰ ਸ: ਦਵਿੰਦਰ ਸਿੰਘ ਹਾਬੜੀ,ਸਾਬਕਾ ਮੈਂਬਰ ਬੀਬੀ ਬਲਜਿੰਦਰ ਕੌਰ ਚੀਕਾ,ਜਥੇਦਾਰ ਚਰਨ ਸਿੰਘ ਪ੍ਰੇਮਪੁਰਾ ਪ੍ਰਧਾਨ NRI ਵਿੰਗ USA,ਭਾਈ ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ,ਭਾਈ ਗੁਰਪੇਜ ਸਿੰਘ ਇੰਚਾਰਜ ਸਬ ਦਫ਼ਤਰ ਕੁਰੂਕਸ਼ੇਤਰ,ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਸਮੇਤ ਸਿੱਖ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਅਤੇ ਸਿੰਘਾਂ ਸ਼ਹੀਦਾਂ ਦੀ ਸ਼ਹਾਦਤ ਨੂੰ ਸਮਰਪਿਤ ਕੀਤੇ ਜਾ ਰਹੇ ਲੜੀਵਾਰ

# ਮਹਾਨ 'ਸ਼ਫਰ - ਏ - ਸ਼ਹਾਦਤ' ਸਮਾਗਮ ਗੁਰਦੁਆਰਾ ਮੰਜੀ ਬਉਲੀ ਸਾਹਿਬ ਅੰਬਾਲਾ ਵਿਖੇ ਕਰਵਾਏ ਗਏ

## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ


































**ਅੰਬਾਲਾ, 24 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਕੁਰਬਾਨੀ ਨੂੰ ਸਮਰਪਿਤ ਕੀਤੇ ਜਾ ਰਹੇ 'ਸਫਰ-ਏ-ਸ਼ਹਾਦਤ' ਸਮਾਗਮ ਦੀ ਲੜੀ ਤਹਿਤ 22 ਦਸੰਬਰ ਰਾਤ ਗੁਰਦੁਆਰਾ ਮੰਜੀ ਬਉਲੀ ਸਾਹਿਬ ਅੰਬਾਲਾ ਵਿਖੇ ਹੋਏ ਜਿਸ ਵਿੱਚ ਸਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ,ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ,ਢਾਡੀ ਜੱਥਾ ਭਾਈ ਲਖਵਿੰਦਰ ਸਿੰਘ ਪਾਰਸ ਸਮੇਤ ਲੋਕਲ ਜੱਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਗੁਰਇਤਿਹਾਸ ਨਾਲ ਜੋੜਿਆ ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਸੀਨੀਅਰ ਮੀਤ ਪ੍ਰਧਾਨ ਸ਼ੁਦਰਸ਼ਨ ਸਿੰਘ ਅੰਬਾਲਾ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਜ਼ਾਦ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅੰਤ੍ਰਿੰਗ ਮੈਂਬਰ ਸ: ਤਰਵਿੰਦਰਪਾਲ ਸਿੰਘ ਅੰਬਾਲਾ,ਸ.ਪਰਮਜੀਤ ਸਿੰਘ ਕੁਰੂਕਸ਼ੇਤਰ ਅੰਤ੍ਰਿੰਗ ਮੈਂਬਰ,ਮੈਂਬਰ ਸ: ਹਰਪਾਲ ਸਿੰਘ ਕੰਬੋਜ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ,ਮੈਂਬਰ ਸ: ਇੰਦਰਜੀਤ ਸਿੰਘ ਵਾਸੂਦੇਵਾ ਸਾਹਾ ਅੰਬਾਲਾ,ਜਥੇਦਾਰ ਚਰਨ ਸਿੰਘ ਪ੍ਰੇਮਪੁਰਾ ਪ੍ਰਧਾਨ ਐਨ ਆਰ ਆਈ ਵਿੰਗ ਯੂ ਐਸ ਏ,ਸਾਬਕਾ ਮੈਂਬਰ ਸ: ਤਰਵਿੰਦਰਪਾਲ ਸਿੰਘ ਨਾਰਨੌਲ,ਭਾਈ ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ,ਭਾਈ ਗੁਰਭੇਜ ਸਿੰਘ ਇੰਚਾਰਜ ਧਰਮ ਪ੍ਰਚਾਰ ਮੁਖ ਦਫਤਰ ਕੁਰੂਕਸ਼ੇਤਰ,ਮੁੱਖ ਗ੍ਰੰਥੀ ਗਿ: ਸਤਨਾਮ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV




# ਐਸ.ਡੀ.ਓ.ਰਣਜੀਤ ਸਿੰਘ ਦਾ ਜਥੇਬੰਦੀ ਨੇ ਕੀਤਾ ਸਨਮਾਨ

**ਧੂਰੀ ( ਰਣਜੀਤ ਸਿੰਘ ਪੇਧਨੀ )** -ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਡਵੀਜ਼ਨ ਧੂਰੀ ਦੀ ਟੀਮ ਵੱਲੋਂ ਸਟੇਟ ਆਗੂ ਨਪਿੰਦਰ ਸਿੰਘ ਕਾਂਝਲਾ ਦੀ ਅਗਵਾਈ ਵਿੱਚ ਸਵ ਡਵੀਜ਼ਨ ਕਾਂਝਲਾ ਦਾ ਚਾਰਜ ਸੰਭਾਲਣ ਤੇ ਐੱਸ ਡੀ ਓ ਰਣਜੀਤ ਸਿੰਘ ਨੂੰ ਬੁੱਕਾ ਦੇ ਕੇ ਮੁਬਾਰਕਬਾਦ ਦਿੱਤੀ ਗਈ ।ਇਸ ਉਪਰੰਤ ਇੰਜ ਰਾਜਵਿੰਦਰ ਸਿੰਘ ਤੇ ਦਵਿੰਦਰ ਸਿੰਘ ਪੂੰਨਾਵਾਲ (ਪ੍ਰੈਸ ਸਕੱਤਰ ਡਵੀਜ਼ਨ) ਤੇ ਸਵ ਡਵੀਜ਼ਨ ਪ੍ਰਧਾਨ ਕੁਲਦੀਪ ਸਿੰਘ ਰਾਜੋਮਾਜਰਾ, ਸੰਦੀਪ ਸਿੰਘ ਲੱਡਾ ਵੱਲੋਂ ਐੱਸ ਡੀ ਓ ਨਾਲ ਗੱਲਬਾਤ ਕਰਦਿਆਂ ਫੀਲਡ ਸਟਾਫ ਮੁਲਾਜ਼ਮਾਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਜਾਣੂ ਕਰਵਾਇਆ ਗਿਆ। ਐੱਸ ਡੀ ਓ ਰਣਜੀਤ ਸਿੰਘ ਵੱਲੋਂ ਆਗੂਆਂ ਨੂੰ ਭਰੋਸਾ ਦਿਵਾਇਆ ਗਿਆ ਕਿ ਜਲਦ ਮੁਲਾਜ਼ਮਾਂ ਨੂੰ ਆ ਰਹੀਆਂ ਸਮੱਸਿਆਵਾਂ ਦਾ ਹੱਲ ਕਰ ਦਿੱਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV



# 12ਵੀਂ ਪਾਸ ਮੁੰਡਾ ਬਣ ਗਿਆ ਕਰੋੜਪਤੀ, ਵੇਚੀ ਅਜਿਹੀ ਸਕੀਮ ਦੌੜੇ ਆਉਂਦੇ ਸਨ ਲੋਕ

**ਨਵੀਂ ਦਿੱਲੀ, 24 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਇਨ੍ਹੀਂ ਦਿਨੀਂ ਦੇਸ਼ 'ਚ ਆਨਲਾਈਨ ਧੋਖਾਧੜੀ ਦੇ ਮਾਮਲੇ ਤੇਜ਼ੀ ਨਾਲ ਵਧ ਰਹੇ ਹਨ। ਸਾਈਬਰ ਠੱਗ ਨਵੇਂ-ਨਵੇਂ ਤਰੀਕੇ ਅਪਣਾ ਕੇ ਲੋਕਾਂ ਨੂੰ ਠੱਗ ਰਹੇ ਹਨ ਅਤੇ ਭੋਲੇ-ਭਾਲੇ ਲੋਕ ਇਨ੍ਹਾਂ ਦੇ ਜਾਲ ਵਿਚ ਫਸ ਰਹੇ ਹਨ। ਪੁਲਸ ਇਨ੍ਹਾਂ ਠੱਗਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰ ਰਹੀ ਹੈ।ਇਸੇ ਲੜੀ ਦੇ ਤਹਿਤ ਰਾਜਸਥਾਨ ਦੇ ਭੀਲਵਾੜਾ ਜ਼ਿਲ੍ਹੇ ਦੀ ਪੁਲਸ ਨੇ ਇੱਕ ਅਜਿਹੇ ਨੌਜਵਾਨ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਸ ਨੇ ਸਿਰਫ਼ 12ਵੀਂ ਤੱਕ ਪੜ੍ਹਾਈ ਕੀਤੀ ਸੀ ਪਰ ਆਪਣੀ ਧੋਖਾਧੜੀ ਦੀ ਸਕੀਮ ਰਾਹੀਂ ਹਜ਼ਾਰਾਂ ਲੋਕਾਂ ਨੂੰ ਆਪਣਾ ਸ਼ਿਕਾਰ ਬਣਾ ਲਿਆ। ਭੀਲਵਾੜਾ ਜ਼ਿਲ੍ਹੇ ਦੇ ਭੀਮਗੰਜ ਥਾਣਾ ਪੁਲਸ ਨੇ ਇਕ ਨੌਜਵਾਨ ਨੂੰ ਗ੍ਰਿਫ਼ਤਾਰ ਕੀਤਾ ਹੈ, ਜੋ ਕੋਵਿਡ ਤੋਂ ਬਾਅਦ ਡੇਢ ਸਾਲ ਦੇ ਅੰਦਰ ਕਰੋੜਪਤੀ ਬਣ ਗਿਆ। ਉਸ ਨੇ ਲੋਕਾਂ ਨੂੰ 750 ਰੁਪਏ ਕਮਾਉਣ ਦਾ ਲਾਲਚ ਦਿੱਤਾ ਅਤੇ ਸੋਸ਼ਲ ਮੀਡੀਆ 'ਤੇ ਫਰਜ਼ੀ ਅਕਾਊਂਟ ਬਣਾ ਕੇ ਫਰਜ਼ੀ ਵੈੱਬਸਾਈਟਾਂ ਦਾ ਪ੍ਰਚਾਰ ਕੀਤਾ। ਇਸ ਤੋਂ ਬਾਅਦ ਉਹ ਲੋਕਾਂ ਨੂੰ ਘਰ ਬੈਠੇ ਕੰਮ ਕਰਕੇ ਪੈਸੇ ਕਮਾਉਣ ਲਈ ਧੋਖਾ ਦਿੰਦਾ ਸੀ। ਨੌਜਵਾਨ ਨੇ ਦਾਅਵਾ ਕੀਤਾ ਕਿ ਉਹ 750 ਰੁਪਏ 'ਚੋਂ 1200-1500 ਰੁਪਏ ਕਮਾ ਸਕਦਾ ਹੈ। ਪੁਲਸ ਅਨੁਸਾਰ ਮੁਲਜ਼ਮ ਨੌਜਵਾਨ ਦਾ ਨਾਂ ਵਾਹਿਦ ਹੁਸੈਨ ਹੈ, ਜੋ ਅਨਮੋਲ ਨਗਰ ਭੀਲਵਾੜਾ ਦਾ ਰਹਿਣ ਵਾਲਾ ਹੈ। ਇਸ ਧੋਖਾਧੜੀ ਰਾਹੀਂ ਉਸ ਨੇ ਹਜ਼ਾਰਾਂ ਲੋਕਾਂ ਨੂੰ ਫਸਾਇਆ ਅਤੇ ਪੈਸੇ ਜਮ੍ਹਾ ਕਰਵਾਉਣ ਲਈ ਉਕਸਾਇਆ। ਪੁਲਸ ਨੇ ਮੁਲਜ਼ਮਾਂ ਦੇ ਬੈਂਕ ਲੈਣ-ਦੇਣ ਦੀ ਜਾਂਚ ਕੀਤੀ ਤਾਂ ਇੱਕ ਕਰੋੜ ਰੁਪਏ ਤੋਂ ਵੱਧ ਦੇ ਲੈਣ-ਦੇਣ ਦਾ ਖੁਲਾਸਾ ਹੋਇਆ। ਇਸ ਤੋਂ ਇਲਾਵਾ ਮੁਲਜ਼ਮਾਂ ਕੋਲੋਂ 29 ਡੈਬਿਟ ਅਤੇ ਕ੍ਰੈਡਿਟ ਕਾਰਡ, 9 ਸਕੈਨਰ, 11 ਚੈੱਕਬੁੱਕ ਅਤੇ ਪਾਸਬੁੱਕ, 3 ਪੈਨ ਡਰਾਈਵ, 1 ਕਾਰਡ ਰੀਡਰ, 5 ਸਿਮ ਕਾਰਡ ਅਤੇ ਹੋਰ ਕਈ ਦਸਤਾਵੇਜ਼ ਵੀ ਬਰਾਮਦ ਕੀਤੇ ਗਏ ਹਨ। ਇਸ ਪੂਰੇ ਮਾਮਲੇ ਸਬੰਧੀ ਪ੍ਰੋਬੇਸ਼ਨਰ ਆਈਪੀਐੱਸ ਜਤਿਨ ਜੈਨ ਨੇ ਦੱਸਿਆ ਕਿ ਐੱਸਪੀ ਧਰਮਿੰਦਰ ਸਿੰਘ ਦੀ ਅਗਵਾਈ ਵਿੱਚ ਭੀਲਵਾੜਾ ਪੁਲਸ ਨੇ ਅਪਰੇਸ਼ਨ ਐਂਟੀ ਵਾਇਰਲ ਤਹਿਤ ਸਾਈਬਰ ਠੱਗਾਂ 'ਤੇ ਸ਼ਿਕੰਜਾ ਕੱਸਣ ਲਈ ਮੁਹਿੰਮ ਸ਼ੁਰੂ ਕੀਤੀ ਸੀ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243